ਮੰਗਲਵਾਰ, 7 ਜਨਵਰੀ, 2025
24 ਪੋਹ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 218

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • TUESDAY, 7 JANUARY, 2025

ਜਲੰਧਰ

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਰਾਸ਼ਟਰਪਤੀ ਦੀ ਕਿਸਾਨਾਂ ਨੂੰ ਮਿਲਣ ਤੋਂ ਨਾਂਹ

ਚੰਡੀਗੜ੍ਹ : ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਸਮੇਂ ਦੀ ਘਾਟ ਦਾ ਹਵਾਲਾ ਦਿੰਦਿਆਂ ਸੋਮਵਾਰ ਸੰਯੁਕਤ ਕਿਸਾਨ ਮੋਰਚਾ (ਐੱਸ ਕੇ ਐੱਮ) ਦੇ ਆਗੂਆਂ ਨਾਲ ਮੁਲਾਕਾਤ ਕਰਨ ਤੋਂ ਇਨਕਾਰ ਕਰ ਦਿੱਤਾ। ਐੱਸ ਕੇ ਐੱਮ ਦੇ ਆਗੂਆਂ ਨੇ ਕਿਸਾਨਾਂ ਤੇ ਮਜ਼ਦੂਰਾਂ ਨਾਲ ਸੰਬੰਧਤ ਮੁੱਦਿਆਂ ਨੂੰ ਸੁਲਝਾਉਣ ਲਈ ਰਾਸ਼ਟਰਪਤੀ ਨੂੰ ਪੱਤਰ ਲਿਖ ਕੇ ਮੁਲਾਕਾਤ ਕਰਨ ਲਈ ਸਮਾਂ ਮੰਗਿਆ ਸੀ। ਹਾਲਾਂਕਿ, ਐੱਸ ਕੇ ਐੱਮ ਆਗੂਆਂ ਨੇ ਰਾਸ਼ਟਰਪਤੀ ਵੱਲੋਂ ਕਿਸਾਨਾਂ ਨੂੰ ਮੁਲਾਕਾਤ ਲਈ ਸਮਾਂ ਨਾ ਦੇਣ 'ਤੇ ਅਫਸੋਸ ਜ਼ਾਹਰ ਕੀਤਾ ਹੈ, ਪਰ ਨਾਲ ਹੀ ਉਨ੍ਹਾਂ ਦੀ ਮੰਗ 'ਤੇ ਵਿਚਾਰ ਕਰਨ ਅਤੇ ਲਿਖਤੀ ਜਵਾਬ ਦੇਣ ਲਈ ਰਾਸ਼ਟਰਪਤੀ ਦੀ ਸ਼ਲਾਘਾ ਵੀ ਕੀਤੀ ਹੈ। ਐੱਸ ਕੇ ਐੱਮ ਦੇ ਆਗੂਆਂ ਨੇ ਆਸ ਪ੍ਰਗਟਾਈ ਕਿ ਰਾਸ਼ਟਰਪਤੀ ਭਵਨ ਵੱਲੋਂ ਕਿਸਾਨਾਂ ਦੀ ਮੁਲਾਕਾਤ ਲਈ ਸਮਾਂ ਦੇਣ ਸੰਬੰਧੀ ਮੰਗ 'ਤੇ ਮੁੜ ਤੋਂ ਵਿਚਾਰ ਕੀਤਾ ਜਾਵੇਗਾ।

ਸੁਪਰੀਮ ਕੋਰਟ ਦੀ ਕਮੇਟੀ ਵੱਲੋਂ ਇਲਾਜ ਦਾ ਸੁਝਾਅ ਡੱਲੇਵਾਲ ਨਹੀਂ ਮੰਨੇ

ਪਟਿਆਲਾ (ਰਾਜਿੰਦਰ ਸਿੰਘ ਥਿੰਦ) ਕਿਸਾਨੀ ਮਸਲਿਆਂ ਨੂੰ ਘੋਖਣ ਲਈ ਸੁਪਰੀਮ ਕੋਰਟ ਵੱਲੋਂ ਸੇਵਾਮੁਕਤ ਜੱਜ ਜਸਟਿਸ ਨਾਇਬ ਸਿੰਘ ਦੀ ਅਗਵਾਈ ਹੇਠ ਗਠਤ ਕੀਤੀ ਗਈ ਉੱਚ ਤਾਕਤੀ ਕਮੇਟੀ ਨੇ ਢਾਬੀ ਗੁੱਜਰਾਂ ਬਾਰਡਰ 'ਤੇ ਸੋਮਵਾਰ ਬਾਅਦ ਦੁਪਹਿਰ ਮਰਨ ਵਰਤ 'ਤੇ ਚੱਲ ਰਹੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨਾਲ ਮੀਟਿੰਗ ਕੀਤੀ। ਕਮੇਟੀ ਨੇ ਡੱਲੇਵਾਲ ਨੂੰ ਇਲਾਜ ਕਰਵਾਉਣ ਜਾਂ ਫਿਰ ਹਲਕੀ ਮੈਡੀਕਲ ਡੋਜ਼ ਲੈਣ ਦੀ ਬੇਨਤੀ ਕੀਤੀ, ਜਿਸ ਨੂੰ ਕਿਸਾਨ ਆਗੂ ਨੇ ਨਕਾਰ ਦਿੱਤਾ।

ਡੱਲੇਵਾਲ ਨੇ ਕਮੇਟੀ ਨੂੰ ਇਹ ਯਕੀਨੀ ਬਣਾਉਣ ਦੀ ਬੇਨਤੀ ਕੀਤੀ ਕਿ ਸੁਪਰੀਮ ਕੋਰਟ ਕੇਂਦਰ ਸਰਕਾਰ ਨੂੰ ਹਦਾਇਤਾਂ ਜਾਰੀ ਕਰੇ, ਤਾਂ ਜੋ ਦੇਸ਼ ਦੇ ਲੱਖਾਂ ਕਿਸਾਨਾਂ ਦੀਆਂ ਜਾਨਾਂ ਬਚਾਈਆਂ ਜਾ ਸਕਣ। ਬਾਅਦ 'ਚ ਕਮੇਟੀ ਮੈਂਬਰਾਂ ਨੇ ਕਿਸਾਨ ਮੋਰਚੇ 'ਚ ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ ਦੇ ਮੱਦੇਨਜ਼ਰ ਤਿਆਰ ਕੀਤਾ ਗਿਆ ਲੰਗਰ ਵੀ ਛਕਿਆ।

ਜਸਟਿਸ ਨਵਾਬ ਸਿੰਘ ਦੀ ਅਗਵਾਈ ਵਾਲੀ ਕਮੇਟੀ 'ਚ ਸਾਬਕਾ ਡੀ ਜੀ ਪੀ ਬੀ ਐੱਸ ਸੰਧੂ, ਅਰਥ ਸ਼ਾਸਤਰੀ ਆਰ ਐੱਸ ਘੁੰਮਣ, ਖੇਤੀ ਮਾਹਰ ਦਵਿੰਦਰ ਸ਼ਰਮਾ ਅਤੇ ਪੰਜਾਬ ਕਿਸਾਨ ਕਮਿਸ਼ਨ ਦੇ ਚੇਅਰਮੈਨ ਸੁਖਪਾਲ ਸਿੰਘ ਸ਼ਾਮਲ ਹਨ। ਇਸ ਮੌਕੇ ਪੰਜਾਬ ਦੇ ਸੀਨੀਅਰ ਸਿਵਲ ਤੇ ਪੁਲਸ ਅਧਿਕਾਰੀ ਵੀ ਮੌਜੂਦ ਸਨ। ਮੀਟਿੰਗ 'ਚ ਹਾਜ਼ਰ ਰਹੇ ਸੇਵਾਮੁਕਤ ਡੀ ਆਈ ਜੀ ਨਰਿੰਦਰ ਭਾਰਗਵ ਦਾ ਕਹਿਣਾ ਸੀ ਕਿ ਇਹ ਹਾਂ-ਪੱਖੀ ਕਦਮ ਹੈ ਅਤੇ ਆਸ ਹੈ ਕਿ ਗੁਰਪੁਰਬ ਮੌਕੇ ਹੋਈ ਇਹ ਸ਼ੁਰੂਆਤ ਕਿਸਾਨਾਂ ਅਤੇ ਸਰਕਾਰ ਦਰਮਿਆਨ ਗੱਲਬਾਤ ਦਾ ਪੁਲ ਸਾਬਤ ਹੋਵੇਗੀ।

ਇਸ ਤੋਂ ਪਹਿਲਾਂ ਸੁਪਰੀਮ ਕੋਰਟ 'ਚ ਪੰਜਾਬ ਸਰਕਾਰ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਕ ਿ ਪ ਲ ● ਬਾਕੀ ਸਫ਼ਾ 2 'ਤੇ

ਮਾਰਕਸਵਾਦ ਤੇ ਅੰਬੇਡਕਰਵਾਦ ਦੀ ਸਾਂਝ ਦੇਸ਼ ਦੇ ਸੁਲੱਖਣੇ ਭਵਿੱਖ ਲਈ ਸਹਾਈ ਹੋਵੇਗੀ : ਡੀ ਰਾਜਾ

ਡੀ ਰਾਜਾ ਰੈਲੀ ਨੂੰ ਸੰਬੋਧਨ ਕਰਦੇ ਹੋਏ। ਮੰਚ 'ਤੇ ਵੀ ਐੱਸ ਨਿਰਮਲ ਤੇ ਹੋਰ ਆਗੂ। (ਸੱਜੇ) ਇਪਟਾ ਦੀ ਟੀਮ ਇਨਕਲਾਬੀ ਗੀਤ ਪੇਸ਼ ਕਰਦੀ ਹੋਈ।

ਹੈਦਰਾਬਾਦ (ਗਿਆਨ ਸੈਦਪੁਰੀ) 'ਮਾਰਕਸਵਾਦ ਅਤੇ ਅੰਬੇਡਕਰਵਾਦ ਦੀ ਸਾਂਝ ਭਾਰਤ ਦੇ ਭਵਿੱਖ ਨੂੰ ਸੁਲੱਖਣਾ ਕਰਨ ਲਈ ਸਹਾਈ ਸਿੱਧ ਹੋਵੇਗੀ।' ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੇ ਜਨਰਲ ਸਕੱਤਰ ਡੀ. ਰਾਜਾ ਨੇ ਕੀਤਾ। ਉਹ ਇੱਥੇ 'ਕੁਲ ਹਿੰਦ ਦਲਿਤ ਅਧਿਕਾਰ ਅੰਦੋਲਨ' ਦੀ ਦੂਸਰੀ ਕੌਮੀ ਕਾਨਫਰੰਸ ਦੌਰਾਨ ਇੰਦਰਾ ਪਾਰਕ ਵਿੱਚ ਹੋਈ ਵੱਡੀ ਰੈਲੀ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾ ਕਿਹਾ ਕਿ ਇਸ ਸਮੇਂ ਭਾਰਤ ਬੜੇ ਹੀ ਨਾਜ਼ਕ ਦੌਰ ਵਿੱਚੋਂ ਗੁਜ਼ਰ ਰਿਹਾ ਹੈ। ਸੰਵਿਧਾਨ ਨੂੰ ਖਤਮ ਕੀਤਾ ਜਾ ਰਿਹਾ ਹੈ। ਦਲਿਤਾਂ ਅਤੇ ਆਦਿਵਾਸੀਆਂ ਨਾਲ ਪਹਿਲਾਂ ਤੋਂ ਹੋ ਰਹੇ ਅੱਤਿਆਚਾਰ ਅਤੇ ਵਿਤਕਰੇ ਦੇ ਵਰਤਾਰੇ ਵਿੱਚ ਹੋਰ ਵਾਧਾ ਹੋ ਰਿਹਾ ਹੈ। ਇਸ ਲਈ ਇਨ੍ਹਾਂ ਸਮਿਆਂ ਅੰਦਰ ਮਾਰਕਸ ਅਤੇ ਡਾ. ਅੰਬੇਡਕਰ ਦੇ ਮਨੁੱਖਵਾਦੀ ਫ਼ਲਸਫ਼ੇ ਨੂੰ ਲਾਗੂ ਕਰਵਾਉਣ ਲਈ ਦੋਵਾਂ ਦੀ ਸਾਂਝ ਜ਼ਰੂਰੀ ਹੈ। ਇਹ ਸਾਂਝ ਭਾਰਤ ਦੇ ਚਿਹਰੇ ਨੂੰ ਉਜਲਾ ਕਰੇਗੀ। ਡੀ. ਰਾਜਾ ਨੇ ਕਮਿਊਨਿਸਟ ਪਾਰਟੀ ਦੇ ਸੌ ਵਰ੍ਹੇ ਪੂਰੇ ਕਰਨ ਦੇ ਸੰਦਰਭ ਵਿੱਚ ਗੱਲ ਕਰਦਿਆਂ ਕਿਹਾ ਕਿ 1925 ਵਿੱਚ ਜਨਮ ਲੈਣ ਵਾਲੀ ਪਾਰਟੀ ਦੇ ਪਹਿਲੇ ਚੇਅਰਮੈਨ ਕਾਮਰੇਡ ਸੰਘੇਰਵੇਲੂ ਸਨ। ਉਹ ਉੱਚ ਦੁਮਾਲੜੇ ਆਗੂ ਸਨ ਤੇ ਉਹੀ ਪਹਿਲੇ ਸਨ, ਜਿਨ੍ਹਾ ਛੂਤ-ਛਾਤ ਵਿਰੁੱਧ ਗੰਭੀਰ ਚਿਤਾਵਨੀ ਦਿੱਤੀ ਸੀ। ਓਦੋਂ ਤੋਂ ਲੈ ਕੇ ਹੁਣ ਤੱਕ ਸੀ ਪੀ ਆਈ ਦਲਿਤਾਂ, ਆਦਿਵਾਸੀਆਂ ਅਤੇ ਹੋਰ ਥੁੜ੍ਹਾਂ ਮਾਰੇ ਲੋਕਾਂ ਲਈ ਸੰਘਰਸ਼ ਕਰ ਰਹੀ ਹੈ। ਹੁਣ ਇਸ ਵਿੱਚ ਹੋਰ ਸੰਜੀਦਾ ਹੋਣ ਦੀ ਲੋੜ ਹੈ। ਉਨ੍ਹਾ ਕਿਹਾ ਕਿ ਭਾਰਤ ਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਲੋਕਾਂ ਨੂੰ 'ਡਿਜੀਟਲ ਇੰਡੀਆ' ਅਤੇ ਵਿਸ਼ਵ ● ਬਾਕੀ ਸਫ਼ਾ 2 'ਤੇ

ਨਕਸਲੀਆਂ ਨੇ ਵਾਹਨ ਉਡਾਇਆ, 8 ਜਵਾਨਾਂ ਤੇ ਡਰਾਈਵਰ ਦੀ ਮੌਤ

ਬੀਜਾਪੁਰ : ਛੱਤੀਸਗੜ੍ਹ ਦੇ ਨਕਸਲ ਪ੍ਰਭਾਵਤ ਬੀਜਾਪੁਰ ਜ਼ਿਲ੍ਹੇ 'ਚ ਨਕਸਲੀਆਂ ਨੇ ਸੋਮਵਾਰ ਬਾਰੂਦੀ ਸੁਰੰਗ ਦਾ ਧਮਾਕਾ ਕਰ ਕੇ ਸੁਰੱਖਿਆ ਬਲਾਂ ਦੇ ਵਾਹਨ ਨੂੰ ਉਡਾ ਦਿੱਤਾ, ਜਿਸ ਨਾਲ 8 ਜਵਾਨਾਂ ਸਣੇ 9 ਵਿਅਕਤੀਆਂ ਦੀ ਮੌਤ ਹੋ ਗਈ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਜ਼ਿਲ੍ਹੇ ਦੇ ਕੁਟਰੂ ਥਾਣਾ ਖੇਤਰ ਅਧੀਨ ਅੰਬੇਲੀ ਪਿੰਡ ਦੇ ਨੇੜੇ ਨਕਸਲੀਆਂ ਨੇ ਬਾਰੂਦੀ ਸੁਰੰਗ 'ਚ ਧਮਾਕਾ ਕੀਤਾ। ਇਸ ਘਟਨਾ 'ਚ ਦਾਂਤੇਵਾੜਾ ਡਿਸਟ੍ਰਿਕਟ ਰਿਜ਼ਰਵ ਗਾਰਡ (ਡੀ ਆਰ ਜੀ) ਦੇ 8 ਜਵਾਨ ਸ਼ਹੀਦ ਹੋ ਗਏ ਅਤੇ ਵਾਹਨ ਚਾਲਕ ਦੀ ਵੀ ਮੌਤ ਹੋ ਗਈ ਹੈ। ਅਧਿਕਾਰੀਆਂ ਨੇ ਦੱਸਿਆ ਕਿ ਦਾਂਤੇਵਾੜਾ, ਨਾਰਾਇਣਪੁਰਾ ਤੇ ਬੀਜਾਪੁਰ ਜ਼ਿਲ੍ਹਿਆਂ ਦੀ ਸਾਂਝੀ ਟੀਮ ਨੂੰ ਨਕਸਲ ਵਿਰੋਧੀ ਮੁਹਿੰਮ ਲਈ ਰਵਾਨਾ ਕੀਤਾ ਗਿਆ ਸੀ। ਟੀਮ ਜਦੋਂ ਮੁਹਿੰਮ ਤੋਂ ਵਾਪਸ ਪਰਤ ਰਹੀ ਸੀ ਤਾਂ ਦੁਪਹਿਰ ਕਰੀਬ 2.15 ਵਜੇ ਕੁਟਰੂ ਥਾਣਾ ਖੇਤਰ ਅਧੀਨ ਅੰਬੇਲੀ ਪਿੰਡ ਨੇੜੇ ਨਕਸਲੀਆਂ ਨੇ ਬਾਰੂਦੀ ਸੁਰੰਗ 'ਚ ਧਮਾਕਾ ਕਰ ਕੇ ਵਾਹਨ ਨੂੰ ਉਡਾ ਦਿੱਤਾ। 26 ਅਪਰੈਲ 2023 ਨੂੰ ਗੁਆਂਢੀ ਦਾਂਤੇਵਾੜਾ ਜ਼ਿਲ੍ਹੇ 'ਚ ਸੁਰੱਖਿਆ ਮੁਲਾਜ਼ਮਾਂ ਨੂੰ ਲੈ ਕੇ ਜਾ ਰਹੇ ਇਕ ਐੱਮ ਯੂ ਵੀ ਨੂੰ ਨਕਸਲੀਆਂ ਨੇ ਬੰਬ ਨਾਲ ਉਡਾ ਦਿੱਤਾ ਸੀ। ਇਸ ਘਟਨਾ 'ਚ 10 ਪੁਲਸ ਮੁਲਾਜ਼ਮਾਂ ਤੇ ਇਕ ਚਾਲਕ ਦੀ ਮੌਤ ਹੋ ਗਈ ਸੀ।

ਅਕਾਲੀ ਦਲ ਅਸਤੀਫੇ ਪ੍ਰਵਾਨ ਕਰਨ 'ਚ ਆਨਾਕਾਨੀ ਨਾ ਕਰੇ : ਗਿਆਨੀ ਰਘਬੀਰ ਸਿੰਘ

ਗਿਆਨੀ ਹਰਪ੍ਰੀਤ ਸਿੰਘ ਦਾ ਮਾਮਲਾ ਐੱਸ ਜੀ ਪੀ ਸੀ ਅਕਾਲ ਤਖਤ ਹਵਾਲੇ ਕਰੇ

ਅੰਮ੍ਰਿਤਸਰ : ਸ੍ਰੀ ਅਕਾਲ ਤਖਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਨਸੀਹਤ ਦਿੱਤੀ ਹੈ ਕਿ ਉਹ ਸ੍ਰੀ ਅਕਾਲ ਤਖਤ ਤੋਂ ਪੰਜ ਸਿੰਘ ਸਾਹਿਬਾਨ ਵੱਲੋਂ ਜਾਰੀ ਕੀਤੇ ਗਏ ਹੁਕਮਾਂ ਦੀ ਪਾਲਣਾ ਕਰਨ 'ਚ ਆਨਾਕਾਨੀ ਨਾ ਕਰੇ। ਇਸ ਦੇ ਨਾਲ ਹੀ ਉਨ੍ਹਾ ਗਿਆਨੀ ਹਰਪ੍ਰੀਤ ਸਿੰਘ ਖਿਲਾਫ ਸ਼ਿਕਾਇਤ ਦਾ ਮਾਮਲਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧਿਕਾਰ ਖੇਤਰ ਹੇਠ ਨਾ ਆਉਣ ਦਾ ਦਾਅਵਾ ਕਰਦਿਆਂ ਜਾਂਚ ਅਕਾਲ ਤਖਤ ਨੂੰ ਸੌਂਪਣ ਦੀ ਗੱਲ ਵੀ ਕਹੀ ਹੈ। ਇਸ ਦੌਰਾਨ ਉਨ੍ਹਾ ਸੋਮਵਾਰ ਇੱਥੇ ਸਿੱਖ ਸੰਗਤ ਨੂੰ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ। ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਸ੍ਰੀ ਅਕਾਲ ਤਖਤ ਦੀ ਫਸੀਲ ਤੋਂ ਸੁਣਾਏ ਗਏ ਪੰਜ ਸਿੰਘ ਸਾਹਿਬਾਨ ਦੇ ਫੈਸਲੇ ਨੂੰ ਪੂਰਾ ਕਰਨਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਅਕਾਲੀ ਦਲ ਨੂੰ ਸੁਖਬੀਰ ਸਿੰਘ ਬਾਦਲ ਅਤੇ ਹੋਰ ਆਗੂਆਂ ਦੇ ਅਸਤੀਫਿਆਂ ਨੂੰ ਪ੍ਰਵਾਨ ਕਰਨ 'ਚ ਆਨਾਕਾਨੀ ਨਹੀਂ ਕਰਨੀ ਚਾਹੀਦੀ ਹੈ।

ਸ੍ਰੀ ਅਕਾਲ ਤਖਤ ਤੋਂ ਗਿਆਨੀ ਰਘਬੀਰ ਸਿੰਘ ਸਣੇ ਪੰਜ ਸਿੰਘ ਸਾਹਿਬਾਨ ਵੱਲੋਂ 2 ਦਸੰਬਰ ਨੂੰ ਸੁਖਬੀਰ ਸਿੰਘ ਬਾਦਲ ਤੇ ਹੋਰ ਅਕਾਲੀ ਆਗੂਆਂ ਨੂੰ ਤਨਖਾਹ ਲਗਾਈ ਗਈ ਸੀ। ਇਸ ਤਹਿਤ ਸ਼੍ਰੋਮਣੀ ਅਕਾਲੀ ਦਲ ਦੀ ਵਰਕਿੰਗ ਕਮੇਟੀ ਨੂੰ ਆਦੇਸ਼ ਕੀਤਾ ਗਿਆ ਸੀ ਕਿ ਉਹ ਸੁਖਬੀਰ ਸਿੰਘ ਬਾਦਲ ਸਣੇ ਹੋਰਨਾਂ ਦੇ ਅਸਤੀਫੇ ਪ੍ਰਵਾਨ ਕਰੇ ਅਤੇ ਤਿੰਨ ਦਿਨਾਂ ਦੇ ਅੰਦਰ ਇਸ ਦੀ ਰਿਪੋਰਟ ਅਕਾਲ ਤਖਤ ਨੂੰ ਭੇਜੀ ਜਾਵੇ ਪਰ ਅਜਿਹਾ ਨਹੀਂ ਹੋਇਆ।

ਉਸ ਵੇਲੇ ਅਕਾਲੀ ਦਲ ਦੇ ਤਰਜਮਾਨ ਡਾ. ਦਲਜੀਤ ਸਿੰਘ ਚੀਮਾ ਨੇ ਦਾਅਵਾ ਕੀਤਾ ਸੀ ਕਿ ਇਸ ਮਾਮਲੇ 'ਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਜਥੇਦਾਰ ਕੋਲੋਂ 20 ਦਿਨਾਂ ਦਾ ਸਮਾਂ ਹੋਰ ਮੰਗਿਆ ਗਿਆ ਹੈ ਅਤੇ ਤਨਖਾਹ ਪੂਰੀ ਹੋਣ ਮਗਰੋਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਇਸ ਫੈਸਲੇ 'ਤੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ। ਹੁਣ ਇਹ ਸਮਾਂ ਵੀ ਪੂਰਾ ਹੋ ਚੁੱਕਾ ਹੈ ਪਰ ਅਜੇ ਤੱਕ ਸ਼੍ਰੋਮਣੀ ਅਕਾਲੀ ਦਲ ਦੀ ਵਰਕਿੰਗ ਕਮੇਟੀ ਵੱਲੋਂ ਸੁਖਬੀਰ ਸਿੰਘ ਬਾਦਲ ਸਮੇਤ ਹੋਰਨਾਂ ਦੇ ਅਸਤੀਫੇ ਪ੍ਰਵਾਨ ਕਰਕੇ ਇਸ ਸੰਬੰਧੀ ਰਿਪੋਰਟ ਅਕਾਲ ਤਖਤ 'ਤੇ ਨਹੀਂ ਭੇਜੀ ਗਈ ਹੈ। ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਖਿਲਾਫ ਆਈ ਸ਼ਿਕਾਇਤ ਦੇ ਮਾਮਲੇ 'ਚ ਜਾਂਚ ਲਈ ਸ਼੍ਰੋਮਣੀ ਕਮੇਟੀ ਵੱਲੋਂ ਬਣਾਈ ਗਈ ਤਿੰਨ ਮੈਂਬਰੀ ਕਮੇਟੀ ਦੇ ਮਾਮਲੇ 'ਚ ਵੀ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਇਹ ਮਾਮਲਾ ਸ਼੍ਰੋਮਣੀ ਕਮੇਟੀ ਦੇ ਅਧਿਕਾਰ ਖੇਤਰ ਹੇਠ ਨਹੀਂ ਆਉਂਦਾ ਹੈ ਅਤੇ ਇਸ ਦੀ ਜਾਂਚ ਅਕਾਲ ਤਖਤ ਨੂੰ ਸੌਂਪੀ ਜਾਣੀ ਚਾਹੀਦੀ ਹੈ। ਉਨ੍ਹਾ ਕਿਹਾ ਕਿ ਇਸ ਮੁੱਦੇ 'ਤੇ ਉਹ ਸ਼੍ਰੋਮਣੀ ਕਮੇਟੀ ਕੋਲ ਪਹਿਲਾਂ ਹੀ ਆਪਣੀ ਨਾਰਾਜ਼ਗੀ ਜ਼ਾਹਰ ਕਰ ਚੁੱਕੇ ਹਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤਰਿਗ ਕਮੇਟੀ ਵੱਲੋਂ 19 ਦਸੰਬਰ ਨੂੰ ਗਿਆਨੀ ਹਰਪ੍ਰੀਤ ਸਿੰਘ ਦੀਆਂ ਸੇਵਾਵਾਂ 'ਤੇ ਅਸਥਾਈ ਤੌਰ 'ਤੇ ਰੋਕ ਲਗਾ ਦਿੱਤੀ ਗਈ ਸੀ ਅਤੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਹੈੱਡ ਗ੍ਰੰਥੀ ਨੂੰ ਇਹ ਸੇਵਾਵਾਂ ਸੌਂਪ ਦਿੱਤੀਆਂ ਗਈਆਂ ਸਨ। ਇਹ ਕਾਰਵਾਈ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਖਿਲਾਫ ਉਨ੍ਹਾ ਦੇ ਇੱਕ ਰਿਸ਼ਤੇਦਾਰ ਵੱਲੋਂ ਕੀਤੀ ਗਈ ਸ਼ਿਕਾਇਤ ਦੇ ਆਧਾਰ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਕੀਤੀ ਗਈ ਸੀ।

ਸ਼੍ਰੋਮਣੀ ਕਮੇਟੀ ਵੱਲੋਂ ਇਸ ਮਾਮਲੇ 'ਚ ਤਿੰਨ ਮੈਂਬਰੀ ਜਾਂਚ ਕਮੇਟੀ ਬਣਾਈ ਗਈ ਸੀ ਅਤੇ 15 ਦਿਨਾਂ ਦੇ ਅੰਦਰ ਜਾਂਚ ਰਿਪੋਰਟ ਮੰਗੀ ਗਈ ਸੀ। ਬਾਅਦ 'ਚ ਸ਼੍ਰੋਮਣੀ ਕਮੇਟੀ ਨੇ ਜਾਂਚ ਕਮੇਟੀ ਨੂੰ ਜਾਂਚ ਦਾ ਦਿੱਤਾ ਸਮਾਂ ਵਧਾ ਕੇ ਇੱਕ ਮਹੀਨੇ ਦਾ ਕਰ ਦਿੱਤਾ ਸੀ। ਇਸ ਮਾਮਲੇ 'ਚ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਪੰਜ ਪਿਆਰਿਆਂ ਦੀ ਹਾਜ਼ਰੀ 'ਚ ਅਤੇ ਗੁਰੂ ਦੀ ਹਜ਼ੂਰੀ 'ਚ ਦੋਸ਼ਾਂ ਨੂੰ ਰੱਦ ਕਰ ਚੁੱਕੇ ਹਨ।

ਮੁੱਖ ਮੰਤਰੀ ਨੇ ਗੁਰਦੁਆਰਾ ਭੱਠਾ ਸਾਹਿਬ ਵਿਖੇ ਮੱਥਾ ਟੇਕਿਆ

ਭੱਠਾ ਸਾਹਿਬ (ਰੋਪੜ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਗੁਰੂ ਸਾਹਿਬ ਵੱਲੋਂ ਦਰਸਾਏ ਮਾਰਗ ਉੱਪਰ ਚੱਲਦਿਆਂ ਨਵੇਂ ਜੋਸ਼, ਲਗਨ, ਸਮਰਪਣ ਅਤੇ ਵਚਨਬੱਧਤਾ ਨਾਲ ਸੂਬੇ ਦੀ ਸੇਵਾ ਕਰਨ ਦਾ ਪ੍ਰਣ ਲਿਆ।ਗੁਰਦੁਆਰਾ ਭੱਠਾ ਸਾਹਿਬ ਵਿਖੇ ਮੱਥਾ ਟੇਕਣ ਉਪਰੰਤ ਮੁੱਖ ਮੰਤਰੀ ਨੇ ਕਿਹਾ ਕਿ ਮਹਾਨ ਸਿੱਖ ਗੁਰੂ ਨੇ ਸਾਨੂੰ ਜਬਰ-ਜ਼ੁਲਮ ਤੇ ਬੇਇਨਸਾਫ਼ੀ ਵਿਰੁੱਧ ਲੜਨ ਦਾ ਉਪਦੇਸ਼ ਦਿੱਤਾ ਸੀ। ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਸਮਾਜ ਦੇ ਹਰ ਵਰਗ ਦੀ ਭਲਾਈ ਨੂੰ ਯਕੀਨੀ ਬਣਾ ਰਹੀ ਹੈ।

ਰਮੇਸ਼ ਕੌਸ਼ਲ ਨੂੰ ਸਦਮਾ, ਭਰਜਾਈ ਦਾ ਦੇਹਾਂਤ

ਲੁਧਿਆਣਾ (ਐੱਮ ਐੱਸ ਭਾਟੀਆ, ਰੈਕਟਰ ਕਥੂਰੀਆ)-ਸੀ ਪੀ ਐੱਮ ਦੇ ਸੀਨੀਅਰ ਆਗੂ ਅਤੇ ਬਜ਼ੁਰਗ ਪੱਤਰਕਾਰ ਰਮੇਸ਼ ਕੌਸ਼ਲ ਨੂੰ ਉਸ ਸਮੇਂ ਡੂੰਘਾ ਸਦਮਾ ਲੱਗਾ,

7-JAN-PAGE-1.qxd 1/6/2025 9:15 PM Page 2

ਟਰਾਂਸਪੋਰਟ ਵਿਭਾਗਾਂ ਦੇ ਕੱਚੇ ਮੁਲਾਜ਼ਮਾਂ ਨੂੰ ਕੱਚੀ-ਪਿੱਲੀ ਪਾਲਸੀ ਨਹੀਂ ਮਨਜ਼ੂਰ : ਗਰੇਵਾਲ

■ ਮੁੱਖ ਮੰਤਰੀ ਦੇ ਆਦੇਸ਼ ਦੀ ਟਰਾਂਸਪੋਰਟ ਮੰਤਰੀ ਤੇ ਮੈਨੇਜਮੈਂਟ ਵੱਲੋਂ ਅਣਦੇਖੀ : ਮਨੇਸ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਪੰਜਾਬ ਰੋਡਵੇਜ਼ ਪਨਬਸ/ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਦੀ ਹੜਤਾਲ ਦੇ ਪਹਿਲੇ ਦਿਨ ਬਠਿੰਡਾ ਡਿੱਪੂ ਵਿੱਚ ਬੋਲਦਿਆਂ ਸੂਬਾ ਮੀਤ ਪ੍ਰਧਾਨ ਸੰਦੀਪ ਗਰੇਵਾਲ, ਡਿੱਪੂ ਪ੍ਰਧਾਨ ਰਵਿੰਦਰ ਬਰਾੜ ਨੇ ਦੱਸਿਆ ਕਿ ਪਿਛਲੇ 2 ਜਨਵਰੀ ਨੂੰ ਟਰਾਂਸਪੋਰਟ ਮੰਤਰੀ ਪੰਜਾਬ ਵੱਲੋਂ ਖ਼ਾਨਾਪੂਰਤੀ ਲਈ ਮੀਟਿੰਗ ਕੀਤੀ ਗਈ ਟਰਾਂਸਪੋਰਟ ਮੰਤਰੀ ਪੰਜਾਬ ਵੱਲੋਂ ਟਰਾਂਸਪੋਰਟ ਦੀਆਂ ਵੱਖ-ਵੱਖ ਜੰਥੇਬੰਦੀਆਂ ਨੂੰ ਮੀਟਿੰਗ ਵਿੱਚ ਸ਼ਾਮਲ ਕਰਕੇ ਟਰਾਂਸਪੋਰਟ ਦੇ ਮੁਲਾਜ਼ਮਾਂ ਨੂੰ 10 ਸਾਲ ਵਾਲੀ ਡਾਊਨ ਕੇਡਰ ਦੀ ਪਾਲਸੀ ਨੂੰ ਲਾਗੂ ਕਰਨ ਦੇ ਲਈ ਜਬਰੀ ਹਾਮੀ ਭਰਵਾਉਣ ਦੀ ਕੋਸ਼ਿਸ਼ ਕੀਤੀ ਗਈ, ਜਿਸ ਵਿੱਚ ਕੋਈ ਵੀ ਟਰਾਂਸਪੋਰਟ ਦੇ ਪੱਕੇ ਮੁਲਾਜ਼ਮ ਨੂੰ ਮਿਲਣ ਵਾਲੀਆਂ ਵਿਸ਼ੇਸ਼ ਸਹੂਲਤ ਨਹੀਂ ਹਨ। ਜੰਥੇਬੰਦੀ ਵੱਲੋਂ ਕਿਹਾ ਗਿਆ ਕਿ ਸਾਨੂੰ ਸਾਡੇ ਵਿਭਾਗ ਦੇ ਸਰਵਿਸ ਰੂਲਾ ਤਹਿਤ ਪੱਕਾ ਕੀਤਾ ਜਾਵੇ ਨਾ ਕਿ ਇਸ ਕੱਚੀ ਪਿੱਲੀ ਪਾਲਸੀ ਦੇ ਤਹਿਤ ਲਗਭਗ 1 ਸਾਲ ਤੋਂ ਜਥੇਬੰਦੀ ਇਸ ਪਾਲਸੀ ਨੂੰ ਲੈ ਕੇ ਸਰਕਾਰ ਨਾਲ ਲਗਾਤਾਰ ਮੀਟਿੰਗ ਕਰਦੀ ਆ ਰਹੀ ਹਰ ਵਾਰੀ ਸਰਕਾਰ ਵੱਲੋਂ ਟਾਲ ਮਟੋਲ ਕਰਕੇ ਸਮਾਂ ਟਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਲੱਗਭੱਗ 1 ਸਾਲ ਤੋਂ ਇਹ ਹੀ ਚੱਲ ਰਿਹਾ ਹੈ। ਜਥੇਬੰਦੀ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਵਾਰ ਵਾਰ ਸੰਘਰਸ਼ ਕੀਤੇ ਜਾ ਰਹੀ ਹਨ, ਪੰਤੂ ਕੋਈ ਵੀ ਮੰਗਾਂ ਦਾ ਹੱਲ ਨਹੀਂ ਕੱਢਿਆ ਗਿਆ। ਸੈਕਟਰੀ ਹਰਤਾਰ ਸਿੰਘ, ਸੀਨੀ. ਮੀਤ ਪ੍ਰਧਾਨ ਬਲਕਾਰ ਗਿੱਲ, ਕੈਸ਼ੀਅਰ ਕੁਲਵਿੰਦਰ ਸਿੰਘ, ਵਰਕਸ਼ਾਪ ਪ੍ਰਧਾਨ ਗੁਰਪ੍ਰੀਤ ਕਮਾਲੂ ਨੇ ਦੱਸਿਆ ਕਿ ਸਰਕਾਰ ਟਰਾਂਸਪੋਰਟ ਦੇ ਮੁਲਾਜ਼ਮਾਂ ਨੂੰ ਇੱਕ ਕੱਚੀ ਪਿੱਲੀ ਪਾਲਸੀ ਦੀ ਗੱਲ ਕਰਕੇ ਸਮਾਂ ਟਪਾ ਰਹੀ ਹੈ।ਮੁੱਖ ਮੰਤਰੀ ਪੰਜਾਬ ਵੱਲੋਂ ਟਰਾਂਸਪੋਰਟ ਦੇ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਦਾ ਹੱਲ ਕਰਨ ਦੇ ਲਈ ਕਮੇਟੀ ਬਣਾਈ ਸੀ, 2 ਤੋਂ 3 ਮੀਟਿੰਗ ਹੋਣ ਦੇ ਬਾਵਜੂਦ ਕੋਈ ਵੀ ਹੱਲ ਨਹੀਂ ਕੀਤਾ ਗਿਆ। ਆਜ਼ਾਦ ਯੂਨੀਅਨ ਦੇ ਪ੍ਰਧਾਨ ਹਰਬੰਸ ਸਿੰਘ ਭੋਲਾ ਨੇ ਦੱਸਿਆ ਕਿ ਇੱਥੇ ਪੰਜਾਬ ਦੇ ਨੌਜਵਾਨ ਨੂੰ ਰੋਜ਼ਗਾਰ ਦੇਣ ਲਈ ਅਤੇ ਕੰਟਰੈਕਟ 'ਤੇ ਕਰਨ ਦੀ ਬਜਾਏ ਉਲਟਾ ਆਊਟ ਸੋਰਸ 'ਤੇ ਭਰਤੀ ਕੀਤੀ ਜਾ ਰਹੀ ਹੈ, ਜਿਸ ਦੇ ਰੋਸ ਵਜੋਂ 6/7/8 ਜਨਵਰੀ ਨੂੰ ਪੰਜਾਬ ਭਰ ਦੇ ਵਿੱਚ ਚੱਕਾ ਜਾਮ ਕੀਤਾ ਗਿਆ ਹੈ। ਪੰਜਾਬ ਵਿੱਚ ਸਰਕਾਰ ਵਿਭਾਗ ਨੂੰ ਬਚਾਉਣ ਤੇ ਆਪਣੇ ਰੋਜ਼ਗਾਰ ਨੂੰ ਪੱਕਾ ਕਰਵਾਉ ਦੇ ਲਈ ਸਰਕਾਰ ਖਿਲਾਫ ਸੰਘਰਸ਼ ਕੀਤਾ ਜਾ ਰਿਹਾ ਹੈ, 7 ਜਨਵਰੀ ਨੂੰ ਮੁੱਖ ਮੰਤਰੀ ਪੰਜਾਬ ਦੀ ਰਹਾਇਸ਼ 'ਤੇ ਧਰਨਾ ਦਿੱਤਾ ਜਾਵੇਗਾ, ਜੇਕਰ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ ਯੂਨੀਅਨ ਅਣਮਿੱਥੇ ਸਮੇਂ ਦੀ ਹੜਤਾਲ ਸਮੇਤ ਆਮ ਆਦਮੀ ਪਾਰਟੀ ਕਨਵੀਨਰ ਸ਼੍ਰੀ ਅਰਵਿੰਦ ਕੇਜਰੀਵਾਲ ਦੇ ਘਰ ਅੱਗੇ ਵੀ ਧਰਨਾ ਦੇਣ ਲਈ ਮਜਬੂਰ ਹੋਵੇਗੀ, ਜਿਸ ਦੀ ਜ਼ਿੰਮੇਵਾਰੀ ਸਰਕਾਰ ਤੇ ਮੈਨੇਜਮੈਂਟ ਦੀ ਹੋਵੇਗੀ।

ਕੇਂਦਰੀ ਟਰੇਡ ਯੂਨੀਅਨਾਂ ਦੇ ਸਾਂਝੇ ਮੰਚ ਨੇ ਵਿੱਤ ਮੰਤਰੀ ਨੂੰ ਮੈਮੋਰੰਡਮ ਸੌਂਪਿਆ

ਲੁਧਿਆਣਾ (ਐਮ ਐਸ ਭਾਟੀਆ)

ਕੇਂਦਰੀ ਟਰੇਡ ਯੂਨੀਅਨਜ਼ ਫੋਰਮ ਵੱਲੋਂ ਅੱਜ ਟਰੇਡ ਯੂਨੀਅਨਾਂ ਨਾਲ ਪ੍ਰੀ-ਬੱਜਟ ਸਲਾਹ-ਮਸ਼ਵਰੇ ਬਾਰੇ ਵਿੱਤ ਮੰਤਰੀ ਦੀ ਮੀਟਿੰਗ ਤੋਂ ਬਾਅਦ ਪ੍ਰੈਸ ਨੂੰ ਬਿਆਨ ਜਾਰੀ ਕੀਤਾ ਹੈ।ਦਸ ਕੇਂਦਰੀ ਟਰੇਡ ਯੂਨੀਅਨਾਂ ਦੇ ਪਲੇਟਫਾਰਮ ਨੇ ਬੱਜਟ 2025-2026 ਤੋਂ ਆਪਣੀਆਂ ਉਮੀਦਾਂ 'ਤੇ ਜ਼ੋਰ ਦੇਣ ਲਈ ਵਿੱਤ ਮੰਤਰੀ ਨੂੰ ਇੱਕ ਸਾਂਝਾ ਮੈਮੋਰੰਡਮ ਸੌਂਪਿਆ।ਉਨ੍ਹਾਂ ਨੇ ਇੱਕ ਵਾਰ ਫਿਰ ਬੇਰੁਜ਼ਗਾਰੀ ਦੇ ਮੁੱਦੇ ਨੂੰ ਹੱਲ ਕਰਨ, ਪੀਐਸਯੂ ਅਤੇ ਕੇਂਦਰ ਅਤੇ ਰਾਜ ਸਰਕਾਰਾਂ ਦੇ ਵਿਭਾਗਾਂ ਵਿੱਚ ਮਨਜ਼ੂਰਸ਼ੁਦਾ ਖਾਲੀ ਅਸਾਮੀਆਂ ਨੂੰ ਭਰਨ, ਨਵੀਆਂ ਅਸਾਮੀਆਂ ਦੀ ਸਿਰਜਣਾ 'ਤੇ ਪਾਬੰਦੀਆਂ ਨੂੰ ਹਟਾਉਣ, ਕਿਰਤ ਕੇਂਦਰਿਤ ਉਦਯੋਗਾਂ ਵਿੱਚ ਵਧੇਰੇ ਨਿਵੇਸ਼ ਲਈ ਆਊਟਸੋਰਸਿੰਗ ਅਤੇ ਠੇਕੇ ਦੀ ਨੀਤੀ ਨੂੰ ਖਤਮ ਕਰਨ, ਐਮਐਸਐਮਈ, ਸਵੈ-ਰੁਜ਼ਗਾਰ ਲਈ ਰੋਜ਼ੀ-ਰੋਟੀ ਸਕੀਮਾਂ ਹੋਰ ਬਣਾਉਣ, ਮਨਰੇਗਾ ਦਿਹਾੜੀ ਵਧਾ ਕੇ 600 ਰੁਪਏ ਕਰਨ ਦੇ ਨਾਲ-ਨਾਲ ਦਿਨ ਵਧਾ ਕੇ 200 ਕਰਨ, ਸ਼ਹਿਰੀ ਰੁਜ਼ਗਾਰ ਗਾਰੰਟੀ ਲਈ ਨਵੀਂ ਨੀਤੀ ਲਾਗੂ ਕਰਨ ਆਦਿ ਦੀ ਮੰਗ ਕੀਤੀ।ਉਨ੍ਹਾਂ ਨਿੱਜੀਕਰਨ, ਵਿਨਿਵੇਸ਼ ਅਤੇ ਜਨਤਕ ਅਦਾਰਿਆਂ ਅਤੇ ਸਰਕਾਰੀ ਸੇਵਾਵਾਂ ਨੂੰ ਪ੍ਰਾਈਵੇਟ ਕੰਪਨੀਆਂ ਨੂੰ ਵੇਚਣ ਦੀਆਂ ਨੀਤੀਆਂ ਨੂੰ ਵਾਪਸ ਲੈਣ ਦੀ ਮੰਗ ਕੀਤੀ।ਸਕੀਮ ਵਰਕਰਾਂ ਨੂੰ ਸਰਕਾਰੀ ਕਰਮਚਾਰੀਆਂ ਦਾ ਦਰਜਾ ਦੇਣ ਅਤੇ ਉਨ੍ਹਾਂ ਨੂੰ ਈਐਸਆਈਸੀ ਵਿੱਚ ਸ਼ਾਮਲ ਕਰਨ ਦੀ ਆਈਐਲਸੀ ਸਿਫ਼ਾਰਿਸ਼ ਨੂੰ ਵੀ ਸਾਰੀਆਂ ਯੂਨੀਅਨਾਂ ਦੁਆਰਾ ਉਠਾਇਆ ਗਿਆ ਸੀ।ਸੀਟੀਯੂ ਉਦਯੋਗਿਕ ਸ਼ਾਂਤੀ ਦੇ ਹਿੱਤ ਵਿੱਚ ਸੀਟੀਯੂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਆਈਐਲਸੀ ਨੂੰ ਜਲਦੀ ਤੋਂ ਜਲਦੀ ਚਾਲੂ ਕਰਨ ਲਈ ਵਿੱਤ ਮੰਤਰੀ ਦਾ ਦਖਲ ਚਾਹੁੰਦਾ ਹੈ।ਕਮੇਟੀ ਨੇ ਚਾਰ ਲੇਬਰ ਕੋਡਾਂ ਨੂੰ ਵਾਪਸ ਲੈਣ/ਖਤਮ ਕਰਨ ਦੀ ਆਪਣੀ ਮੰਗ ਨੂੰ ਵੀ ਦੁਹਰਾਇਆ।ਇਹ ਵੀ ਮੰਗ ਕੀਤੀ ਗਈ ਕਿ ਦੌਲਤ ਪੈਦਾ ਕਰਨ ਲਈ ਸਰਕਾਰ ਨੂੰ ਕਾਰਪੋਰੇਟਸ 'ਤੇ ਟੈਕਸ ਵਧਾਉਣਾ ਚਾਹੀਦਾ ਹੈ ਅਤੇ ਵੈਲਥ ਟੈਕਸ ਅਤੇ ਗਿਫਟ ਟੈਕਸ ਲਾਗੂ ਕਰਨਾ ਚਾਹੀਦਾ ਹੈ।ਮੰਗ ਪੱਤਰ ਵਿੱਚ ਕਈ ਹੋਰ ਮੁੱਦੇ ਵੀ ਉਠਾਏ ਗਏ।

ਹਸਤ ਕਲਾਕਾਰ ਨੇ ਮਰਹੂਮ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦਾ ਫਾਇਬਰ ਪੁਤਲਾ ਬਣਾ ਕੇ ਸ਼ਰਧਾਂਜਲੀ ਭੇਟ ਕੀਤੀ

ਮੋਗਾ (ਇਕਬਾਲ ਸਿੰਘ ਖਹਿਰਾ)-ਜਿੱਥੇ ਪੂਰਾ ਦੇਸ਼ ਸਾਬਕਾ ਪ੍ਰਧਾਨ ਮੰਤਰੀ ਸ੍ਰ. ਮਨਮੋਹਨ ਸਿੰਘ ਦੇ ਦੇਹਾਂਤ ਤੋਂ ਬਾਅਦ ਉਨ੍ਹਾਂ ਨੂੰ ਯਾਦ ਕਰਕੇ ਸ਼ਰਧਾਂਜਲੀ ਭੇਟ ਕਰ ਰਹੇ ਹਨ, ਉੱਥੇ ਹੀ ਮੋਗਾ ਜ਼ਿਲ੍ਹੇ ਦੇ ਪਿੰਡ ਮਾਣੂੰਕੇ ਗਿੱਲ ਦੇ ਰਹਿਣ ਵਾਲੇ ਇੱਕ ਕਲਾਕਾਰ ਨੇ ਮਨਮੋਹਨ ਸਿੰਘ ਜੀ ਦਾ ਆਦਮਕਦ ਪੁਤਲਾ ਬਣਾ ਕੇ ਸ਼ਰਧਾਂਜਲੀ ਭੇਟ ਕੀਤੀ।ਇਸ ਮੌਕੇ ਜਾਣਕਾਰੀ ਦਿੰਦਿਆਂ ਆਰਟਿਸਟ ਇਕਬਾਲ ਸਿੰਘ ਨੇ ਦੱਸਿਆ ਕਿ ਉਹ ਬਚਪਨ ਤੋਂ ਹੀ ਇਸ ਕਲਾ ਨਾਲ ਜੁੜੇ ਹੋਏ ਹਨ ਤੇ ਉਹ ਸਾਰੇ ਗੁਰੂਆਂ ਦੇ ਪੁਤਲੇ ਬਣਾ ਚੁੱਕੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਦੇ ਸਰਪੰਚ ਨਿਰਮਲ ਸਿੰਘ ਨੇ ਦੱਸਿਆ ਕਿ ਇਕਬਾਲ ਸਿੰਘ ਪਿਛਲੇ ਲੰਮੇ ਸਮੇਂ ਤੋਂ ਮੂਰਤੀਆਂ ਬਣਾਉਂਦੇ ਆ ਰਹੇ ਹਨ ਅਤੇ ਉਨ੍ਹਾਂ ਦੀਆਂ ਮੂਰਤੀਆਂ ਦੇਸ਼-ਵਿਦੇਸ਼ ਵਿਚ ਵੀ ਜਾਂਦੀਆਂ ਹਨ ਅਤੇ ਇਕਬਾਲ ਸਿੰਘ ਵੱਲੋਂ ਬਣਾਈਆਂ ਗਈਆਂ ਮੂਰਤੀਆਂ ਨੂੰ ਦੇਖਣ ਲਈ ਦੂਰੋਂ-ਦੂਰੋਂ ਲੋਕ ਆਉਂਦੇ ਹਨ। ਉਨ੍ਹਾ ਮਰਹੂਮ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦਾ ਪੁਤਲਾ ਬਣਾ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਕੇ ਆਪਣੇ ਪਿੰਡ ਦੀ ਸ਼ਾਨ ਵਧਾਈ ਹੈ।

ਐੱਸ ਡੀ ਐੱਮ ਵੱਲੋਂ ਕਿਰਨਜੀਤ ਕੌਰ ਦੀ ਪੁਸਤਕ ਰਿਲੀਜ਼

ਨਾਭਾ (ਵਰਿੰਦਰ ਵਰਮਾ)-ਨਾਭਾ ਨਿਵਾਸੀ ਕਿਰਨਜੀਤ ਕੌਰ ਦੀ ਕਿਤਾਬ ਡਰੱਗ ਅਬਿਊਜ਼ ਇਜ਼ ਸਕੈਥੇਫੁਲ ਨੂੰ ਨਾਭਾ ਦੇ ਐੱਸ ਡੀ ਐੱਮ ਇਸਮਤ ਵਿਜੇ ਸਿੰਘ ਨੇ ਰਿਲੀਜ਼ ਕੀਤਾ।ਇਸ ਮੌਕੇ ਕਿਰਨਜੀਤ ਕੌਰ ਨੇ ਦੱਸਿਆ ਕਿ ਪ੍ਰਕਾਸ਼ਤ ਹੋਣ ਵਾਲੀ ਇਹ ਉਨ੍ਹਾਂ ਦੀ ਦੂਜੀ ਪੁਸਤਕ ਹੈ, ਇਸ ਤੋਂ ਪਹਿਲਾਂ ਉਨ੍ਹਾਂ ਅੰਗਰੇਜ਼ੀ ਵਿੱਚ ਕਿਰਨ ਪੋਇਟਰੀ ਨਾਮ ਦੀ ਪੁਸਤਕ ਪ੍ਰਕਾਸ਼ਤ ਕੀਤੀ ਸੀ।ਉਨ੍ਹਾ ਕਿਹਾ ਕਿ ਡਰੱਗ ਅਬਿਊਜ਼ ਇਜ਼ ਸਕੈਥੇਫੁਲ ਕਿਤਾਬ ਨਸ਼ੇ ਦੀ ਦੁਰਵਰਤੋਂ ਤੇ ਇਸ ਦੇ ਨੁਕਸਾਨਦੇਹ ਪ੍ਰਭਾਵਾਂ 'ਤੇ ਕੇਂਦਰਤ ਹੈ।ਉਨ੍ਹਾ ਕਿਹਾ ਕਿ ਪੁਸਤਕ ਵਿੱਚ ਵੱਖ-ਵੱਖ ਕਿਸਮਾਂ ਦੀਆਂ ਦਵਾਈਆਂ, ਉਨ੍ਹਾਂ ਦੀ ਰਸਾਇਣਕ ਬਣਤਰ ਤੇ ਮਨੁੱਖੀ ਸਰੀਰ 'ਤੇ ਇਨ੍ਹਾਂ ਦੇ ਜ਼ਹਿਰੀਲੇ ਪ੍ਰਭਾਵਾਂ ਬਾਰੇ ਵੀ ਚਰਚਾ ਕੀਤੀ ਗਈ ਹੈ। ਇਹ ਕਿਤਾਬ ਯੂਨੀਵਰਸਿਟੀਆਂ, ਕਾਲਜਾਂ ਤੇ ਸਿਖਲਾਈ ਸੰਸਥਾਵਾਂ ਵਿੱਚ ਨਸ਼ਿਆਂ ਦੀ ਦੁਰਵਰਤੋਂ, ਸਮੱਸਿਆਵਾਂ, ਪ੍ਰਬੰਧਨ ਤੇ ਰੋਕਥਾਮ ਲਈ ਇੱਕ ਜਾਣ-ਪਛਾਣ ਵਾਲੀ ਕਿਤਾਬ ਵਜੋਂ ਕੰਮ ਕਰ ਸਕਦੀ ਹੈ। ਉਨ੍ਹਾ ਕਿਹਾ ਕਿ ਜਨਤਕ ਤੇ ਪ੍ਰਾਈਵੇਟ ਡਰੱਗ ਕਾਉਂਸਲਿੰਗ ਪੁਨਰਵਾਸ ਕੇਂਦਰਾਂ ਅਤੇ ਨਸ਼ਾ ਛੁਡਾਊ ਕੇਂਦਰਾਂ ਵਿੱਚ ਕੰਮ ਕਰਨ ਵਾਲਿਆਂ ਲਈ ਇੱਕ ਹੈਂਡਬੁੱਕ ਵਜੋਂ ਵੀ ਕੰਮ ਕਰ ਸਕਦੀ ਹੈ।ਪੁਸਤਕ ਰਿਲੀਜ਼ ਕਰਨ ਉਪਰੰਤ ਐੱਸ ਡੀ ਐੱਮ ਇਸਮਤ ਵਿਜੇ ਸਿੰਘ ਨੇ ਕਿਰਨਜੀਤ ਕੌਰ ਦੀ ਇਸ ਪੁਸਤਕ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਦਾ ਲੋਕਾਂ ਖਾਸ ਕਰਕੇ ਨੌਜਵਾਨ ਪੀੜ੍ਹੀ ਨੂੰ ਲਾਭ ਹੋਵੇਗਾ, ਕਿਉਂਕਿ ਇਹ ਨੌਜਵਾਨ ਸਾਡੇ ਦੇਸ਼ ਦੀ ਰੀੜ੍ਹ ਦੀ ਹੱਡੀ ਹਨ।ਇਸ ਮੌਕੇ ਨਗਰ ਸੁਧਾਰ ਟਰੱਸਟ ਦੇ ਸਾਬਕਾ ਚੇਅਰਮੈਨ ਅਮਰਦੀਪ ਸਿੰਘ ਖੰਨਾ, ਅਮਨਦੀਪ ਸਿੰਘ ਤੁਲੀ ਆਦਿ ਹਾਜ਼ਰ ਸਨ।

ਸ਼ੁਭ ਹਸਪਤਾਲ ਵਿਖੇ ਚਾਹ ਪਕੌੜਿਆਂ ਦਾ ਲੰਗਰ ਲਾਇਆ

ਸ਼੍ਰੀ ਮੁਕਤਸਰ ਸਾਹਿਬ (ਸਮਿੰਦਰਪਾਲ/ਪੂਜਾ)-ਮਲੋਟ ਰੋਡ ਸਥਿਤ ਸ਼ੁਭ ਹਸਪਤਾਲ ਵਿੱਚ ਚਾਹ ਅਤੇ ਪਕੌੜਿਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ 'ਤੇ ਹਸਪਤਾਲ ਪ੍ਰਬੰਧਕ ਅਤੇ ਸਥਾਨਕ ਸੇਵਕਾਂ ਨੇ ਮਿਲ ਕੇ ਆਉਣ ਜਾਣ ਵਾਲੇ ਲੋਕਾਂ ਨੂੰ ਚਾਹ ਅਤੇ ਗਰਮਾ ਗਰਮ ਪਕੌੜੇ ਪਰੋਸੇ। ਇਸ ਪਹਿਲ ਦਾ ਉਦੇਸ਼ ਜ਼ਰੂਰਤਮੰਦਾਂ ਅਤੇ ਰਾਹਗੀਰਾਂ ਨੂੰ ਠੰਡ ਦੇ ਮੌਸਮ ਵਿੱਚ ਰਾਹਤ ਪ੍ਰਦਾਨ ਕਰਨਾ ਸੀ। ਸਥਾਨਕ ਨਿਵਾਸੀਆਂ ਨੇ ਇਸ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਅਜਿਹੀ ਸੇਵਾਵਾਂ ਸਮਾਜ ਵਿੱਚ ਭਾਈਚਾਰੇ ਅਤੇ ਮਾਨਵਤਾ ਦਾ ਸੰਦੇਸ਼ ਦਿੰਦੀਆਂ ਹਨ। ਹਸਪਤਾਲ ਪ੍ਰਬੰਧਕਾਂ ਨੇ ਦੱਸਿਆ ਕਿ ਭਵਿੱਖ ਵਿੱਚ ਵੀ ਅਜਿਹੇ ਸੇਵਾ ਕਾਰਜਾਂ ਦਾ ਆਯੋਜਨ ਕੀਤਾ ਜਾਵੇਗਾ ਤਾਂ ਜੋ ਸਮਾਜ ਦੇ ਹਰ ਵਰਗ ਨੂੰ ਮਦਦ ਅਤੇ ਸਨੇਹ ਦਾ ਅਨੁਭਵ ਹੋ ਸਕੇ। ਇਸ ਮੌਕੇ 'ਤੇ ਮਨਦੀਪ ਰਾਏ, ਜਗਜੀਤ ਸਿੰਘ ਡੀਸੀ ਸਿੱਧੂ, ਲਾਡੀ, ਰਿਤੇਸ਼, ਰਾਜ ਕੁਮਾਰ ਸਮੇਤ ਸਮੂਹ ਪੀਆਰਓ ਸਟਾਫ਼ ਹਾਜ਼ਰ ਸਨ।

ਸਿੱਖ ਇਤਿਹਾਸ ਕੁਰਬਾਨੀਆਂ ਤੇ ਤਿਆਗ ਨਾਲ ਭਰਿਆ : ਹਰਬੰਸ ਲਾਲ

ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਅੱਜ ਹਾਂ ਦਾ ਨਾਅਰਾ ਚੇਤਨਾ ਮੰਚ ਪੰਜਾਬ ਦੇ ਸਰਪ੍ਰਸਤ ਅਤੇ ਸੀਨੀਅਰ ਭਾਜਪਾ ਆਗੂ ਡਾਕਟਰ ਹਰਬੰਸ ਲਾਲ ਸਾਬਕਾ ਮੰਤਰੀ ਪੰਜਾਬ ਦੀ ਅਗਵਾਈ ਵਿੱਚ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਵਸ ਸਰਹੰਦ ਸ਼ਹਿਰ ਦੇ ਮੰਦਰ ਨਜ਼ਦੀਕ ਫਤਿਹਗੜ੍ਹ ਸਾਹਿਬ ਵਿਖੇ ਮਨਾਇਆ ਗਿਆ।ਡਾਕਟਰ ਹਰਬੰਸ ਲਾਲ ਨੇ ਕਿਹਾ ਕਿ ਸਿੱਖ ਇਤਿਹਾਸ ਕੁਰਬਾਨੀਆਂ ਅਤੇ ਤਿਆਗ ਨਾਲ ਭਰਿਆ ਪਿਆ ਹੈ।ਜੋ ਮਨੁੱਖਤਾ ਨੂੰ ਸੱਚ 'ਤੇ ਪਹਿਰਾ ਦੇਣ ਲਈ ਜਗਾਉਂਦਾ ਰਹੇਗਾ। ਇਸ ਮੌਕੇ ਹਰਪ੍ਰੀਤ ਸਿੰਘ ਲਾਲੀ ਸ਼ਿਵ ਸੈਨਾ ਆਗੂ, ਸਹਾਰਾ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਨੂੰ ਸ੍ਰੀ ਸਾਹਿਬ ਅਤੇ ਸਿਰੋਪੇ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਅਤੇ ਬੀਬੀ ਹਰਸ਼ਰਨ ਕੌਰ ਦੀ ਫੋਟੋ ਨਾਲ ਸਨਮਾਨਿਤ ਕੀਤਾ ਗਿਆ। ਬੀਬੀ ਹਰਸ਼ਰਨ ਕੌਰ 10 ਪੋਹ ਵਾਲੇ ਦਿਨ ਬੜੀ ਦਲੇਰੀ ਤੇ ਬਹਾਦਰੀ ਨਾਲ ਜੰਗ ਦੇ ਮੈਦਾਨ 'ਚ ਪਹੁੰਚ ਸਨ, ਜਿਨ੍ਹਾਂ ਨੇ ਵੱਡੇ ਸਾਹਿਬਜ਼ਾਦਿਆਂ ਤੇ ਸ਼ਹੀਦ ਸਿੰਘਾਂ ਦੇ ਮ੍ਰਿਤਕ ਸਰੀਰਾਂ ਨੂੰ ਇਕੱਤਰ ਕਰਕੇ ਅਦਬ ਸਹਿਤ ਸੰਸਕਾਰ ਕੀਤਾ ਸੀ ਅਤੇ ਦੁਸ਼ਮਣਾਂ ਦਾ ਸਾਹਮਣਾ ਕਰਦੇ ਹੋਏ ਸ਼ਹੀਦੀ ਪ੍ਰਾਪਤ ਕੀਤੀ ਸੀ।

ਇਸ ਮੌਕੇ ਗੁਰਦੁਆਰਾ ਹਰਮਿੰਦਰ ਸਾਹਿਬ, ਅੰਮ੍ਰਿਤਸਰ ਸਾਹਿਬ ਅਤੇ ਗੁਰਦੁਆਰਾ ਫਤਿਹਗੜ੍ਹ ਸਾਹਿਬ ਦੇ ਸਾਬਕਾ ਹੈਡ ਗ੍ਰੰਥੀ ਗਿਆਨੀ ਭਾਈ ਜਸਵਿੰਦਰ ਸਿੰਘ ਸਰਹੰਦ ਸ਼ਹਿਰ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਮੰਚ ਦੇ ਪ੍ਰਧਾਨ ਮਨੀਸ਼ ਵਰਮਾ, ਜ਼ਿਲ੍ਹਾ ਗੁਰਕੀਰਤ ਸਿੰਘ ਬੇਦੀ, ਡਾਕਟਰ ਸੋਮਨਾਥ ਡਰੋਜ਼ੀਆਂ, ਤਰਸੇਮ ਲਾਲ ਵਰਮਾ ਨਲੀਨਾ ਕਲਾਂ, ਮਨਜੀਤ ਸਿੰਘ ਬੰਧੋਫੀ ਖੁਰਦ, ਲਖਬੀਰ ਸਿੰਘ ਭੈਣੀ ਖੁਰਦ, ਗੁਰਵਿੰਦਰ ਸਿੰਘ ਨਲੀਨਾ, ਸ਼ਿਵ ਰਾਮ ਧੀਮਾਨ, ਸਿੰਦਰ ਸਿੰਘ ਸਿੱਧੂਪੁਰ, ਗੁਰਮੀਤ ਸਿੰਘ ਬਰਕਤਪੁਰ, ਅਜਵੀਰ ਸਿੰਘ ਗਡਹੇੜਾਅਤੇ ਹੋਰ ਪਤਵੰਤੇ ਹਾਜ਼ਰ ਸਨ।

ਅਲਕਾ ਲਾਂਬਾ ਨੂੰ ਟਿਕਟ ਮਿਲਣ 'ਤੇ ਪੰਜਾਬ ਮਹਿਲਾ ਕਾਂਗਰਸ 'ਚ ਖੁਸ਼ੀ ਦੀ ਲਹਿਰ

■ ਗੁਰਸ਼ਰਨ ਰੰਧਾਵਾ ਨੇ ਦਿੱਲੀ ਪਹੁੰਚ ਕੇ ਦਿੱਤੀ ਵਧਾਈ

ਸਮਾਣਾ (ਗੁਰਪਿਆਰ ਸਿੰਘ ਬੱਲ)-ਆਲ ਇੰਡੀਆ ਮਹਿਲਾ ਕਾ

7-Jan--PAG-3.qxd 1/6/2025 10:38 PM Page 1

ਸਰਕਾਰਾਂ ਕਈ ਆਈਆਂ ਤੇ ਗਈਆਂ ਪਰ ਬੇਟ ਇਲਾਕੇ 'ਚ ਸੇਮ ਦੀ ਸਮੱਸਿਆ ਅੱਜ ਵੀ ਜਿਉਂ ਦੀ ਤਿਉਂ !

ਗੁਰਦਾਸਪੁਰ, (ਜਨਕ ਮਹਾਜਨ)-ਗੁਰਦਾਸਪੁਰ ਦੇ ਵਿਧਾਨ ਸਭਾ ਹਲਕਾ ਦੀਨਾਨਗਰ ਅੰਦਰ ਭਾਰਤ-ਪਾਕਿਸਤਾਨ ਦੀ ਵੰਡ ਤੋਂ ਬਾਅਦ ਵੀ ਸੇਮ ਸਮੱਸਿਆ ਦਾ ਕੋਈ ਵੀ ਸਥਾਈ ਹੱਲ ਨਹੀਂ ਹੋਇਆ ਸਗੋਂ ਸੇਮ ਨੇ ਆਪਣੇ ਪੈਰ ਹੋਰ ਪਸਾਰ ਕੇ ਕਿਸਾਨਾਂ ਦੀ ਵਾਹੀਯੋਗ ਜ਼ਮੀਨ ਨੂੰ ਬੰਜਰ ਬਣਾ ਦਿੱਤਾ ਹੈ ਜਿਸ ਕਰਕੇ ਕਿਸਾਨਾਂ ਦਾ ਪੰਜਾਬ ਸਰਕਾਰ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਉਘੇ ਕਿਸਾਨ ਪ੍ਰਤਾਪ ਸਿੰਘ ਸੈਣੀ ਨੁਸ਼ਹਿਰਾ, ਨਿਸ਼ਾਨ ਸਿੰਘ ਬਹਾਦਰ, ਪੂਰਨ ਸਿੰਘ ਬਹਾਦਰ, ਨਾਜਰ ਸਿੰਘ, ਨਿਰਮਲ ਸਿੰਘ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਪੰਜਾਬ ਦੇ ਮਰਹੂਮ ਮੁੱਖ ਮੰਤਰੀ ਪ੍ਰਤਾਪ ਸਿੰਘ ਕੈਰੋਂ ਨੇ ਬੇਟ ਇਲਾਕੇ ਅੰਦਰ ਸੇਮ ਖਤਮ ਕਰਨ ਵਾਸਤੇ 1962 ਵਿੱਚ ਸੇਮ ਨਹਿਰ ਦੀ ਸਥਾਪਨਾ ਕੀਤੀ ਸੀ ਅਤੇ ਵੱਖ-ਵੱਖ ਸਰਕਾਰਾਂ ਨੇ ਸੇਮ ਵਾਸਤੇ ਨਾਲਿਆਂ ਦੀ ਖੁਦਵਾਈ ਵੀ ਕਰਵਾਈ ਸੀ ਪਰ ਫਿਰ ਵੀ ਇਸ ਦਾ ਕੋਈ ਪੱਕਾ ਹੱਲ ਨਹੀਂ ਹੋਇਆ ਅਤੇ ਹੁਣ ਮਾਮੂਲੀ ਅਜਿਹੀ ਬਾਰਿਸ਼ ਨੇ ਖੇਤਾਂ ਵਿੱਚ ਸੇਮ ਸਮੱਸਿਆ ਪੈਦਾ ਕਰ ਦਿੱਤੀ ਹੈ ਤੇ ਆਪ ਮੁਹਾਰੇ ਪਾਣੀ ਦੇ ਸੋਮੇ ਫੁੱਟਣੇ ਸ਼ੁਰੂ ਹੋ ਗਏ ਹਨ। ਖੇਤਾਂ ਵਿੱਚ ਪਾਣੀ ਹੀ ਪਾਣੀ ਦਿਖਾਈ ਦੇ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜਿਹੜੀ ਫਸਲ ਝੋਨੇ ਤੋਂ ਬਾਅਦ ਬੀਜੀ ਸੀ ਉਹ ਪਾਣੀ ਨਾਲ ਮਰਨੀ ਸ਼ੁਰੂ ਹੋ ਗਈ ਹੈ। ਇਸ ਵੇਲੇ ਕਮਾਦ ਦੀ ਫਸਲ ਦਾ ਵੀ ਸੀਜ਼ਨ ਹੈ ਅਤੇ ਖੇਤਾਂ ਵਿੱਚ ਪਾਣੀ ਹੋਣ ਕਰਕੇ ਕਮਾਦ ਦੀ ਫਸਲ ਵੱਢਣ ਵਾਸਤੇ ਕਿਸਾਨਾਂ ਨੂੰ ਕਾਫੀ ਮੁਸ਼ਕਿਲਾਂ ਪੇਸ਼ ਆ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਕੇਂਦਰ ਸਰਕਾਰ ਨੇ ਸੇਮ ਨੂੰ ਖਤਮ ਕਰਨ ਵਾਸਤੇ ਕਈ ਮਾਸਟਰ ਪਲਾਨ ਤਿਆਰ ਕਰਵਾਏ ਪਰ ਸਫਲ ਨਹੀਂ ਹੋਏ ਅਤੇ ਸੇਮ ਨੂੰ ਖ਼ਤਮ ਕਰਨ ਵਾਸਤੇ ਬਣਾਈਆਂ ਸਕੀਮਾਂ ਦੀਆਂ ਫਾਈਲਾਂ ਸਬੰਧਿਤ ਵਿਭਾਗ ਨੇ ਠੱਪ ਕੇ ਰੱਖੀਆਂ ਹੋਈਆਂ ਹਨ। ਕਿਸਾਨਾਂ ਦਾ ਡਰੇਨੇਜ ਵਿਭਾਗ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸੇਮ ਖਤਮ ਕਰਨ ਵਾਸਤੇ ਕੁਝ ਕਿਸਾਨਾਂ ਆਪਣੇ ਪੱਧਰ 'ਤੇ ਕਾਫੀ ਮਿੱਟੀ ਪਵਾਈ ਸੀ ਪਰ ਫਿਰ ਵੀ ਸੇਮ ਦਾ ਕੋਈ ਸਥਾਈ ਹੱਲ ਨਹੀਂ ਹੋ ਸਕਿਆ। ਕਿਸਾਨਾਂ ਨੇ ਪੰਜਾਬ ਦੇ ਮੁੱਖ ਮੰਤਰੀ ਪਾਸੋਂ ਮੰਗ ਕੀਤੀ ਕਿ ਬੇਟ ਇਲਾਕੇ ਦੇ ਸਰਹੱਦੀ ਖੇਤਰ ਵਿਖੇ ਸੇਮ ਦੀ ਸਮੱਸਿਆ ਦੇ ਹੱਲ ਵਾਸਤੇ ਡਰੇਨੇਜ ਵਿਭਾਗ ਗੁਰਦਾਸਪੁਰ ਨੂੰ ਸਖਤ ਤੋਂ ਸਖਤ ਨਿਰਦੇਸ਼ ਜਾਰੀ ਕੀਤੇ ਜਾਣ। ਇਸ ਸਬੰਧੀ ਜਦੋਂ ਡਰੇਨੇਜ ਵਿਭਾਗ ਦੇ ਐਕਸੀਅਨ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਸੇਮ ਦੀ ਸਮੱਸਿਆ ਦਾ ਹੱਲ ਕਰਨ ਦੀ ਜ਼ਿੰਮੇਵਾਰੀ ਸੋਇਲ ਕੰਜ਼ਰਵੇਸ਼ਨ ਮਹਿਕਮੇ ਕੋਲ ਹੈ।

ਡਾ. ਹਰਸਿਮਰਨ ਕੌਰ ਨੇ ਸ੍ਰੀ ਗੁਰੂ ਤੇਗ ਬਹਾਦਰ ਕਾਲਜ ਸਠਿਆਲਾ 'ਚ ਚਾਰਜ ਸੰਭਾਲਿਆ

ਬੁਤਾਲਾ (ਨਿਰਮਲ ਸਿੰਘ ਸੰਘਾ)-ਸ੍ਰੀ ਗੁਰੂ ਤੇਗ ਬਹਾਦਰ ਕਾਲਜ ਸਠਿਆਲਾ ਵਿਖੇ ਉਪਕੁਲਪਤੀ (ਪ੍ਰੋ) ਡਾ. ਕਰਮਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ 'ਤੇ ਕਾਲਜ ਦੇ ਡਾ. (ਲੈਫ) ਹਰਸਿਮਰਨ ਕੌਰ ਨੇ ਕਾਲਜ ਦਾ ਚਾਰਜ ਸੰਭਾਲਿਆ।ਉਨ੍ਹਾਂ ਦਾ ਕਾਲਜ ਦੇ ਸਟਾਫ਼ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਉਨ੍ਹਾਂ ਕਾਲਜ ਨੂੰ ਵਿੱਦਿਆ ਦੇ ਖੇਤਰ ਵਿੱਚ ਬੁਲੰਦੀਆਂ 'ਤੇ ਪਹੁੰਚਾਉਣ ਲਈ ਸਮੂਹ ਸਟਾਫ਼ ਤੋਂ ਸਹਿਯੋਗ ਦੀ ਮੰਗ ਕਰਦਿਆਂ ਕਾਲਜ ਦਾ ਸਮਾਜਿਕ, ਅਕਾਦਮਿਕ ਅਤੇ ਸੱਭਿਆਚਾਰਕ ਵਿਕਾਸ ਦਾ ਭਰੋਸਾ ਦਿਵਾਇਆ।ਇਸ ਮੌਕੇ ਉਨ੍ਹਾਂ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਕਾਲਜ ਵਿੱਚ ਉਨ੍ਹਾਂ ਦਾ ਪਹਿਲਾ ਕਦਮ ਅਨੁਸ਼ਾਸਨ ਸਥਾਪਤ ਕਰਨਾ ਹੋਵੇਗਾ।ਉਨ੍ਹਾਂ ਨੇ ਕਾਲਜ ਦੇ ਸੰਚਾਲਨ ਅਤੇ ਦ੍ਰਿਸ਼ਟੀ ਲਈ ਆਪਣੀ ਰਣਨੀਤੀ ਬਾਰੇ ਵਿਚਾਰ ਸਾਂਝੇ ਕੀਤੇ।ਜ਼ਿਕਰਯੋਗ ਹੈ ਕਿ ਇਨ੍ਹਾਂ ਦਾ ਅਧਿਆਪਨ ਖੇਤਰ ਵਿੱਚ ਲਗਭਗ 13 ਸਾਲ ਦਾ ਤਜਰਬਾ ਹੈ ਅਤੇ ਇਨ੍ਹਾਂ ਦੇ 50 ਦੇ ਕਰੀਬ ਵੱਖਰੇ ਰਾਸ਼ਟਰੀ ਤੇ ਅੰਤਰਰਾਸ਼ਟਰੀ ਖੋਜ ਪੱਤਰ ਅਤੇ 4 ਕਿਤਾਬਾਂ ਪ੍ਰਕਾਸ਼ਿਤ ਹੋ ਚੁੱਕੀਆਂ ਹਨ।ਇਹ ਕਾਲਜ ਦੇ ਐਸੋਸੀਏਟ ਐਨਸੀਸੀ ਅਫਸਰ ਵਜੋਂ ਵੀ ਸੇਵਾਵਾਂ ਦੇ ਰਹੇ ਹਨ ਅਤੇ 2020 ਵਿੱਚ ਡੀਆਈਜੀ ਐੱਨਸੀਸੀ ਸਨਮਾਨ ਤੋਂ ਇਲਾਵਾ ਇਨ੍ਹਾਂ ਨੂੰ ਵੱਖੋ-ਵੱਖਰੇ ਐੱਨਸੀਸੀ ਅਤੇ ਸਮਾਜਿਕ ਭਲਾਈ ਦੇ ਸੰਦਰਭ ਵਿੱਚ ਸਨਮਾਨ ਮਿਲ ਚੁੱਕੇ ਹਨ। ਸਮੇਂ ਸਮੇਂ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਕਾਲਜਾਂ ਲਈ ਉਲੀਕੇ ਕਾਰਜਾਂ ਵਿੱਚ ਵੀ ਇਨ੍ਹਾਂ ਨੇ ਬਤੌਰ ਸੁਪਰਵਾਈਜ਼ਰ ਸੇਵਾਵਾਂ ਬਾਖੂਬੀ ਨਿਭਾਈਆਂ ਹਨ।ਡਾ. ਹਰਸਿਮਰਨ ਕੌਰ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਉਪ ਕੁਲਪਤੀ (ਪ੍ਰੋ) ਡਾ. ਕਰਮਜੀਤ ਸਿੰਘ ਅਤੇ ਹੋਰ ਸਮਰੱਥ ਅਧਿਕਾਰੀਆਂ ਦਾ ਇਸ ਜ਼ਿੰਮੇਵਾਰੀ ਨੂੰ ਸੌਂਪਣ ਲਈ ਧੰਨਵਾਦ ਕੀਤਾ ਗਿਆ

।ਇਸ ਮੌਕੇ ਡਾ. ਹਰਕਿਰਨ ਕੌਰ, ਡਾ. ਗੁਰਿੰਦਰਬੀਰ ਸਿੰਘ, ਪ੍ਰੋ. ਰਾਬੀਆ, ਪ੍ਰੋ. ਕਰਮਬੀਰ ਸਿੰਘ, ਲਵਦੀਪ ਮੇਹਤਾ, ਭਰਾਵੰਤ ਸਿੰਘ, ਸਿਮਰਨਜੋਤ ਸਿੰਘ, ਸਰਬਜੀਤ ਕੌਰ, ਕੁਲਦੀਪ ਸਿੰਘ ਅਤੇ ਸਮੂਹ ਸਟਾਫ ਵੱਲੋਂ ਡਾ. ਹਰਸਿਮਰਨ ਕੌਰ ਨੂੰ ਇਸ ਜ਼ਿੰਮੇਵਾਰੀ ਮਿਲਣ 'ਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

ਪ੍ਰਕਾਸ਼ ਪੁਰਬ ਮੌਕੇ ਬਜ਼ੁਰਗਾਂ ਤੇ ਲੋੜਵੰਦਾਂ ਨੂੰ ਰਜਾਈਆਂ ਤੇ ਕੰਬਲ ਵੰਡੇ

ਧਾਰੀਵਾਲ/ਹਰਚੋਵਾਲ, (ਮਨਦੀਪ ਸਿੰਘ ਵਿੱਕੀ)-ਸਾਹਿਬ ਏ ਕਮਾਲ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਕਸਬਾ ਹਰਚੋਵਾਲ ਵਿੱਚ ਗੁਰਦੁਆਰਾ ਸਾਹਿਬ (ਨੇੜੇ ਵਾਟਰ ਸਪਲਾਈ ਟੈਂਕੀ) ਵਿਖੇ ਸਮਾਜ ਸੇਵੀਆਂ ਵੱਲੋਂ ਪਿੰਡ ਅਤੇ ਇਲਾਕੇ ਦੇ ਬਜ਼ੁਰਗ ਅਤੇ ਲੋੜਵੰਦਾਂ ਨੂੰ ਰਜਾਈਆਂ ਅਤੇ ਕੰਬਲ ਵੰਡੇ ਗਏ। ਇਸ ਮੌਕੇ ਉੱਘੇ ਸਮਾਜ ਸੇਵੀ ਬਾਪੂ ਲਛਮਣ ਦਾਸ ਤਿਆਗੀ, ਸਰਪੰਚ ਧਰਮਿੰਦਰ ਸਿੰਘ, ਸਾਬਕਾ ਸਰਪੰਚ ਡਾਕਟਰ ਗੁਰਨੇਕ ਸਿੰਘ ਹਰਚੋਵਾਲ, ਵਕੀਲ ਬਿਕਰਮਜੀਤ ਸਿੰਘ, ਗੁਰਮੁਖ ਸਿੰਘ, ਕਰਮ ਸਿੰਘ, ਜਗੀਰ ਸਿੰਘ, ਨਵਤੇਜ ਸਿੰਘ, ਹੈਪੀ ਸੈਕਟਰੀ ਕੋਆਪਰੇਟਿਵ ਸੋਸਾਇਟੀ, ਡਾਕਟਰ ਮਲਕੀਤ ਸਿੰਘ, ਦਿਲਬਾਗ ਸਿੰਘ, ਡਾਕਟਰ ਰਛਪਾਲ ਸਿੰਘ ਵਰਿਆਂ, ਸਤਵੰਤ ਸਿੰਘ ਗੁਰਭੇਜ ਸਿੰਘ ਸਰਪੰਚ ਭਾਮ ਆਦਿ ਸਮਾਜ ਸੇਵੀਆਂ ਨੇ ਮਨੁੱਖਤਾ ਦੀ ਭਲਾਈ ਵਾਲੇ ਇਸ ਕਾਰਜ ਵਿੱਚ ਅਹਿਮ ਯੋਗਦਾਨ ਪਾਇਆ। ਇਸ ਮੌਕੇ ਸਮਾਜ ਸੇਵੀ ਆਗੂਆਂ ਕਿਹਾ ਕਿ ਸਮਾਜਿਕ ਦੂਰ ਕਰਨ ਅਤੇ ਮਨੁੱਖਤਾ ਦੀ ਭਲਾਈ ਦੇ ਕਾਰਜਾਂ ਵਿੱਚ ਹਰੇਕ ਇਨਸਾਨ ਨੂੰ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ ਅਤੇ ਮਨੁੱਖਤਾ ਦੀ ਭਲਾਈ ਕੰਮ ਕਰਨ ਵਾਸਤੇ ਉਪਰਾਲੇ ਕਰਨ ਲਈ ਯਤਨਸ਼ੀਲ ਰਹਿਣਾ ਚਾਹੀਦਾ ਹੈ।

ਫਤਿਹਾਬਾਦ ਵਿਖੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਦਾ ਜਲੌਅ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਦਸਮੇਸ਼ ਪਿਤਾ ਧੰਨ-ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 359ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਅਲੌਕਿਕ ਨਗਰ ਕੀਰਤਨ ਗੁਰਦੁਆਰਾ ਗੁਰੂ ਨਾਨਕ ਪੜਾਓ ਸਾਹਿਬ ਫਤਿਹਾਬਾਦ ਤੋਂ ਸਜਾਏ ਗਏ। ਇਸ ਮੌਕੇ ਜੈਕਾਰਿਆਂ ਦੀ ਗੂੰਜ ਵਿੱਚ ਨਗਰ ਕੀਰਤਨ ਦੀ ਆਰੰਭਤਾ ਹੋਈ।ਇਹ ਨਗਰ ਕੀਰਤਨ ਕਸਬਾ ਫਤਿਹਾਬਾਦ ਦੇ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਸ਼ਾਮ ਦੇ ਸਮੇਂ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਇਆ।ਇਸ ਮੌਕੇ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਤਨ ਸਿੰਘ ਦਿਓਲ, ਬਲਦੇਵ ਸਿੰਘ ਸ਼ੈਲਰ ਵਾਲੇ, ਸੰਤੋਖ ਸਿੰਘ ਫੇਰੂਮਾਨ, ਸੁਰਜੀਤ ਸਿੰਘ ਨੰਢਾ, ਜਗਦੀਪ ਸਿੰਘ, ਅੰਮ੍ਰਿਤਪਾਲ ਸਿੰਘ ਹਨੀ, ਦਲਜੀਤ ਸਿੰਘ, ਹਰਜੀਤ ਸਿੰਘ ਕਲਸੀ, ਕਸ਼ਮੀਰ ਸਿੰਘ ਸਹੋਤਾ, ਬਲਦੇਵ ਸਿੰਘ, ਮਹਿੰਦਰਪਾਲ ਸਿੰਘ ਮੀਕੂ, ਜਸਬੀਰ ਸਿੰਘ ਕਲਸੀ ਆਦਿ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਨਗਰ ਕੀਰਤਨ 'ਚ ਹਾਜ਼ਰੀ ਭਰੀ।

ਬਾਬਾ ਮੋਤੀ ਰਾਮ ਮਹਿਰਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੱਦਗਿੱਲ ਤੋਂ ਸਜਾਇਆ ਵਿਸ਼ਾਲ ਨਗਰ ਕੀਰਤਨ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਬਾਬਾ ਮੋਤੀ ਰਾਮ ਮਹਿਰਾ ਜੀ ਦੇ ਸ਼ਹੀਦੇ ਦਿਹਾੜੇ ਨੂੰ ਸਮਰਪਿਤ ਪਿੰਡ ਕੱਦਗਿੱਲ ਦੇ ਗੁਰਦੁਆਰਾ ਸਾਹਿਬ ਤੋਂ ਸ਼ਨੀਵਾਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ਜੋ ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ, ਗੁਰਦੁਆਰਾ ਬਾਬਾ ਵੱਸਣ ਸਿੰਘ ਸ਼ਹੀਦ, ਗੁਰਦੁਆਰਾ ਅਮਰ ਸ਼ਹੀਦ ਬਾਬਾ ਜੀਵਨ ਸਿੰਘ, ਅੱਡਾ ਕੱਦ ਗਿੱਲ (ਲੰਗਰ ਹਾਲ ਬਾਬਾ ਵੱਸਣ ਸ਼ਹੀਦ) ਆਦਿ ਥਾਵਾਂ ਤੋਂ ਹੁੰਦਾ ਹੋਇਆ ਸ਼ਾਮ ਮੁੜ ਉਕਤ ਗੁਰਦੁਆਰਾ ਸਾਹਿਬ ਵਿਖੇ ਸੰਪਨ ਹੋਇਆ। ਨਗਰ ਕੀਰਤਨ ਦਾ ਥਾਂ ਥਾਂ 'ਤੇ ਭਰਵਾਂ ਸਵਾਗਤ ਹੋਇਆ ਅਤੇ ਸ਼ਰਧਾਲੂ ਸੰਗਤਾਂ ਵੱਲੋਂ ਰਸਤਿਆਂ ਦੀ ਕੀਤੀ ਸਜਾਵਟ ਨਗਰ ਕੀਰਤਨ ਦੀ ਸ਼ੋਭਾ ਵਧਾ ਰਹੀ ਸੀ। ਨਗਰ ਕੀਰਤਨ ਅੱਗੇ ਤੱਤ ਖਾਲਸਾ ਗਤਕਾ ਗਰੁੱਪ ਦੇ ਨੌਜਵਾਨਾਂ ਵੱਲੋ ਬੜੇ ਹੈਰਾਨੀਜਨਕ ਗਤਕੇ ਦੇ ਜੌਹਰ ਦਿਖਾਏ ਗਏ। ਭਾਈ ਸਰਵਣ ਸਿੰਘ ਭੌਰ ਦੇ ਕਵੀਸ਼ਰੀ ਜੱਥੇ, ਨਿਸ਼ਾਨ ਸਿੰਘ ਝਬਾਲ ਅਤੇ ਪਿੰਡ ਦੇ ਛੋਟੇ-ਛੋਟੇ ਬੱਚਿਆਂ ਵੱਲੋਂ ਗੁਰੂ ਇਤਿਹਾਸ ਸੁਣਾ ਕਿ ਨਿਹਾਲ ਕੀਤਾ ਗਿਆ। ਇਸ ਮੌਕੇ ਚਰਨਜੀਤ ਸਿੰਘ ਮੁੱਖ ਸੇਵਾਦਾਰ, ਕੇਵਲ ਸਿੰਘ, ਰਸਪਾਲ ਸਿੰਘ, ਮਨਜੀਤ ਸਿੰਘ ਤਲਜਿੰਦਰ ਸਿੰਘ, ਸੰਤੋਖ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਕਰਤਾਰ ਸਿੰਘ, ਸਵਿੰਦਰ ਸਿੰਘ, ਲਖਵਿੰਦਰ ਸਿੰਘ, ਸੁਖਦੇਵ ਸਿੰਘ ਲਾਲੋ, ਸਰਦਾਰ ਸਿੰਘ, ਧਰਮ ਸਿੰਘ, ਕਰਮ ਸਿੰਘ, ਸੁੱਖਵਿੰਦਰ ਸਿੰਘ ਫੋਰਮੈਨ, ਮਨਜਿੰਦਰ ਸਿੰਘ, ਸੁਖਦੇਵ ਸਿੰਘ ਗੁਰੂ, ਸੁਖਜੀਤ ਸਿੰਘ ਸੋਨੂੰ, ਜਗਜੀਤ ਸਿੰਘ, ਸਿਮਰਨਜੀਤ ਸਿੰਘ, ਸੁਖਬੀਰ ਸਿੰਘ ਬੱਬਾ ਠੇਕੇਦਾਰ, (ਸਾਰੇ ਸੇਵਾਦਾਰ) ਤੋਂ ਇਲਾਵਾ ਸਰਪੰਚ ਸਿਮਰਨਜੀਤ ਸਿੰਘ, ਸਰਪੰਚ ਅਜੀਤ ਸਿੰਘ, ਲਖਵਿੰਦਰ ਸਿੰਘ ਬਿਜਲੀ ਵਾਲੇ ਤੋਂ ਇਲਾਵਾ ਸਵ. ਨਿਰਵੈਲ ਸਿੰਘ, ਸਵ. ਦਾਰਾ ਸਿੰਘ ਦਾ ਸਮੁੱਚਾ ਪਰਿਵਾਰ, ਪਿੰਡ ਅਤੇ ਇਲਾਕੇ ਦੀ ਸੰਗਤ ਵੱਡੀ ਗਿਣਤੀ ਵਿਚ ਮੌਜੂਦ ਸੀ।

ਸਟੇਜ ਸਕੱਤਰ ਦੀ ਭੂਮਿਕਾ ਜਥੇਦਾਰ ਬਾਬਾ ਦਿਲਬਾਗ ਸਿੰਘ ਵੱਲੋਂ ਨਿਭਾਈ ਗਈ।

ਗੁਰਦੁਆਰਾ ਕਲਗੀਧਰ ਸਾਹਿਬ ਤੋਂ ਸਜਾਇਆ ਗਿਆ ਵਿਸ਼ਾਲ ਨਗਰ ਕੀਰਤਨ

ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)-ਅਜਨਾਲਾ ਸ਼ਹਿਰ ਦੇ ਗੁਰਦੁਆਰਾ ਕਲਗੀਧਰ ਸਾਹਿਬ ਤੋਂ ਗੁਰੂ ਗੋਬਿੰਦ ਸਿੰਘ ਮਹਾਰਾਜ ਦੇ ਜਨਮ ਦਿਹਾੜੇ ਨੂੰ ਸਮਰਪਿਤ ਇੱਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਸ ਨਗਰ ਕੀਰਤਨ ਦੀ ਅਗਵਾਈ ਜੁਗੋ ਜੁਗ ਅਟੱਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਕਰ ਰਹੇ ਸਨ ਅਤੇ ਪੰਜ ਪਿਆਰੇ ਅਗਵਾਈ ਕਰ ਰਹੇ ਸਨ। ਨਗਰ ਕੀਰਤਨ ਰਵਾਨਾ ਹੋਣ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਪੰਜਾਬ ਦੇ ਕੈਬਿਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਨੂੰਹ ਐਡਵੋਕੇਟ ਅਮਨਦੀਪ ਕੌਰ ਧਾਲੀਵਾਲ ਨੇ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕੀਤੇ। ਇਸ ਮੌਕੇ ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਭੱਟੀ, ਸ਼ਹਿਰੀ ਪ੍ਰਧਾਨ ਅਮਿਤ ਔਲ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂ, ਗੁਰਦੁਆਰਾ ਕਲਗੀਧਰ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭੁਪਿੰਦਰ ਸਿੰਘ ਨਿੱਜਰ, ਕੇਵਲ ਸਿੰਘ ਪ੍ਰਧਾਨ ਗਰੀਬ ਸਿੰਘ ਨਿੱਜਰ, ਸਤਪਾਲ ਸਿੰਘ ਭੱਠੇ ਵਾਲੇ, ਰਾਜਵੀਰ ਕੌਰ ਚਾਹਲ, ਕੌਂਸਲਰ ਬਲਜਿੰਦਰ ਸਿੰਘ ਮਾਹਲ, ਸੁਰਿੰਦਰ ਕੁਮਾਰ ਬੱਬੂ, ਰਮੇਸ਼ ਕੁਮਾਰ ਮਹਾਜਨ, ਅਜੇ ਕੁਮਾਰ, ਗੁਰਦੇਵ ਸਿੰਘ, ਹਰਪ੍ਰੀਤ ਸਿੰਘ ਸੋਹਲ, ਗੁਰਿੰਦਰ ਸਿੰਘ ਗੁੱਜਰਪੁਰਾ ਅਤੇ ਗੋਰਾ ਸੱਗੂ ਆਦਿ ਹਾਜ਼ਰ ਸਨ।

ਕੋਕਲਪੁਰ ਤੋਂ ਸਜਾਏ ਨਗਰ ਕੀਰਤਨ ਦਾ ਸੰਗਤਾਂ ਨੇ ਵੱਖ-ਵੱਖ ਥਾਵਾਂ 'ਤੇ ਕੀਤਾ ਸਵਾਗਤ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਧੰਨ-ਧੰਨ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਕੋਕਲਪੁਰ ਦੇ ਗੁਰਦੁਆਰਾ ਸਾਹਿਬ ਤੋਂ ਸਮੂਹ ਪ੍ਰਬੰਧਕਾਂ ਸੇਵਾਦਾਰਾਂ ਅਤੇ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਧੰਨ-ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਅਤੇ ਪੰਜ ਪਿਆਰੇ ਸਿੰਘ ਸਾਹਿਬਾਨ ਦੀ ਅਗਵਾਈ ਵਿੱਚ ਨਗਰ ਕੀਰਤਨ ਸਜਾਇਆ ਗਿਆ। ਇਹ ਨਗਰ ਕੀਰਤਨ ਪਿੰਡ ਦੇ ਗੁਰਦੁਆਰਾ ਸਾਹਿਬ ਤੋਂ ਆਰੰਭ ਹੋ ਕੇ ਵੱਖ-ਵੱਖ ਥਾਵਾਂ ਤੋਂ ਪਰਿਕਰਮਾ ਕਰਦੇ ਹੋਏ ਗੁਰਦੁਆਰਾ ਸਾਹਿਬ ਵਿੱਚ ਸਮਾਪਤ ਹੋਇਆ ਇਸ ਨਗਰ ਕੀਰਤਨ ਦੇ ਵ

7-jan-PAGE-4-2025.qxd 1/6/2025 10:34 PM Page 1

ਨਵਾਂ ਜ਼ਮਾਨਾ
ਮੰਗਲਵਾਰ, 7 ਜਨਵਰੀ 2025

ਵੰਡਪਾਊ ਸਾਜ਼ਿਸ਼ਾਂ

ਪ੍ਰਯਾਗਰਾਜ (ਅਲਾਹਾਬਾਦ) ਵਿੱਚ ਲੱਗਣ ਜਾ ਰਹੇ ਕੁੰਭ ਮੇਲੇ 'ਚ ਬੰਬ ਧਮਾਕੇ ਕਰਨ ਦੀ ਧਮਕੀ ਤੋਂ ਬਾਅਦ ਸਨਸਨੀ ਫੈਲ ਗਈ। ਧਮਕੀ ਦੇਣ ਵਾਲੇ ਨੇ ਆਪਣਾ ਨਾਂਅ ਨਾਸਿਰ ਪਠਾਣ ਦੱਸਿਆ ਸੀ ਤੇ ਪੁਲਸ ਨੇ ਜਾਂਚ ਕਰਕੇ ਉਸ ਨੂੰ ਬਿਹਾਰ ਦੇ ਭਵਾਨੀਪੁਰ ਤੋਂ ਫੜਿਆ ਤਾਂ ਉਸ ਨੇ ਆਪਣਾ ਅਸਲੀ ਨਾਂਅ ਆਯੂਸ਼ ਜੈਸਵਾਲ ਦੱਸਿਆ ਅਤੇ ਕਿਹਾ ਕਿ ਉਸ ਨੇ ਆਨਲਾਈਨ ਧਮਕੀ ਦੇਣ ਲਈ ਨਾਸਿਰ ਪਠਾਣ ਨਾਂਅ ਵਰਤਿਆ ਸੀ। ਸਰਕਰਦਾ ਅੰਗਰੇਜ਼ੀ ਅਖਬਾਰ 'ਦੀ ਹਿੰਦੂ' ਨੇ ਜੂਨ 2024 ਵਿੱਚ ਇਕ ਰਿਪੋਰਟ ਛਾਪੀ ਸੀ ਕਿ ਆਗਰਾ ਦੀ ਇੱਕ ਅਦਾਲਤ ਨੇ ਧੀਰੇਂਦਰ ਰਾਘਵ ਨੂੰ ਜੁਡੀਸ਼ੀਅਲ ਹਿਰਾਸਤ 'ਚ ਭੇਜ ਦਿੱਤਾ, ਜਿਸ ਨੇ ਮੁਸਲਮ ਪੁਸ਼ਾਕ ਪਾ ਕੇ ਖੁਦ ਨੂੰ ਅੱਤਵਾਦੀ ਦੱਸਦਿਆਂ ਹਿੰਦੂ ਭਾਈਚਾਰੇ ਨੂੰ ਗਾਲ਼ਾਂ ਕੱਢਣ ਵਾਲੀ ਵੀਡੀਓ ਬਣਾਈ ਸੀ। ਪੁਲਸ ਨੇ ਜਨਵਰੀ 2024 ਵਿੱਚ ਲਖਨਊ ਦੇ ਗੋਮਤੀ ਨਗਰ ਦੇ ਦੋ ਨੌਜਵਾਨਾਂ ਤਾਹਰ ਸਿੰਘ ਤੇ ਓਮ ਪ੍ਰਕਾਸ਼ ਮਿਸ਼ਰਾ ਨੂੰ ਗ੍ਰਿਫਤਾਰ ਕੀਤਾ ਸੀ, ਜਿਨ੍ਹਾਂ ਨਵੰਬਰ 2023 ਵਿੱਚ ਪਾਈ ਪੋਸਟ 'ਚ ਅਯੁੱਧਿਆ 'ਚ ਰਾਮ ਮੰਦਰ ਤੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਸੀ। ਉਨ੍ਹਾਂ 'ਐੱਕਸ' ਉੱਤੇ ਪੋਸਟ ਪਾਉਣ ਲਈ ਆਲਮ ਅਨਸਾਰੀ ਖਾਨ ਤੇ ਜ਼ੁਬੈਰ ਖਾਨ ਦੀ ਈਮੇਲ ਆਈ ਡੀ ਦੀ ਵਰਤੋਂ ਕੀਤੀ ਸੀ। ਨਵੰਬਰ 2024 ਵਿੱਚ ਭਗਵੇਂ ਕੱਪੜਿਆਂ ਵਿੱਚ ਤਿੰਨ ਲੋਕਾਂ ਨੂੰ ਦਿਖਾਉਂਦੀ ਵੀਡੀਓ ਵਾਇਰਲ ਹੋਈ, ਜਿਸ ਵਿੱਚ ਕੁਝ ਲੋਕ ਹਿੰਦੂ ਧਰਮ ਬਾਰੇ ਉਨ੍ਹਾਂ ਦੇ ਗਿਆਨ ਦੀ ਜਾਂਚ ਲਈ ਸਵਾਲ ਕਰਦੇ ਨਜ਼ਰ ਆ ਰਹੇ ਹਨ। ਉਨ੍ਹਾਂ ਨੂੰ ਕਹਿ ਰਹੇ ਹਨ ਕਿ ਘੱਟੋ-ਘੱਟ ਸੰਸਕ੍ਰਿਤ ਵਿੱਚ ਇਕ ਸ਼ਲੋਕ ਦਾ ਪਾਠ ਕਰਕੇ ਦਿਖਾਓ, ਨਹੀਂ ਤਾਂ ਉਹ ਉਨ੍ਹਾਂ ਨੂੰ ਜਾਣ ਨਹੀਂ ਦੇਣਗੇ। ਇੱਕ ਨੇ ਕਿਹਾ ਕਿ ਉਹ ਭੋਲੇਨਾਥ ਦੀ ਪੂਜਾ ਕਰਦੇ ਹਨ। ਇਸ ਨੂੰ ਚੁਣੌਤੀ ਦਿੰਦਿਆਂ ਇੱਕ ਬੰਦੇ ਨੇ ਕਿਹਾ ਕਿ ਜੇ ਤੁਸੀਂ ਸਿਰਫ ਇੱਕ ਦੇਵਤਾ ਦਾ ਨਾਂਅ ਹੀ ਜਾਣਦੇ ਹੋ ਤਾਂ ਸੱਚੇ ਸਾਧੂ ਕਿਵੇਂ ਹੋ ਸਕਦੇ ਹੋ। ਉਨ੍ਹਾਂ ਦੁਆਲੇ ਖੜ੍ਹੀ ਭੀੜ ਨੂੰ ਉਨ੍ਹਾਂ ਨੂੰ ਬੰਗਲਾਦੇਸ਼ੀ ਤੇ ਰੋਹਿੰਗਿਆ ਕਹਿ ਕੇ ਕੁੱਟਣ ਦੀ ਗੱਲ ਕਹਿੰਦਿਆਂ ਸੁਣਿਆ ਜਾ ਸਕਦਾ ਹੈ। ਘੇਰੇ ਜਾਣ ਵਾਲਿਆਂ ਵਿੱਚੋਂ ਇੱਕ ਨੇ ਆਪਣਾ ਨਾਂਅ ਸਲਮਾਨ ਦੱਸਿਆ। ਇਸ ਤੋਂ ਬਾਅਦ ਔਪ ਇੰਡੀਆ ਤੇ ਜ਼ੀ 24 ਨੇ ਧੁਮਾ ਦਿੱਤਾ ਕਿ ਸਲਮਾਨ ਤੇ ਉਸ ਦੇ ਸਾਥੀ ਭਗਵੇਂ ਕੱਪੜੇ ਪਾ ਕੇ ਭੀਖ ਮੰਗ ਰਹੇ ਸਨ। ਨਾ ਉਹ ਕੋਈ ਸ਼ਲੋਕ ਪੜ੍ਹ ਸਕਦੇ ਸਨ ਤੇ ਨਾ ਹੀ ਹਿੰਦੂ ਦੇਵੀ-ਦੇਵਤਿਆਂ ਦਾ ਠੀਕ ਤਰ੍ਹਾਂ ਨਾਂਅ ਲੈ ਸਕਦੇ ਸਨ। ਸੁਦਰਸ਼ਨ ਨਿਊਜ਼ ਚੈਨਲ ਨੇ ਤਾਂ ਵੀਡੀਓ ਟਵੀਟ ਕਰਕੇ ਕਹਿ ਦਿੱਤਾ ਕਿ ਗੁਜਰਾਤ ਦੇ ਸੂਰਤ 'ਚ ਜਿਹਾਦੀ ਸਲਮਾਨ ਤੇ ਉਸ ਦਾ ਗਰੋਹ ਸਾਧੂ ਬਣ ਕੇ ਭੀਖ ਮੰਗ ਰਿਹਾ ਸੀ। ਤਿੰਨੇ ਗ੍ਰਿਫਤਾਰ ਕਰ ਲਏ ਗਏ ਹਨ। ਆਰ ਐੱਸ ਐੱਸ ਦੇ ਰਸਾਲੇ 'ਪਾਂਚਜਨਯ' ਨੇ ਵੀ ਟਵੀਟ ਕੀਤਾ—ਸਾਧੂਆਂ ਦੇ ਭੇਸ 'ਚ ਫੜੇ ਗਏ ਮੁਸਲਮਾਨ! ਸਾਧੂ ਬਣਨਾ ਹੈ ਤਾਂ ਹਿੰਦੂ ਕਿਉਂ ਨਹੀਂ ਬਣ ਜਾਂਦੇ? ਦੈਨਿਕ ਭਾਸਕਰ ਸਮੂਹ ਦੇ ਗੁਜਰਾਤੀ ਅਖਬਾਰ 'ਦਿਵਯ ਭਾਸਕਰ' ਨੇ ਅਸਲੀਅਤ ਸਾਹਮਣੇ ਲਿਆਂਦੀ ਕਿ ਤਿੰਨੋਂ ਹਿੰਦੂ ਸਨ ਤੇ ਜੂਨਾਗੜ੍ਹ ਦੇ ਰਹਿਣ ਵਾਲੇ ਸਨ। ਉਸ ਨੇ ਸੂਰਤ ਦੇ ਅਡਾਜਣ ਥਾਣੇ ਦੇ ਇੰਸਪੈਕਟਰ ਆਰ ਬੀ ਗੋਜੀਆ ਦੇ ਹਵਾਲੇ ਨਾਲ ਦੱਸਿਆ ਕਿ ਤਿੰਨਾਂ ਨੇ ਸਹੀ ਨਾਂਅ ਦੱਸੇ ਸਨ। ਇਕ ਦਾ ਨਾਂਅ ਸਲਮਾਨ ਨਾਥ ਹੈ। ਫਰਜ਼ੀ ਖਬਰਾਂ ਦੀ ਤਸਦੀਕ ਕਰਨ ਵਾਲੀ ਆਲਟ ਨਿਊਜ਼ ਨੇ ਦੱਸਿਆ ਕਿ ਉਸ ਦਾ ਪੂਰਾ ਨਾਂਅ ਸਲਮਾਨ ਨਾਥ ਪਰਮਾਰ ਹੈ ਤੇ ਪਿਤਾ ਦਾ ਨਾਂਅ ਸੁਰਮ ਨਾਥ ਪਰਮਾਰ ਹੈ। ਪਰਮਾਰ ਉਪਨਾਮ ਰਾਜਪੂਤ ਵੰਸ਼ ਨਾਲ ਜੁੜਿਆ ਹੈ, ਜਿਹੜੇ ਜ਼ਿਆਦਾਤਰ ਰਾਜਸਥਾਨ, ਗੁਜਰਾਤ, ਪੰਜਾਬ, ਹਰਿਆਣਾ, ਉੱਤਰਾਖੰਡ, ਯੂ ਪੀ, ਬਿਹਾਰ, ਝਾਰਖੰਡ, ਮੱਧ ਪ੍ਰਦੇਸ਼ ਤੇ ਉੱਤਰੀ ਮਹਾਰਾਸ਼ਟਰ 'ਚ ਮਿਲਦੇ ਹਨ। ਸੱਚਾਈ ਸਾਹਮਣੇ ਆਉਣ ਤੋਂ ਬਾਅਦ ਜਿਨ੍ਹਾਂ ਦੱਖਣਪੰਥੀ ਚੈਨਲਾਂ, ਅਖਬਾਰਾਂ ਤੇ ਵੈੱਬਸਾਈਟਾਂ ਨੇ ਇਸ ਘਟਨਾ ਨੂੰ ਲੈ ਕੇ ਜ਼ਹਿਰ ਉਗਲਿਆ ਸੀ, ਉਨ੍ਹਾਂ ਦੀ ਸੱਚ ਪ੍ਰਕਾਸ਼ਤ/ ਪ੍ਰਸਾਰਤ ਕਰਨ ਦੀ ਹਿੰਮਤ ਨਹੀਂ ਪਈ। ਇਸੇ ਤਰ੍ਹਾਂ 2019-20 ਵਿੱਚ ਨਾਗਰਿਕਤਾ ਸੋਧ ਕਾਨੂੰਨ ਖਿਲਾਫ ਅੰਦੋਲਨ ਦੌਰਾਨ ਅਜਿਹੀ ਹੀ ਇੱਕ ਖਬਰ ਆਈ ਸੀ, ਜਿਹੜੀ ਵੱਡੇ ਪੈਮਾਨੇ 'ਤੇ ਬਦਅਮਨੀ ਫੈਲਾ ਸਕਦੀ ਸੀ। ਇਹ ਖਬਰ ਪੱਛਮੀ ਬੰਗਾਲ 'ਚ ਟੋਪੀ ਤੇ ਲੂੰਗੀ ਪਹਿਨੇ ਛੇ ਲੋਕਾਂ ਵੱਲੋਂ ਟਰੇਨ 'ਤੇ ਪਥਰਾਅ ਬਾਰੇ ਸੀ। ਮੁਰਸ਼ਿਦਾਬਾਦ ਪੁਲਸ ਨੇ ਜਾਂਚ 'ਚ ਪਤਾ ਲਾਇਆ ਕਿ ਇਹ ਭਾਜਪਾ ਦੇ ਕਾਰਕੁਨ ਸਨ। ਮੁਰਸ਼ਿਦਾਬਾਦ ਵਿੱਚ ਮੁਸਲਮਾਨ ਕਾਫੀ ਰਹਿੰਦੇ ਹਨ ਤੇ ਉਨ੍ਹਾਂ ਨੂੰ ਬਦਨਾਮ ਕਰਨ ਲਈ ਭਾਜਪਾ ਦੇ ਬੰਦਿਆਂ ਨੇ ਲੂੰਗੀ ਤੇ ਟੋਪੀ ਪਾ ਕੇ ਵਾਰਦਾਤ ਕੀਤੀ। ਅਕਤੂਬਰ 2023 ਵਿੱਚ ਇੱਕ ਅਜਿਹੇ ਵਿਅਕਤੀ ਦੀ ਵੀਡੀਓ ਵਾਇਰਲ ਹੋਈ, ਜਿਹੜਾ ਖੁਦ ਨੂੰ ਜਾਵੇਦ ਹੁਸੈਨ ਦੱਸਦਿਆਂ ਕਹਿ ਰਿਹਾ ਸੀ ਕਿ ਹਰਿਦੁਆਰ ਵਿੱਚ ਮੁਸਲਮਾਨਾਂ ਦਾ ਮੁਕਾਬਲਾ ਕਰਨ ਦਾ ਕਿਸੇ ਹਿੰਦੂ 'ਚ ਦਮ ਨਹੀਂ। ਸੁਦਰਸ਼ਨ ਨਿਊਜ਼ ਦੇ ਪੱਤਰਕਾਰ ਸਾਗਰ ਕੁਮਾਰ ਨੇ ਵੀਡੀਓ ਸਾਂਝੀ ਕੀਤੀ, ਜਿਸ ਨੂੰ 89 ਹਜ਼ਾਰ ਤੋਂ ਵੱਧ ਵਾਰ ਦੇਖਿਆ ਗਿਆ। ਪੁਲਸ ਜਾਂਚ ਵਿੱਚ ਪਤਾ ਲੱਗਾ ਕਿ ਸ਼ਖਸ ਦਲੀਪ ਭਘੇਲ ਨਾਂਅ ਦਾ ਮੰਗਤਾ ਸੀ, ਜਿਸ ਨੂੰ ਨਸ਼ਾ ਕਰਾ ਕੇ ਭੜਕਾਊ ਬਿਆਨ ਦਿਵਾਇਆ ਗਿਆ। ਇਸ ਦੀ ਪੁਸ਼ਟੀ ਬਘੇਲ ਨੇ ਵੀ ਕੀਤੀ।

ਆਏ ਦਿਨ ਅਜਿਹੀਆਂ ਭੜਕਾਊ ਵੀਡੀਓਜ਼ ਸਾਹਮਣੇ ਆ ਰਹੀਆਂ ਹਨ। ਅਜਿਹਾ ਨਹੀਂ ਹੈ ਕਿ ਸਿਰਫ ਹਿੰਦੂ ਹੀ ਮੁਸਲਮਾਨਾਂ ਦੇ ਭੇਸ ਵਿੱਚ ਇਨ੍ਹਾਂ ਨੂੰ ਬਣਾ ਰਹੇ ਹਨ, ਕਈ ਮੁਸਲਮ ਵੀ ਅਜਿਹੀਆਂ ਹਰਕਤਾਂ ਕਰਦੇ ਪਾਏ ਗਏ ਹਨ, ਪਰ ਇਹ ਸਮਾਜ ਨੂੰ ਵੰਡਣ ਦੇ ਖਤਰਨਾਕ ਇਰਾਦਿਆਂ ਨੂੰ ਦਰਸਾਉਂਦੀਆਂ ਹਨ। ਇਨ੍ਹਾਂ ਦਾ ਮਕਸਦ ਕੀ ਹੈ? ਇਸ ਨੂੰ ਸਮਝਣ ਲਈ ਬਹੁਤੇ ਗਿਆਨ ਦੀ ਲੋੜ ਨਹੀਂ।

ਕੇਸਰ ਕਸਤੂਰੀਆਂ...!

ਘੱਟ ਗਿਣਤੀਆਂ ਪਿੰਡ ਤੋਂ ਦੇਸ਼ ਤੀਕਰ,
ਸਦਾ ਭਾਰਾ ਪਾਸਾ ਹੀ ਚੁਣਦੀਆਂ ਨੇ।
ਰੱਖਣ ਵਾਸਤੇ ਹੱਥਾਂ ਵਿੱਚ ਪਾਸਕੂ ਨੂੰ,
ਮੱਕੜੀ ਵਰਗੇ ਜਾਲ ਨੂੰ ਬੁਣਦੀਆਂ ਨੇ।
ਨਜ਼ਰ ਆਉਂਦਾ ਨੀ ਪਿੰਡ ਦੇ ਚੌਧਰੀ ਦਾ,
ਮੱਥੇ 'ਤੇ ਨਿਸ਼ਾਨ ਵੀ ਖੁਣਦੀਆਂ ਨੇ।
ਆਪੋ ਆਪਣੀ ਕੰਧ ਨਾਲ ਕੰਨ ਲਾ ਕੇ,
ਹੁੰਦੇ ਘੋਰ-ਮਸੋਰੇ ਤੱਕ ਸੁਣਦੀਆਂ ਨੇ।
ਖੂੰਜੇ ਲੱਗ ਕੇ ਸ਼ੌਕ ਨਾਲ ਨਹੀਂ ਰਹਿੰਦੇ,
ਪਤਾ ਸਭਨਾਂ ਨੂੰ ਹੈ ਮਜਬੂਰੀਆਂ ਦਾ।
ਲੱਗਾ ਬੈਨ ਹੈ ਹਰੀਆਂ ਸਬਜ਼ੀਆਂ 'ਤੇ,
ਇੱਥੇ ਰਾਜ ਹੈ ਕੇਸਰ ਕਸਤੂਰੀਆਂ ਦਾ।

-ਗੁਲਪੁਰ

'ਇੱਕ ਦੇਸ਼-ਇੱਕ ਚੋਣ' ਬਿੱਲ ਤੇ ਭਾਰਤੀ ਸੰਵਿਧਾਨ


ਐੱਸ ਐੱਲ ਵਿਰਦੀ ਐਡਵੋਕੇਟ

ਭਾਜਪਾ ਦੀ ਕੇਂਦਰ ਸਰਕਾਰ ਦੇ ਕੇਂਦਰੀ ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਨੇ 17 ਦਸੰਬਰ 2024 ਨੂੰ 129ਵਾਂ ਸੰਵਿਧਾਨ ਸੋਧ ਬਿੱਲ ਲੋਕ ਸਭਾ ਤੇ ਵਿਧਾਨ ਸਭਾ ਚੋਣਾਂ ਇੱਕੋ ਵੇਲੇ ਕਰਵਾਉਣ ਸੰਬੰਧੀ 'ਇੱਕ ਰਾਸ਼ਟਰ, ਇੱਕ ਚੋਣ' ਸੰਵਿਧਾਨਕ ਸੋਧ ਬਿੱਲ ਲੋਕ ਸਭਾ ਵਿੱਚ ਪੇਸ਼ ਕੀਤਾ। ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠਲੇ ਕੇਂਦਰੀ ਮੰਤਰੀ ਮੰਡਲ ਨੇ 'ਇੱਕ ਦੇਸ਼, ਇੱਕ ਚੋਣ' ਸੁਧਾਰਾਂ ਨੂੰ ਮਨਜ਼ੂਰੀ ਦਿੱਤੀ ਸੀ। ਜ਼ਿਕਰਯੋਗ ਹੈ ਸਤੰਬਰ 2023 ਨੂੰ ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਦੀ ਰਹਿਨੁਮਾਈ 'ਚ ਇਕ ਹਾਈ ਲੈਵਲ ਕਮੇਟੀ ਬਣਾਈ ਗਈ ਸੀ ਕਿ ਉਹ ਦੇਸ਼ ਦੀਆਂ ਸਭ ਰਾਜਨੀਤਕ ਪਾਰਟੀਆਂ, ਚੋਣ ਕਮਿਸ਼ਨ ਆਫ਼ ਇੰਡੀਆ ਤੇ ਹੋਰ ਕਨੂੰਨਨ ਸੰਸਥਾਵਾਂ ਨਾਲ ਸਲਾਹ-ਮਸ਼ਵਰਾ ਕਰਕੇ ਆਪਣੀ ਰਿਪੋਰਟ ਦੇਵੇ। ਸਾਬਕਾ ਰਾਸ਼ਟਰਪਤੀ ਨੇ ਦੇਸ਼ ਨੂੰ ਚਲਾਉਣ ਵਾਲੀਆਂ ਸੰਸਥਾਵਾਂ, ਚੋਣ ਕਮਿਸ਼ਨ ਤੇ ਸਭ ਰਾਜਨੀਤਕ ਪਾਰਟੀਆਂ ਨਾਲ ਸਲਾਹ-ਮਸ਼ਵਰਾ ਕਰਕੇ, ਤਿੰਨ ਵਾਰ ਹੋਈਆਂ ਮੀਟਿੰਗਾਂ ਤੋਂ ਬਾਅਦ ਆਪਣੀ ਰਿਪੋਰਟ ਸੌਂਪ ਦਿੱਤੀ। ਉਹਨਾ ਪੱਤਰਕਾਰਾਂ ਨੂੰ ਦੱਸਿਆ ਕਿ ਇਸ ਬਾਰੇ ਸੰਸਦੀ ਕਮੇਟੀ ਦੀ ਰਿਪੋਰਟ, ਨੀਤੀ ਆਯੋਗ ਦੀ ਰਿਪੋਰਟ, ਭਾਰਤ ਦੇ ਚੋਣ ਕਮਿਸ਼ਨ ਦੀ ਰਿਪੋਰਟ ਵੀ ਆ ਚੁੱਕੀ ਹੈ ਅਤੇ ਕਈ ਹੋਰ ਸੰਸਥਾਵਾਂ ਦੀਆਂ ਰਿਪੋਰਟਾਂ ਵੀ ਕਮੇਟੀ ਪਾਸ ਆਈਆਂ ਹਨ। ਉਹਨਾਂ ਸਭਨਾਂ ਨੇ ਵੀ ਦੇਸ਼ ਵਿੱਚ 'ਇੱਕ ਦੇਸ਼-ਇੱਕ ਚੋਣ' ਪ੍ਰਣਾਲੀ ਲਾਗੂ ਕੀਤੀ ਜਾਣ ਦੀ ਹਮਾਇਤ ਕੀਤੀ ਹੈ। ਉਹਨਾ ਕਿਹਾ, 'ਇੱਕ ਰਾਸ਼ਟਰ-ਇੱਕ ਚੋਣ' ਦੀ ਪ੍ਰਣਾਲੀ ਦੇਸ਼ ਦੇ ਹਿੱਤ ਵਿਚ ਹੈ, ਕਿਉਂਕਿ ਇਸ ਦਾ ਕਿਸੇ ਵੀ ਪਾਰਟੀ ਨੂੰ ਨਫ਼ਾ ਜਾਂ ਨੁਕਸਾਨ ਨਹੀ ਹੋਵੇਗਾ, ਬਲਕਿ ਇਸ ਦਾ ਸਭ ਤੋਂ ਵੱਡਾ ਫ਼ਾਇਦਾ ਦੇਸ਼ ਤੇ ਆਮ ਲੋਕਾਂ ਨੂੰ ਹੋਵੇਗਾ। ਉਪਰੋਕਤ ਬਿੱਲ ਅਨੁਸਾਰ ਲੋਕ ਸਭਾ ਤੇ ਵਿਧਾਨ ਸਭਾ ਦੀ ਚੋਣ ਇੱਕ ਦਿਨ ਹੋਵੇਗੀ। ਵੋਟਰ ਇੱਕ ਵੋਟ ਲੋਕ ਸਭਾ ਲਈ ਤੇ ਦੂਜੀ ਵੋਟ ਅਸੰਬਲੀ ਮੈਂਬਰ ਨੂੰ ਪਾਏਗਾ। ਇਸੇ ਤਰ੍ਹਾਂ ਨਗਰ ਪਾਲਿਕਾ ਤੇ ਪੰਚਾਇਤਾਂ ਦੇ ਚੁਣਾਓ ਵੀ ਇੱਕੋ ਦਿਨ ਹੋਣਗੇ। ਜੇ ਕੋਈ ਸਰਕਾਰ ਕਾਰਜਕਾਲ ਤੋਂ ਪਹਿਲਾਂ ਡਿੱਗ ਪੈਂਦੀ ਹੈ ਤਾਂ ਉਥੇ ਚੁਣਾਓ ਤਾਂ ਹੋਵੇਗਾ, ਪਰ ਪੰਜ ਸਾਲ ਲਈ ਨਹੀਂ, ਬਲਕਿ ਜਿੰਨਾ ਵਿਧਾਨ ਸਭਾ ਦਾ ਬਾਕੀ ਸਮਾਂ ਰਹਿੰਦਾ ਹੋਵੇਗਾ, ਓਨੇ ਸਮੇਂ ਲਈ ਹੀ ਸਰਕਾਰ ਬਣੇਗੀ।

ਦੇਸ਼ ਦੀ ਸੰਸਦ ਦੇ ਦੋਹਾਂ ਸਦਨਾਂ ਵਿੱਚ ਚੱਲ ਰਹੇ ਸਰਦ ਰੁੱਤ ਦੇ ਅਜਲਾਸ ਦੌਰਾਨ 'ਇੱਕ ਦੇਸ਼, ਇੱਕ ਚੋਣ' ਸੰਬੰਧੀ ਚਰਚਾ ਦੌਰਾਨ ਵੱਖ-ਵੱਖ ਪਾਰਟੀਆਂ ਦੇ ਵੱਖੋ-ਵੱਖ ਅੰਦਾਜ਼ ਦੇਖਣ ਨੂੰ ਸਾਹਮਣੇ ਆਏ ਹਨ। ਕੇਂਦਰ ਦੀ ਭਾਜਪਾ ਸਰਕਾਰ ਅਨੁਸਾਰ ਇਹ ਕਾਨੂੰਨ ਨਾ ਸਿਰਫ਼ ਚੋਣ ਅਮਲ ਨੂੰ ਸੁਚਾਰੂ ਬਣਾਏਗਾ, ਸਗੋਂ ਦੇਸ਼ ਵਿੱਚ ਵੱਖ-ਵੱਖ ਥਾਵਾਂ 'ਤੇ ਵਾਰ-ਵਾਰ ਚੋਣਾਂ ਹੋਣ ਦੇ ਝੰਜਟ ਤੋਂ, ਵਾਰ-ਵਾਰ ਲੱਗਦੇ ਚੋਣ ਜ਼ਾਬਤਿਆਂ ਤੋਂ ਵੀ ਛੁਟਕਾਰਾ ਮਿਲੇਗਾ। ਵਿਕਾਸ ਦੇ ਕੰਮਾਂ ਵਿਚ ਰੁਕਾਵਟ ਨਹੀ ਆਵੇਗੀ, ਅਫ਼ਸਰਸ਼ਾਹੀ ਉਤੇ ਵਾਧੂ ਕੰਮ ਦਾ ਭਾਰ ਨਹੀ ਪਵੇਗਾ ਤੇ ਸਮੇਂ ਦੀ ਵੀ ਬੱਚਤ ਹੋਵੇਗੀ। ਕਾਂਗਰਸ ਦੀ ਸੰਸਦ ਮੈਂਬਰ ਪ੍ਰਿਯੰਕਾ ਗਾਂਧੀ ਵਾਡਰਾ ਨੇ ਸੋਧ ਨਾਲ ਸੰਬੰਧਤ ਸੰਵਿਧਾਨਕ ਸੋਧ ਬਿੱਲ ਨੂੰ ਗੈਰ-ਸੰਵਿਧਨਕ ਦੱਸਦਿਆਂ ਕਿਹਾ ਕਿ ਇਹ ਬਿੱਲ ਸ਼ੰਘਵਾਦ ਦੇ ਖਿਆਫ ਹੈ, ਅਸੀ ਇਸ ਦਾ ਵਿਰੋਧ ਕਰਦੇ ਹਾਂ। ਸ਼੍ਰੋਮਣੀ ਅਕਾਲੀ ਦਲ ਦੀ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਨੇ ਵੀ ਇੱਕ ਰਾਸ਼ਟਰ, ਇੱਕ ਚੋਣ' ਬਿੱਲ ਦਾ ਵਿਰੋਧ ਕੀਤਾ। ਸ਼ਿਵ ਸੈਨਾ (ਯੂ ਬੀ ਟੀ) ਦੇ ਸੰਸਦ ਮੈਂਬਰ ਅਨਿਲ ਦੇਸਾਈ ਨੇ ਕਿਹਾ-ਕੀ ਦੇਸ਼ ਇਸ ਵਾਸਤੇ ਅਮਲੀ ਤੌਰ 'ਤੇ ਤਿਆਰ ਹੈ। 'ਇੱਕ ਦੇਸ਼, ਇੱਕ ਚੋਣ' ਸੁਣਨ ਵਿੱਚ ਚੰਗਾ ਲੱਗਦਾ ਹੈ, ਪਰ ਸਚਾਈ ਕੀ ਹੈ? ਜੇ ਉਹ ਚੋਣ ਸੁਧਾਰਾਂ ਲਈ ਏਨੇ ਕਾਹਲੇ ਹਨ ਤਾਂ ਉਹਨਾ ਮਹਾਰਾਸ਼ਟਰ ਤੇ ਹਰਿਆਣਾ ਦੀਆਂ ਚੋਣਾਂ ਵੱਖ ਕਿਉਂ ਕਰਾਈਆਂ? ਉਹ ਚਾਰ ਰਾਜਾਂ ਦੀਆਂ ਚੋਣਾਂ ਤਾਂ ਇਕੱਠੇ ਕਰਵਾ ਨਹੀਂ ਸਕੇ। ਇਹ ਦੇਸ਼ ਦੇ ਸੰਘੀ ਢਾਂਚੇ ਦੀ ਖ਼ਿਲਾਫ਼ਵਰਜੀ ਹੈ। ਆਪ ਦੇ ਸੰਸਦ ਮੈਂਬਰ ਸੰਜੇ ਸਿੰਘ ਨੇ ਕਿਹਾ-ਮੋਦੀ ਸਰਕਾਰ ਦਾ ਇੱਕੋ ਨਾਅਰਾ ਹੈ 'ਇੱਕ ਦੇਸ਼, ਇੱਕ ਅਡਾਨੀ'। ਸਮਾਜਵਾਦੀ ਪਾਰਟੀ ਦੇ ਮੁਖੀ ਅਖਿਲੇਸ਼ ਯਾਦਵ ਨੇ 'ਇੱਕ ਦੇਸ਼, ਇੱਕ ਚੋਣ' ਦੇ ਮੁੱਦੇ 'ਤੇ ਕੇਂਦਰ ਨੂੰ ਘੇਰਦਿਆਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਸ ਯੋਜਨਾ ਸੰਬੰਧੀ ਰਿਪੋਰਟ ਦੇ ਦੋ ਹਜ਼ਾਰ ਪੰਨੇ ਹੋਣਗੇ, ਸਾਨੂੰ ਰਿਪੋਰਟ ਦੇ ਤੱਥਾਂ ਬਾਰੇ ਕੁਝ ਵੀ ਪਤਾ ਨਹੀਂ ਹੈ। ਜੇ ਭਾਜਪਾ ਏਨੀ ਹੀ ਕਾਹਲੀ 'ਚ ਹੈ ਤਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਜ ਹੀ ਸਰਕਾਰ ਭੰਗ ਕਰਕੇ ਮੁੜ ਚੋਣਾਂ ਕਰਾਉਣ।

ਸੰਯੁਕਤ ਕਿਸਾਨ ਮੋਰਚੇ ਨੇ ਕਿਹਾ,'ਇੱਕ ਦੇਸ਼ ਇੱਕ ਚੋਣ ਬਿੱਲ' ਸੂਬਾ ਸਰਕਾਰਾਂ ਦੇ ਸੰਘੀ ਅਧਿਕਾਰਾਂ ਨੂੰ ਖ਼ਤਮ ਕਰਕੇ 'ਇੱਕ ਮਾਰਕੀਟ' ਬਣਾਉਣ ਦਾ ਕਾਰਪੋਰੇਟ ਏਜੰਡਾ ਹੈ। ਮੋਰਚੇ ਨੇ ਦੋਸ਼ ਲਗਾਇਆ ਕਿ ਮਾਲ ਅਤੇ ਸੇਵਾ ਕਰ, ਡਿਜੀਟਲ ਖੇਤੀ ਮਿਸ਼ਨ, ਰਾਸ਼ਟਰੀ ਸਹਿਕਾਰਤਾ ਅਤੇ ਖੇਤੀ ਬਾਜ਼ਾਰ ਸੰਬੰਧੀ ਨੀਤੀ ਢਾਂਚਾ ਕਾਰਪੋਰੇਟ ਤਾਕਤਾਂ ਅਧੀਨ ਉਤਪਾਦਨ, ਪ੍ਰੋਸੈਸਿੰਗ ਅਤੇ ਮਾਰਕੀਟ ਨੂੰ ਕੇਂਦਰਤ ਕਰਨ ਦੀ ਇੱਕ ਵੱਡੀ ਯੋਜਨਾ ਦਾ ਹਿੱਸਾ ਹਨ। ਸੰਯੁਕਤ ਕਿਸਾਨ ਮੋਰਚਾ 'ਇੱਕ ਰਾਸ਼ਟਰ, ਇੱਕ ਚੋਣ' ਬਿੱਲ ਦਾ ਸਖ਼ਤ ਵਿਰੋਧ ਕਰਦਾ ਹੈ। ਤ੍ਰਿਣਮੂਲ ਕਾਂਗਰਸ ਦੀ ਪ੍ਰਧਾਨ ਤੇ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ 'ਇੱਕ ਦੇਸ਼-ਇੱਕ ਚੋਣ' ਦੀ ਧਾਰਨਾ ਨਾਲ ਅਸਹਿਮਤੀ ਜਤਾਉਂਦਿਆਂ ਕਿਹਾ ਕਿ ਇਹ ਸਿਧਾਂਤ ਭਾਰਤੀ ਸੰਵਿਧਾਨ ਦੇ ਬੁਨਿਆਦੀ ਢਾਂਚੇ ਨਾਲ ਮੇਲ ਨਹੀ ਖਾਂਦਾ? ਜਿਨ੍ਹਾਂ ਰਾਜਾਂ ਵਿੱਚ ਅਜੇ ਅਸੈਂਬਲੀ ਚੋਣਾਂ ਕਰਾਉਣ ਦਾ ਸਮਾਂ ਪਿਆ ਹੈ, ਉਨ੍ਹਾਂ ਨੂੰ ਇੱਕੋ ਸਮੇਂ ਚੋਣਾਂ ਦੇ ਇਸ ਸਿਧਾਂਤ ਤਹਿਤ ਅਗਾਊ ਚੋਣਾਂ

7-JAN-PAGE-5.qxd 1/6/2025 9:21 PM Page 1

ਫਿਰੋਜਪੁਰ

ਸ੍ਰੀ ਮੁਕਤਸਰ ਸਾਹਿਬ

ਮੋਗਾ

ਪੰਜਾਬ ਰੋਡਵੇਜ਼, ਪਨਬਸ/ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਵੱਲੋਂ 3 ਰੋਜ਼ਾ ਚੱਕਾ ਜਾਮ

ਫਿਰੋਜਪੁਰ (ਅਸ਼ੋਕ ਸ਼ਰਮਾ)

ਪੰਜਾਬ ਰੋਡਵੇਜ਼ ਪਨਬਸ/ਪੀਆਰਟੀਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਦੀ ਹੜਤਾਲ ਦੇ ਪਹਿਲੇ ਦਿਨ ਫਿਰੋਜ਼ਪੁਰ ਡਿੱਪੂ ਵਿਖੇ ਰੈਲੀ ਕੀਤੀ ਗਈ। ਇਸ ਮੌਕੇ ਬੋਲਦਿਆਂ ਸੂਬਾ ਪ੍ਰਧਾਨ ਰੋਸ਼ਮ ਸਿੰਘ ਗਿੱਲ, ਡਿੱਪੂ ਪ੍ਰਧਾਨ ਜਤਿੰਦਰ ਸਿੰਘ ਨੇ ਦੱਸਿਆ ਕਿ ਪਿਛਲੇ 2 ਜਨਵਰੀ ਨੂੰ ਟਰਾਂਸਪੋਰਟ ਮੰਤਰੀ ਪੰਜਾਬ ਵਲੋਂ ਖ਼ਾਨਾਪੂਰਤੀ ਲਈ ਮੀਟਿੰਗ ਕੀਤੀ ਗਈ।ਟਰਾਂਸਪੋਰਟ ਮੰਤਰੀ ਪੰਜਾਬ ਵੱਲੋਂ ਟਰਾਂਸਪੋਰਟ ਦੀਆਂ ਵੱਖ-ਵੱਖ ਜਥੇਬੰਦੀਆ ਨੂੰ ਮੀਟਿੰਗ ਦੇ ਵਿੱਚ ਸ਼ਾਮਲ ਕਰਕੇ ਟਰਾਂਸਪੋਰਟ ਦੇ ਮੁਲਾਜ਼ਮਾਂ ਨੂੰ 10 ਸਾਲ ਵਾਲੀ ਡਾਊਨ ਕੇਡਰ ਦੀ ਪਾਲਸੀ ਨੂੰ ਲਾਗੂ ਕਰਨ ਦੇ ਲਈ ਜਬਰੀ ਹਾਮੀ ਭਰਵਾਉਣ ਦੀ ਕੋਸ਼ਿਸ਼ ਕੀਤੀ ਗਈ, ਜਿਸ ਵਿੱਚ ਕੋਈ ਵੀ ਟਰਾਂਸਪੋਰਟ ਦੇ ਪੱਕੇ ਮੁਲਾਜ਼ਮ ਨੂੰ ਮਿਲਣ ਵਾਲੀਆਂ ਵਿਸ਼ੇਸ਼ ਸਹੂਲਤ ਨਹੀਂ ਹਨ ਜੰਥੇਬੰਦੀ ਵੱਲੋਂ ਕਿਹਾ ਗਿਆ ਕਿ ਸਾਨੂੰ ਸਾਡੇ ਵਿਭਾਗ ਦੇ ਸਰਵਿਸ ਰੂਲਾ ਤਹਿਤ ਪੱਕਾ ਕੀਤਾ ਜਾਵੇ ਨਾ ਕੀ ਇਸ ਕੱਚੀ ਪਿੱਲੀ ਪਾਲਸੀ ਦੇ ਤਹਿਤ ਲਗਭਗ 1 ਸਾਲ ਤੋਂ ਜੰਥੇਬੰਦੀ ਇਸ ਪਾਲਸੀ ਨੂੰ ਲੈ ਕੇ ਸਰਕਾਰ ਨਾਲ ਲਗਾਤਾਰ ਮੀਟਿੰਗ ਕਰਦੀ ਆ ਰਹੀ ਹਰ ਵਾਰੀ ਸਰਕਾਰ ਵੱਲੋਂ ਟਾਲ ਮਟੋਲ ਕਰਕੇ ਸਮਾਂ ਟਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਲਗਭਗ 1 ਸਾਲ ਤੋਂ ਇਹ ਹੀ ਚੱਲ ਰਿਹਾ ਹੈ।ਸੈਕਟਰੀ ਮੁੱਖਪਾਲ ਸਿੰਘ, ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ, ਕੈਸ਼ੀਅਰ ਜਸਵੀਰ ਸਿੰਘ, ਮੀਤ ਪ੍ਰਧਾਨ ਸੋਰਵ ਮੈਣੀ ਨੇ ਦੱਸਿਆ ਕਿ ਸਰਕਾਰ ਟਰਾਂਸਪੋਰਟ ਦੇ ਮੁਲਾਜ਼ਮਾਂ ਨੂੰ ਇੱਕ ਕੱਚੀ ਪਿੱਲੀ ਪਾਲਸੀ ਦੀ ਗੱਲ ਕਰਕੇ ਸਮਾਂ ਟਪਾ ਰਹੀ ਹੈ। ਮੁੱਖ ਮੰਤਰੀ ਪੰਜਾਬ ਵੱਲੋਂ ਟਰਾਂਸਪੋਰਟ ਦੇ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਦਾ ਹੱਲ ਕਰਨ ਦੇ ਲਈ ਕਮੇਟੀ ਬਣਾਈ ਸੀ 2 ਤੋਂ 3 ਮੀਟਿੰਗ ਹੋਣ ਦੇ ਬਾਵਜੂਦ ਵੀ ਕੋਈ ਵੀ ਹੱਲ ਨਹੀਂ ਕੀਤਾ ਗਿਆ। ਮੀਤ ਪ੍ਰਧਾਨ ਰਮਨਦੀਪ ਸਿੰਘ, ਗੋਰਵ, ਰਾਜਿੰਦਰ ਸਿੰਘ, ਹਰਜੀਤ ਸਿੰਘ, ਸਤਨਾਮ ਸਿੰਘ, ਜਸਪਾਲ ਸਿੰਘ, ਕੈਸ਼ੀਅਰ ਅਜੈ ਕੁਮਾਰ ਨੇ ਦੱਸਿਆ ਕਿ ਇੱਥੇ ਪੰਜਾਬ ਦੇ ਨੌਜਵਾਨ ਨੂੰ ਰੋਜ਼ਗਾਰ ਦੇਣ ਲਈ ਅਤੇ ਕੰਟਰੈਕਟ ਤੇ ਕਰਨ ਦੀ ਬਜਾਏ ਉਲਟਾ ਆਊਟ ਸੋਰਸ ਤੇ ਭਰਤੀ ਕੀਤੀ ਜਾ ਰਹੀ ਹੈ।ਦਾਤਾਰ ਸਕਿਊਰਟੀ ਗਰੁੱਪ ਠੇਕੇਦਾਰ ਵੱਲੋਂ 5 ਕਰੋੜ ਰੁਪਏ ਈਪੀਐੱਫ ਈਐੱਸਆਈ ਦਾ ਤੇ 7 ਕਰੋੜ ਸਕਿਊਰਟੀਆਂ ਦੇ ਨਾਮ ਤੇ ਲੁੱਟ ਕਰਕੇ ਠੇਕੇਦਾਰ ਨੂੰ ਭਜਾ ਦਿੱਤਾ ਗਿਆ ਹੈ ਤੇ ਹੁਣ ਹਰਿਆਣੇ ਤੋਂ ਨਵਾਂ ਠੇਕੇਦਾਰ ਲਿਆਂਦਾ ਜਾ ਰਿਹਾ ਹੈ, ਪੰਜਾਬ ਦੇ ਰੋਜ਼ਗਾਰ ਨੂੰ ਖਤਮ ਕੀਤਾ ਜਾ ਰਿਹਾ ਹੈ ।ਜਿਸ ਦੇ ਰੋਸ ਵਜੋਂ 6, 7, 8 ਜਨਵਰੀ ਨੂੰ ਪੰਜਾਬ ਭਰ ਦੇ ਵਿੱਚ ਚੱਕਾ ਜਾਮ ਕੀਤਾ ਗਿਆ ਹੈ। ਪੰਜਾਬ ਦੇ ਵਿੱਚ ਸਰਕਾਰ ਵਿਭਾਗ ਨੂੰ ਬਚਾਉਣ ਤੇ ਆਪਣੇ ਰੋਜ਼ਗਾਰ ਨੂੰ ਪੱਕਾ ਕਰਵਾਉ ਦੇ ਲਈ ਸਰਕਾਰ ਦੇ ਖਿਲਾਫ ਸੰਘਰਸ਼ ਕੀਤਾ ਜਾ ਰਿਹਾ ਹੈ।7 ਜਨਵਰੀ ਨੂੰ ਮੁੱਖ ਮੰਤਰੀ ਪੰਜਾਬ ਦੀ ਰਹਾਇਸ਼ ਤੇ ਧਰਨਾ ਦਿੱਤਾ ਜਾਵੇਗਾ, ਜੇਕਰ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ ਯੂਨੀਅਨ ਅਣਮਿੱਥੇ ਸਮੇਂ ਦੀ ਹੜਤਾਲ ਸਮੇਤ ਆਮ ਆਦਮੀ ਪਾਰਟੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਘਰ ਅੱਗੇ ਵੀ ਧਰਨਾ ਦੇਣ ਲਈ ਮਜ਼ਬੂਰ ਹੋਵੇਗੀ ਜਿਸ ਦੀ ਜ਼ਿੰਮੇਵਾਰੀ ਸਰਕਾਰ ਅਤੇ ਮਨੇਜਮੈਂਟ ਦੀ ਹੋਵੇਗੀ।

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ) : ਪੰਜਾਬ ਰੋਡਵੇਜ਼/ਪਨਬਸ/ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ ਯੂਨੀਅਨ ਪੰਜਾਬ 25/11 ਵੱਲੋਂ 3 ਰੋਜ਼ਾ ਚੱਕਾ ਜਾਮ ਕਰਕੇ ਡਿੱਪੂ ਅੱਗੇ ਰੋਸ ਰੈਲੀ ਕੀਤੀ ਗਈ। ਰੈਲੀ ਨੂੰ ਸੰਬੋਧਨ ਕਰਦਿਆਂ ਸੂਬਾ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਢਿੱਲੋ ਨੇ ਦੱਸਿਆ ਕਿ ਸਰਕਾਰ ਟਰਾਂਸਪੋਰਟ ਦੇ ਮੁਲਾਜ਼ਮਾਂ ਨੂੰ ਇੱਕ ਕੱਚੀ ਪਿੱਲੀ ਪਾਲਸੀ ਦੀ ਗੱਲ ਕਰਕੇ ਸਮਾਂ ਟਪਾ ਰਹੀ ਹੈ।ਮੁੱਖ ਮੰਤਰੀ ਪੰਜਾਬ ਵੱਲੋਂ ਟਰਾਂਸਪੋਰਟ ਦੇ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਦਾ ਹੱਲ ਕਰਨ ਦੇ ਲਈ ਕਮੇਟੀ ਬਣਾਈ ਸੀ 2 ਤੋਂ 3 ਮੀਟਿੰਗ ਹੋਣ ਦੇ ਬਾਵਜੂਦ ਵੀ ਕੋਈ ਵੀ ਹੱਲ ਨਹੀਂ ਕੀਤਾ ਗਿਆ, ਜਦੋਂਕਿ ਜੰਥੇਬੰਦੀ ਵੱਲੋਂ ਨਾਲ ਲਗਦੇ ਸੂਬਿਆਂ ਹਰਿਆਣਾ ਤੇ ਹਿਮਾਚਲ ਦੇ ਵਿੱਚ 2 ਤੋਂ 3 ਸਾਲ ਤੋਂ ਕੰਮ ਕਰਦੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਗਿਆ, ਜਿਨ੍ਹਾਂ ਦੀਆਂ ਲਿਖਤਾਂ ਵੀ ਸਰਕਾਰ ਤੇ ਮੈਨੇਜਮੈਂਟ ਨੂੰ ਦਿੱਤੀਆਂ ਗਈਆਂ ਹਨ ਅਤੇ ਪੰਜਾਬ ਦੇ ਵਿੱਚ ਰਮਸਾ, ਹਿੰਦੀ ਅਧਿਆਪਕ, ਬਿਜਲੀ ਬੋਰਡ ਵਿੱਚ ਲਾਈਨਮੈਨ 5-7 ਸਾਲ ਵਾਲੇ ਖਾਲਸਾ ਕਾਲਜ ਅੰਮ੍ਰਿਤਸਰ ਦੇ ਪ੍ਰਿੰਸੀਪਾਲ ਪੱਕੇ ਕੀਤੇ , ਕੰਟਰੈਕਟ ਤੇ ਫਤਿਹਗੜ੍ਹ ਚੂੜੀਆਂ ਵਾਲੇ ਮਿਉਂਸੀਪਲ ਕਾਰਪੋਰੇਸ਼ਨ ਦੇ ਮੁਲਾਜ਼ਮਾਂ ਨੂੰ ਕੰਟਰੈਕਟ ਤੇ ਕੀਤੇ ਇਹ ਸਾਰੇ ਨੋਟੀਫਿਕੇਸ਼ਨ ਜੰਥੇਬੰਦੀ ਵੱਲੋਂ ਗਠਿਤ ਕਮੇਟੀ ਅੱਗੇ ਰੱਖੇ ਗਏ ਪਰ ਸਰਕਾਰ ਉਹਨਾਂ ਗੱਲ ਤੋਂ ਟਾਲ ਮਟੋਲ ਕਰਕੇ ਭੱਜਦੀ ਨਜ਼ਰ ਆ ਰਹੀ ਜਦੋਂ ਕਿ ਮੌਜੂਦਾ ਸਰਕਾਰ ਵੱਲੋਂ ਵੀ ਆਊਟ ਸੋਰਸ ਮੁਲਾਜ਼ਮਾਂ ਨੂੰ ਕੰਟਰੈਕਟ ਤੇ ਕੀਤਾ ਗਿਆ ਜਿਸ ਦਾ ਸਾਰਾ ਪਰਫ ਕਮੇਟੀ ਵਿੱਚ ਜੰਥੇਬੰਦੀ ਨੇ ਪੇਸ਼ ਵੀ ਕੀਤਾ ਸੀ ਪਰ ਸਰਕਾਰ ਦਿੱਤੇ ਹੋਏ ਪਰੂਫ ਨੂੰ ਕੂੜੇ ਵਿੱਚ ਸੁੱਟ ਦਿੰਦੀ ਹੈ ਤੇ ਡਾਇਨਾ ਕੇਡਰ ਦੀ ਪਾਲਸੀ ਤਹਿਤ ਵਿਭਾਗ ਨੂੰ ਖਤਮ ਕਰਨ ਵਾਲੇ ਪਾਸੇ ਨੂੰ ਜਾ ਰਹੀ ਹੈ, ਜਿਸ ਦਾ ਸਿੱਧੇ ਤੌਰ ਤੇ ਸਪੱਸ਼ਟ ਹੁੰਦਾ ਹੈ ਕਿ ਵਿਭਾਗਾਂ ਨੂੰ ਖਤਮ ਕਰ ਦੇਣਾ ਚਹੁੰਦੀ ਹੈ 3 ਸਾਲ ਬੀਤ ਜਾਣ ਦੇ ਬਾਵਜੂਦ ਸਰਕਾਰ ਨੇ ਵਿਭਾਗ ਦੇ ਵਿੱਚ ਬੱਸਾਂ ਪਾਉਣ ਦੀ ਕੋਈ ਅਨੁਮਤੀ ਨਹੀਂ ਦਿੱਤੀ, ਜਦੋਂ ਕਿ ਵਿਭਾਗਾਂ ਨੇ ਲੋਨ ਤੇ ਖੁਦ ਬੱਸਾਂ ਖਰੀਦਣੀ ਹੁੰਦੀਆਂ ਨੇ ਤੇ ਉਨ੍ਹਾ ਬੱਸਾਂ ਨੂੰ ਕਰਜਾ ਮੁਕਤ ਵੀ ਕੱਚੇ ਮੁਲਾਜ਼ਮਾਂ ਹੀ ਕਰਦੇ ਹਨ ਉਲਟਾ ਸਰਕਾਰ ਵੱਲੋਂ ਸਰਕਾਰੀ ਬੱਸ ਸਟੈਂਡ ਨੂੰ ਠੇਕੇ ਤੇ ਦਿੱਤਾ ਜਾ ਰਿਹਾ। ਸੰਭਾਲ ਦੇ ਲਈ ਜਦੋਂ ਕਿ ਇੱਥੇ ਪੰਜਾਬ ਦੇ ਨੌਜਵਾਨ ਨੂੰ ਰੋਜ਼ਗਾਰ ਵੀ ਦਿੱਤਾ ਜਾ ਸਕਦਾ ਸੀ ਵਿਭਾਗ ਦੇ ਵਿੱਚ ਭਰਤੀ ਕਰਕੇ ਠੇਕੇਦਾਰ ਨੇ ਆਪਣੀ ਮਰਜ਼ੀ ਦੇ ਪੰਜਾਬ ਤੋ ਬਾਹਰ ਦੇ ਲੋਕਾਂ ਨੂੰ ਰੋਜ਼ਗਾਰ ਦੇਣਾ ਹੈ ਪੰਜਾਬ ਦੇ ਰੋਜ਼ਗਾਰ ਨੇ ਖਤਮ ਕੀਤਾ ਜਾ ਰਿਹਾ ਹੈ, ਜਿਸ ਦੇ ਰੋਸ ਵਜੋਂ 6/7/8 ਜਨਵਰੀ ਨੂੰ ਪੰਜਾਬ ਭਰ ਦੇ ਵਿੱਚ ਚੱਕਾ ਜਾਮ ਕੀਤਾ ਗਿਆ। 7 ਜਨਵਰੀ ਨੂੰ ਮੁੱਖ ਮੰਤਰੀ ਪੰਜਾਬ ਦੀ ਰਹਾਇਸ਼ ਤੇ ਧਰਨਾ ਦਿੱਤਾ ਜਾਵੇਗਾ, ਜੇਕਰ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ ਆਮ ਆਦਮੀ ਪਾਰਟੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਘਰ ਅੱਗੇ ਵੀ ਧਰਨਾ ਦੇਣ ਮਜਬੂਰ ਹੋਣਗੇ।

ਮੋਗਾ (ਇਕਬਾਲ ਸਿੰਘ ਖਹਿਰਾ) : ਪੰਜਾਬ ਰੋਡਵੇਜ਼ ਪਨਬਸ/ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਦੀ ਹੜਤਾਲ ਦੇ ਪਹਿਲੇ ਦਿਨ ਮੋਗਾ ਡਿੱਪੂ ਵਿੱਚ ਬੋਲਦਿਆਂ ਬਲਜਿੰਦਰ ਸਿੰਘ ਡਿੱਪੂ ਸੈਕਟਰੀ ਗੁਰਪ੍ਰੀਤ ਸਿੰਘ, ਬਚਿੱਤਰ ਸਿੰਘ, ਅਮਨਦੀਪ ਸਿੰਘ, ਗੁਰਜੰਟ ਸਿੰਘ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਸਰਕਾਰ ਟਰਾਂਸਪੋਰਟ ਦੇ ਮੁਲਾਜ਼ਮਾਂ ਨੂੰ ਇੱਕ ਕੱਚੀ ਪਿੱਲੀ ਪਾਲਸੀ ਦੀ ਗੱਲ ਕਰਕੇ ਸਮਾਂ ਟਪਾ ਰਹੀ ਹੈ। ਇਸ ਮੌਕੇ ਭਰਾਤਰੀ ਜਥੇਬੰਦੀਆਂ ਵੱਲੋਂ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ, ਇਡੀਅਨ ਫਾਰਮਰਜ ਐਸੋਸੀਏਸ਼ਨ ਪੰਜਾਬ ਦੇ ਨੁਮਾਇੰਦੇ ਤੇ ਬੁਲਾਰੇ ਵੀ ਪਹੁੰਚੇ ਪੰਜਾਬ ਰੋਡਵੇਜ਼ ਪੱਨਬੱਸ / ਪੀ ਆਰ ਟੀ ਸੀ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ, 25/11 ਡਿੱਪੂ ਕਮੇਟੀ ਮੋਗਾ ਤੇ ਸਾਰੇ ਵਰਕਰ ਹਾਜ਼ਰ ਹੋਏ।

ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਨਰੇਗਾ ਅਸਲ ਮਕਸਦ ਤੋਂ ਭਟਕਿਆ : ਗੋਰਾ ਪਿਪਲੀ

ਕੋਟਕਪੂਰਾ (ਰਛਪਾਲ ਭੁੱਲਰ)-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਜਿਲਾ ਫਰੀਦਕੋਟ ਵੱਲੋਂ ਹਲਕਾ ਕੋਟਕਪੂਰੇ ਦੇ ਪਿੰਡ ਵਾਂਦਰ ਜਟਾਣਾ ਵਿਖੇ ਨਰੇਗਾ ਮਜ਼ਦੂਰਾਂ ਦੀ ਮੀਟਿੰਗ ਕੀਤੀ ਗਈ, ਜਿਸ ਵਿੱਚ ਭਾਰੀ ਗਿਣਤੀ ਵਿੱਚ ਨਰੇਗਾ ਵਰਕਰਾਂ ਨੇ ਸ਼ਮੂਲੀਅਤ ਕੀਤੀ।ਵਰਕਰਾਂ ਨੂੰ ਸੰਬੋਧਨ ਕਰਨ ਲਈ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਗੋਰਾ ਸਿੰਘ ਪਿਪਲੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਨਰੇਗਾ ਮਜ਼ਦੂਰਾਂ ਨੂੰ ਮੁਖਾਤਬ ਹੁੰਦਿਆਂ ਕਾਮਰੇਡ ਗੋਰਾ ਸਿੰਘ ਪਿਪਲੀ ਨੇ ਕਿਹਾ ਕਿ ਸਰਕਾਰ ਤੇ ਅਫਸਰਸ਼ਾਹੀ ਦੀਆਂ ਗਲਤ ਨੀਤੀਆਂ ਕਰਕੇ ਨਰੇਗਾ ਕਾਨੂੰਨ ਆਪਣੀ ਹੋਂਦ ਗਵਾ ਰਿਹਾ ਹੈ।ਨਰੇਗਾ ਕਾਨੂੰਨ ਦਾ ਅਸਲ ਮਕਸਦ ਹਰੇਕ ਪੇਂਡੂ ਪਰਿਵਾਰ ਨੂੰ 100 ਦਿਨ ਰੁਜ਼ਗਾਰ ਮੁਹੱਈਆ ਕਰਵਾਉਣਾ ਸੀ, ਪਰ ਪੰਜਾਬ ਵਿੱਚ ਕਿਤੇ ਵੀ ਸੌ ਦਿਨ ਕੰਮ ਮਹੱਈਆ ਨਹੀਂ ਕਰਵਾਇਆ ਜਾ ਰਿਹਾ। ਸੱਤਾਧਾਰੀ ਪਾਰਟੀ ਤੇ ਸੱਤਾਧਾਰੀ ਪੰਚਾਇਤਾਂ ਆਪਣੀ ਮਰਜ਼ੀ ਨਾਲ ਮੇਟ ਨਿਯੁਕਤ ਕਰਕੇ ਕਾਨੂੰਨ ਦੀਆਂ ਧੱਜੀਆਂ ਉਡਾ ਰਹੀਆਂ ਹਨ।ਲੋਕਾਂ ਦੀ ਰਾਏ ਤੋਂ ਬਿਨਾਂ ਧੱਕੇ ਨਾਲ ਮੇਟ ਥੋਪੇ ਜਾ ਰਹੇ ਹਨ ਜੋ ਕਿ ਕਾਨੂੰਨ ਮੁਤਾਬਿਕ ਗਲਤ ਹਨ।ਬਜ਼ੁਰਗ ਮਰਦ ਔਰਤਾਂ ਨੂੰ ਕੰਮ ਤੋਂ ਜਵਾਬ ਦਿੱਤਾ ਜਾ ਰਿਹਾ ਹੈ।ਮੇਟ ਸਿਰਫ ਆਪਣੇ ਚਹੇਤਿਆਂ ਨੂੰ ਕੰਮ ਦੇ ਰਹੇ ਹਨ।ਪਿੰਡਾਂ ਦੇ ਮੇਟਾਂ ਕਰਕੇ ਗ੍ਰਾਮ ਸੇਵਕ ਆਪਣੀ ਜ਼ਿੰਮੇਵਾਰੀ ਨਹੀਂ ਨਿਭਾਅ ਰਹੇ।ਨਰੇਗਾ ਵਰਕਰਾਂ ਨੂੰ ਸਿਰਫ ਪਿੰਡਾਂ ਦੇ ਮੇਟਾਂ 'ਤੇ ਛੱਡਿਆ ਹੋਇਆ ਹੈ।ਪਿੰਡਾਂ ਦੇ ਮੇਟ ਰਾਜਨੀਤਕ ਵਿਤਕਰੇਬਾਜ਼ੀ ਕਰਦੇ ਹਨ।

ਇਨ੍ਹਾਂ ਸਮੱਸਿਆਵਾਂ ਕਾਰਨ ਲੋਕਾਂ ਨੂੰ ਪੂਰਾ ਸੌ ਦਿਨ ਕੰਮ ਨਹੀਂ ਮਿਲ ਰਿਹਾ।ਜੇਕਰ ਕੰਮ ਨਾ ਮਿਲੇ ਤਾਂ ਸਰਕਾਰ ਨੇ ਬੇਰੁਜ਼ਗਾਰੀ ਭੱਤੇ ਦਾ ਪ੍ਰਬੰਧ ਕਰਨਾ ਹੁੰਦਾ ਹੈ, ਪਰ ਅੱਜ ਤੱਕ ਕਿਤੇ ਵੀ ਭੱਤਾ ਨਹੀਂ ਦਿੱਤਾ ਗਿਆ।ਯੂਨੀਅਨ ਮੰਗ ਕਰਦੀ ਹੈ ਕਿ ਅਫਸਰਸ਼ਾਹੀ ਆਪਣੀ ਤਾਕਤ ਪਛਾਣੇ ਤੇ ਰਾਜਨੀਤਕ ਲੋਕਾਂ 'ਤੇ ਦਬਾਅ ਤੋਂ ਮੁਕਤ ਹੋਵੇ।ਯੂਨੀਅਨ ਮੰਗ ਕਰਦੀ ਹੈ ਕਿ ਹਰ ਨਰੇਗਾ ਵਰਕਰ ਨੂੰ 200 ਦਿਨ ਕੰਮ ਮਿਲੇ, 1000 ਦਿਹਾੜੀ ਮਿਲੇ।ਕੰਮ ਨਾ ਮਿਲਣ ਦੀ ਸੂਰਤ ਵਿੱਚ ਬੇਰੁਜ਼ਗਾਰੀ ਭੱਤਾ ਮਿਲੇ।ਵਰਕਰਾਂ ਦੀ ਸਹਿਮਤੀ ਨਾਲ ਮੇਟ ਬਣਾਏ ਜਾਣ, ਜੇਕਰ ਸਰਕਾਰ ਤੇ ਅਫਸਰਸ਼ਾਹੀ ਨੇ ਇਨ੍ਹਾਂ ਮੁਸ਼ਕਲਾਂ ਵੱਲ ਧਿਆਨ ਨਾ ਦਿੱਤਾ ਤਾਂ ਯੂਨੀਅਨ ਆਉਣ ਵਾਲੇ ਸਮੇਂ ਵਿੱਚ ਵੱਡਾ ਸੰਘਰਸ਼ ਕਰੇਗੀ।ਇਸ ਸਮੇਂ ਜਸਵਿੰਦਰ ਸਿੰਘ, ਸਰਬਜੀਤ ਸਿੰਘ, ਰਜਿੰਦਰ ਸਿੰਘ, ਦਰਸ਼ਨ ਸਿੰਘ ਸੋਹਤਾ ਆਦਿ ਆਗੂ ਤੇ ਵਰਕਰ ਹਾਜ਼ਰ ਸਨ।

ਕਾਤਰਾਂ

36 ਬੋਤਲਾਂ ਸ਼ਰਾਬ ਸਣੇ ਕਾਬੂ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਥਾਣਾ ਬਸੀ ਪਠਾਣਾ ਦੀ ਪੁਲਸ ਵੱਲੋਂ ਇੱਕ ਵਿਅਕਤੀ ਨੂੰ 36 ਬੋਤਲਾਂ ਸ਼ਰਾਬ ਸਮੇਤ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਥਾਣਾ ਬਸੀ ਪਠਾਣਾ ਦੀ ਇੱਕ ਪੁਲਸ ਪਾਰਟੀ ਵੱਲੋਂ ਮੁਖ਼ਬਰੀ ਦੇ ਅਧਾਰ 'ਤੇ ਬਸੀ ਪਠਾਣਾਂ ਦੇ ਊਸ਼ਾ ਮੰਦਰ ਟੀ ਪੁਆਇੰਟ ਨਜ਼ਦੀਕ ਨਾਕਾਬੰਦੀ ਕਰਕੇ ਚੈਕਿੰਗ ਕੀਤੀ ਜਾ ਰਹੀ ਸੀ।ਜਿਸ ਦੌਰਾਨ ਰੋਕੇ ਗਏ ਸੌਦਾਗਰ ਸਿੰਘ ਵਾਸੀ ਪਿੰਡ ਵਜੀਦਪੁਰ ਦੇ ਕਬਜ਼ੇ 'ਚੋਂ 36 ਬੋਤਲਾਂ ਸ਼ਰਾਬ ਬਰਾਮਦ ਹੋਈ।ਇਸ ਸਬੰਧੀ ਥਾਣਾ ਬਸੀ ਪਠਾਣਾ ਵਿਖੇ ਦਰਜ ਕੀਤੇ ਗਏ ਮਾਮਲੇ 'ਚ ਸੌਦਾਗਰ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਸਹਾਇਕ ਥਾਣੇਦਾਰ ਹਰਪਿੰਦਰ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

ਬਾਬਾ ਮੇਹਰ ਦਾਸ ਦੀ ਸਮਾਧ 'ਤੇ ਛਿਮਾਹੀ ਭੰਡਾਰਾ ਅੱਜ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਸਲਾਈਟ ਯੂਨੀਵਰਸਿਟੀ ਦੇ ਦੁੱਗਾਂ ਗੇਟ ਦੇ ਨਜ਼ਦੀਕ ਬਾਬਾ ਮੇਹਰ ਦਾਸ ਜੀ ਪਾਓ ਵਾਲੇ ਦੀ ਸਮਾਧ 'ਤੇ ਛਿਮਾਹੀ ਭੰਡਾਰੇ ਦਾ ਆਯੋਜਨ 7 ਜਨਵਰੀ ਨੂੰ ਕੀਤਾ ਕੀਤਾ ਜਾ ਰਿਹਾ ਹੈ।ਬਾਬਾ ਮੇਹਰ ਦਾਸ ਪਾਓ ਵਾਲੇ ਚੈਰੀਟੇਬਲ ਟਰੱਸਟ ਦੇ ਪ੍ਰਧਾਨ ਗੁਰਚਰਨ ਸਿੰਘ, ਚੇਅਰਮੈਨ ਗੁਰਸੇਵਕ ਇੰਝ ਚਾਹਿਲ, ਮੀਤ ਪ੍ਰਧਾਨ ਧੰਨਾ ਸਿੰਘ ਸਰਪੰਚ, ਮਿੱਠੂ ਸਿੰਘ, ਗੁਰਮੀਤ ਸਿੰਘ, ਰੁਲਦੂ ਸਿੰਘ, ਸੀਤਾ ਰਾਮ ਪੰਡਤ ਨੇ ਦੱਸਿਆ ਕਿ ਇਹ ਅਸਥਾਨ ਇਲਾਕੇ ਦੇ ਲੋਕਾਂ ਦੀ ਸ਼ਰਧਾ ਅਤੇ ਵਿਸ਼ਵਾਸ਼ ਦਾ ਕੇਂਦਰ ਹੈ, ਇਥੇ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ 5 ਜਨਵਰੀ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ ਅਤੇ 7 ਜਨਵਰੀ ਦਿਨ ਮੰਗਲਵਾਰ ਨੂੰ ਭੋਗ ਪਾਏ ਜਾਣਗੇ ਅਤੇ ਭੋਗ ਉਪਰੰਤ ਗੁਰੂ ਕਾ ਲੰਗਰ ਅਤੁੱਟ ਚਲੇਗਾ।

ਮਨਜੀਤ ਕੌਰ ਨਮਿੱਤ ਸ਼ਰਧਾਂਜਲੀ ਸਮਾਗਮ ਅੱਜ

ਚੀਮਾ ਮੰਡੀ (ਰਵਿੰਦਰ ਚੀਮਾ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਸੁਨਾਮ ਦੇ ਪ੍ਰਧਾਨ ਜਸਵੰਤ

7 - January - Page - 6.qxd 1/6/2025 10:37 PM Page 1

ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ ਸਜਾਇਆ

ਮਾਛੀਵਾੜਾ ਸਾਹਿਬ, (ਸ਼ੈਕੀ ਸ਼ਰਮਾ, ਜਗਦੀਸ਼ ਰਾਏ)-ਦਸਮੇਸ਼ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਮਾਛੀਵਾੜਾ ਸਾਹਿਬ ਵਿਖੇ ਉਨ੍ਹਾਂ ਦਾ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਸਵੇਰੇ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਤੋਂ ਇੱਕ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਇਸ ਨਗਰ ਕੀਰਤਨ ਨੂੰ ਹਲਕਾ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ, ਗੁਰਦੁਆਰਾ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ, ਲਖਵੀਰ ਸਿੰਘ ਲੱਖਾ ਕਾਰ ਸੇਵਾ ਵਾਲੇ, ਹਰਜਤਿੰਦਰ ਸਿੰਘ ਬਾਜਵਾ, ਰਣਜੀਤ ਸਿੰਘ ਮੰਗਲੀ (ਦੋਵੇਂ ਸ਼੍ਰੋਮਣੀ ਕਮੇਟੀ ਮੈਂਬਰ) ਨੇ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕੀਤਾ ਅਤੇ ਜੈਕਾਰਿਆਂ ਦੀ ਗੂੰਜ ਨਾਲ ਇਹ ਨਗਰ ਕੀਰਤਨ ਰਵਾਨਾ ਹੋਇਆ। ਨਗਰ ਕੀਰਤਨ ਇਤਿਹਾਸਕ ਗੁਰਦੁਆਰਾ ਸ੍ਰੀ ਚੁਬਾਰਾ ਸਾਹਿਬ ਤੇ ਗੁਰਦੁਆਰਾ ਭਾਈ ਗਨੀ ਖਾਂ ਨਬੀ ਖਾਂ ਦੇ ਦਰਸ਼ਨ ਕਰਨ ਉਪਰੰਤ ਗੁਰੂ ਘਰ ਆ ਕੇ ਸਮਾਪਤ ਹੋਇਆ। ਨਗਰ ਕੀਰਤਨ ਦੇ ਸਵਾਗਤ ਲਈ ਸੰਗਤਾਂ ਵੱਲੋਂ ਥਾਂ-ਥਾਂ ਸਜਾਵਟੀ ਗੇਟ ਤੇ ਲੰਗਰ ਲਗਾਏ ਗਏ। ਇਸ ਤੋਂ ਇਲਾਵਾ ਨਗਰ ਕੀਰਤਨ 'ਚ ਮਾਤਾ ਹਰਦੇਈ ਇਸਤਰੀ ਸਤਿਸੰਗ ਸਭਾ ਦੀਆਂ ਬੀਬੀਆਂ ਵੱਲੋਂ ਕੀਰਤਨ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਪਾਲ ਸਿੰਘ ਜੱਜ, ਅਮਨਦੀਪ ਸਿੰਘ ਤਨੇਜਾ (ਦੋਵੇਂ ਕੌਂਸਲਰ), ਚਿੱਤਰਕਾਰ ਜਗਦੀਸ਼ ਸਿੰਘ ਬਰਾੜ, ਬਲਜਿੰਦਰ ਸਿੰਘ ਤੂਰ, ਉਪਜਿੰਦਰ ਸਿੰਘ ਔਜਲਾ, ਸ਼ੇਰਾ ਖੁਰਾਣਾ, ਬਾਬਾ ਮੋਹਣ ਸਿੰਘ, ਗੁਰਨਾਮ ਸਿੰਘ ਖਾਲਸਾ, ਜਗਦੀਪ ਸਿੰਘ ਝੱਜ, ਰਜਵੰਤ ਸਿੰਘ ਗਿੱਲ, ਹਰਜਿੰਦਰ ਸਿੰਘ ਛੌੜੀਆਂ, ਗਾਇਕ ਇੰਦੀ ਦਿਓਲ, ਹੈੱਡ ਗ੍ਰੰਥੀ ਹਰਪਾਲ ਸਿੰਘ, ਕਥਾਵਾਚਕ ਭਾਈ ਏਕਨਾਮ ਸਿੰਘ, ਅਕਾਊਂਟੈਂਟ ਭੁਪਿੰਦਰ ਸਿੰਘ, ਖਜ਼ਾਨਚੀ ਜਸਪਿੰਦਰ ਸਿੰਘ, ਰਿਕਾਰਡ ਕੀਪਰ ਅਮਰਿੰਦਰ ਸਿੰਘ, ਸਟੋਰ ਕੀਪਰ ਗੁਲਜ਼ਾਰ ਸਿੰਘ, ਬਿੰਦਰ ਸਿੰਘ ਲਾਂਗਰੀ, ਰਮੇਸ਼ ਸਿੰਘ ਉਟਾਲਾਂ ਆਦਿ ਮੌਜੂਦ ਸਨ।

ਸੰਤ ਰਾਮ ਨਗਰ ਸੁਸਾਇਟੀ ਵੱਲੋਂ ਸ਼ੂਗਰ ਤੇ ਜਨਰਲ ਹੈਲਥ ਚੈੱਕਅੱਪ ਕੈਂਪ

ਮਾਨਸਾ, (ਆਤਮਾ ਸਿੰਘ ਪਮਾਰ)-ਸੰਤ ਰਾਮ ਸਟ੍ਰੀਟ ਵਾਰਡ ਨੰਬਰ 22, ਮਾਨਸਾ ਵਿਖੇ ਮੁਹੱਲਾ ਨਿਵਾਸੀਆਂ ਦੀ ਸਿਹਤ ਸੰਭਾਲ ਨੂੰ ਮੁੱਖ ਰੱਖਦੇ ਹੋਏ ਸੰਤ ਰਾਮ ਨਗਰ ਵੈੱਲਵੇਅਰ ਸੁਸਾਇਟੀ ਮਾਨਸਾ ਵੱਲੋਂ ਡਾ. ਅੰਕੁਸ਼ ਗੁਪਤਾ (ਐੱਮ. ਡੀ.) ਤੇ ਰਾਕੇਸ਼ ਕੰਪਿਊਟਰਾਈਜ਼ਡ ਲੈਬੋਰੇਟਰੀ ਦੇ ਸਹਿਯੋਗ ਨਾਲ ਪਹਿਲਾ ਫ੍ਰੀ ਸ਼ੂਗਰ ਤੇ ਜਨਰਲ ਹੈਲਥ ਚੈੱਕਅਪ ਕੈਂਪ ਲਗਾਇਆ ਗਿਆ।ਪ੍ਰਧਾਨ ਇੰਜ. ਹਨੀਸ਼ ਬਾਂਸਲ ਨੇ ਦੱਸਿਆ ਕਿ ਸਿਹਤ ਸਹੂਲਤਾਂ ਨੂੰ ਪਹਿਲ ਦਿੰਦੇ ਹੋਏ ਮੁਹੱਲਾ ਨਿਵਾਸੀਆਂ ਲਈ ਇਹ ਉਪਰਾਲਾ ਕੀਤਾ ਗਿਆ।ਸੁਸਾਇਟੀ ਵੱਲੋਂ ਆਉਣ ਵਾਲੇ ਦਿਨਾਂ 'ਚ ਸਮਾਜ ਸੇਵਾ ਦੇ ਖੇਤਰ ਵਿੱਚ ਹੋਰ ਵੀ ਕਈ ਅਹਿਮ ਤੇ ਨਿਵੇਕਲੇ ਕਦਮ ਚੁੱਕੇ ਜਾਣਗੇ।ਮੁਹੱਲਾ ਨਿਵਾਸੀਆਂ ਵੱਲੋਂ ਠੰਢ ਹੋਣ ਦੇ ਬਾਵਜੂਦ ਬੜੇ ਉਤਸ਼ਾਹ ਨਾਲ ਕੈਂਪ ਵਿੱਚ ਹਾਜ਼ਰੀ ਲਗਵਾਈ ਤੇ ਸੁਸਾਇਟੀ ਵੱਲੋਂ ਮੁਹੱਲੇ ਦੇ ਪਰਿਵਾਰਾਂ ਦੀ ਭਲਾਈ ਲਈ ਲਗਾਏ ਗਏ ਕੈਂਪ ਦੀ ਸ਼ਲਾਘਾ ਵੀ ਕੀਤੀ।ਇਸ ਮੌਕੇ ਨੀਰ ਚੰਦ ਸਰਪ੍ਰਸਤ, ਮਨਮੋਹਣ ਕ੍ਰਿਸ਼ਨ ਕਾਂਸਲ ਵਾਈਸ ਪ੍ਰਧਾਨ, ਮੇਲਾ ਰਾਮ ਸਕੱਤਰ, ਪ੍ਰੇਮ ਭੂਸ਼ਣ ਸਿੰਗਲਾ ਖ਼ਜ਼ਾਨਚੀ, ਵਿਨੋਦ ਕੁਮਾਰ ਜੁਆਇੰਟ ਸਕੱਤਰ ਤੇ ਮੈਂਬਰ ਪ੍ਰਵੀਨ ਗਰਗ ਟੋਨੀ ਐੱਮ. ਸੀ., ਚੰਦਰਸ਼ੇਖਰ ਨੰਦੀ, ਅਸ਼ੋਕ ਕੁਮਾਰ, ਆਸ਼ਾ ਰਾਣੀ, ਮੂਰਤੀ ਦੇਵੀ, ਗੋਰਾ ਲਾਲ ਬਾਂਸਲ, ਬਾਲਕ੍ਰਿਸ਼ਨ ਸਿੰਗਲਾ ਟਿੰਕੂ, ਰਾਜੇਸ਼ ਕੁਮਾਰ ਮੰਗੀ, ਸੋਹਮ ਕਾਂਸਲ, ਸ਼ੈਂਕੀ ਸਿੰਗਲਾ, ਵੇਦ ਪ੍ਰਕਾਸ਼, ਨਰੇਸ਼ ਕੁਮਾਰ, ਅਮਿਤ ਗਰਗ ਬੰਟੀ, ਪ੍ਰੇਮਿਲਾ ਗੁਪਤਾ, ਲਛਮਣ ਦਾਸ ਕਾਕਾ, ਸੰਜੀਵ ਕੁਮਾਰ ਸੰਜੇ, ਸ਼ਾਮ ਲਾਲ ਤੇ ਅਰੁਣ ਕਾਂਸਲ ਮੌਜੂਦ ਰਹੇ।

100 ਦਿਨਾ ਟੀ ਬੀ ਜਾਗਰੂਕਤਾ ਮੁਹਿੰਮ ਅਧੀਨ ਲੇਬਰ ਚੌਕ 'ਚ ਕੈਂਪ ਲਾਇਆ

ਫਰੀਦਕੋਟ (ਐਲਿਗਜੈਂਡਰ ਡਿਮੂਜਾ)-ਸਿਵਲ ਸਰਜਨ ਫਰੀਦਕੋਟ ਡਾ. ਚੰਦਰ ਸ਼ੇਖਰ ਕੱਕੜ ਦੀ ਅਗਵਾਈ ਹੇਠ ਸਿਹਤ ਵਿਭਾਗ ਫਰੀਦਕੋਟ ਵੱਲੋਂ ਚਲਾਈ ਜਾ ਰਹੀ 100 ਦਿਨਾ ਟੀ ਬੀ ਜਾਗਰੂਕਤਾ ਮੁਹਿੰਮ ਅਧੀਨ ਲੇਬਰ ਚੌਕ ਫਰੀਦਕੋਟ ਵਿਖੇ ਟੀ. ਬੀ. ਜਾਗਰੂਕਤਾ ਕੈਂਪ ਲਾਇਆ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਡਾ. ਹਰਮੀਤ ਸਿੰਘ ਮੈਡੀਕਲ ਅਫਸਰ ਟੀ ਬੀ ਨੇ ਦੱਸਿਆ ਕਿ ਜੇਕਰ ਕਿਸੇ ਵਿਅਕਤੀ ਨੂੰ ਦੋ ਹਫਤੇ ਤੋਂ ਵੱਧ ਖੰਘ, ਬੁਖਾਰ, ਪਸੀਨਾ ਆਉਂਦਾ ਹੈ ਜਾਂ ਭਾਰ ਘਟ ਰਿਹਾ ਹੈ, ਉਹ ਤੁਰੰਤ ਜ਼ਿਲ੍ਹਾ ਹਸਪਤਾਲ ਫਰੀਦਕੋਟ, ਕੋਟਕਪੂਰਾ, ਜੈਤੋ, ਸਦਿਕ ਤੇ ਬਾਜਾਖਾਨਾ ਅਤੇ ਮੈਡੀਕਲ ਕਾਲਜ ਫਰੀਦਕੋਟ ਵਿਖੇ ਆਪਣੀ ਮੁਫਤ ਜਾਂਚ ਕਰਵਾ ਸਕਦਾ ਹੈ, ਜਿੱਥੇ ਉਨ੍ਹਾਂ ਦੇ ਮੁਫਤ ਵਿੱਚ ਟੈਸਟ, ਮੁਫਤ ਐਕਸਰੇ ਕੀਤੇ ਜਾਣਗੇ ਅਤੇ ਦਵਾਈਆਂ ਵੀ ਮੁਫਤ ਦਿੱਤੀਆਂ ਜਾਣਗੀਆਂ।ਉਨ੍ਹਾਂ ਦੱਸਿਆ ਕਿ ਟੀ ਬੀ ਦੇ ਮਰੀਜ਼ਾਂ ਨੂੰ ਨਿਸ਼ਚੈ ਪ੍ਰੋਗਰਾਮ ਤਹਿਤ ਹਰ ਮਹੀਨੇ ਰਾਸ਼ਨ ਵੀ ਮੁਫਤ ਦਿੱਤਾ ਜਾਂਦਾ ਹੈ।ਇਸ ਜਾਗਰੂਕਤਾ ਮੁਹਿੰਮ ਸਬੰਧੀ ਜਾਣਕਾਰੀ ਦਿੰਦਿਆਂ ਡਾ. ਲੀਨਾ ਚੋਪੜਾ ਭੱਲਾ ਜ਼ਿਲ੍ਹਾ ਟੀ ਬੀ ਅਫਸਰ ਫਰੀਦਕੋਟ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਚਲਾਈ ਗਈ 100 ਦਿਨਾਂ ਟੀ ਬੀ ਜਾਗਰੂਕਤਾ ਮੁਹਿੰਮ 24 ਮਾਰਚ 2025 ਵਿਸ਼ਵ ਟੀ ਬੀ ਦਿਵਸ ਤੱਕ ਚੱਲੇਗੀ।ਇਸ ਮੁਹਿੰਮ ਦਾ ਮੁੱਖ ਮਕਸਦ ਟੀ ਬੀ ਪ੍ਰਤੀ ਆਮ ਲੋਕਾਂ ਨੂੰ ਜਾਗਰੂਕ ਕਰਨਾ, ਉਨ੍ਹਾਂ ਦੀ ਸਕਰੀਨਿੰਗ ਕਰਕੇ ਮੁਫਤ ਇਲਾਜ ਕਰਕੇ ਦੇਸ਼ ਨੂੰ ਟੀ ਬੀ ਮੁਕਤ ਬਣਾਉਣਾ ਹੈ ਤਾਂ ਜੋ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ 2018 ਵਿੱਚ ਸ਼ੁਰੂ ਕੀਤੇ ਟੀ ਬੀ ਮੁਕਤ ਭਾਰਤ ਅਭਿਆਨ ਨੂੰ ਸੰਪੂਰਨ ਕੀਤਾ ਜਾ ਸਕੇ।ਡਾ. ਪੀਤੀ ਗੋਇਲ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਵਿਸ਼ੇਸ਼ ਤੌਰ 'ਤੇ ਫਰੀਦਕੋਟ ਜ਼ਿਲ੍ਹੇ ਦੀਆਂ ਸਲੱਮ ਬਸਤੀਆਂ, ਭੱਠਿਆਂ, ਫੈਕਟਰੀਆਂ ਆਦਿ ਦੇ ਲੋਕਾਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਮਰੀਜ਼ਾਂ ਦਾ ਮੁਫਤ ਇਲਾਜ ਕੀਤਾ ਜਾ ਰਿਹਾ ਹੈ।ਇਸ ਮੌਕੇ ਨਵਕਾਸ਼ ਸਿੰਘ ਫਾਰਮੇਸੀ ਅਫਸਰ, ਨਵਦੀਪ ਸਿੰਘ ਲੈਬਾਰਟਰੀ ਟੈਕਨੀਸ਼ੀਅਨ, ਰੋਸ਼ਨ ਲਾਲ ਆਦਿ ਹਾਜ਼ਰ ਸਨ।

ਚਾਇਨਾ ਡੋਰ ਵੇਚਣ ਤੇ ਖ਼ਰੀਦਣ ਵਾਲਿਆਂ ਵਿਰੁੱਧ ਹੋਵੇਗੀ ਸਖ਼ਤ ਕਾਰਵਾਈ-ਜਸਵੀਰ ਤੂਰ

ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਥਾਣਾ ਸਿਟੀ ਧੂਰੀ ਦੇ ਮੁਖੀ ਇੰਸਪੈਕਟਰ ਜਸਵੀਰ ਸਿੰਘ ਤੂਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਤੰਗ ਉਡਾਉਣ ਲਈ ਸੰਥੈਟਿਕ/ ਪਲਾਸਟਿਕ/ ਨਾਇਲੋਨ ਦੀ ਬਣੀ ਡੋਰ/ਚਾਇਨਾ ਡੋਰ ਤੇ ਮਜ਼ਾਜ (ਕੱਚ ਦੇ ਪਾਊਡਰ/ਮੈਟਲ ਜਾਂ ਕੋਈ ਤਿੱਖੇ ਮਟੀਰੀਅਲ ਲੱਗੇ ਹੋਏ ਧਾਗੇ) ਨੂੰ ਵੇਚਣ/ਖ਼ਰੀਦਣ, ਸਟੋਰ, ਸਪਲਾਈ, ਆਯਾਤ ਕਰਨ ਤੇ ਇਸ ਦੀ ਵਰਤੋਂ 'ਤੇ ਮੁਕੰਮਲ ਪਾਬੰਦੀ ਹੈ, ਜੇਕਰ ਕੋਈ ਵੀ ਵਿਅਕਤੀ ਚਾਇਨਾ, ਪਲਾਸਟਿਕ ਦੀ ਡੋਰ ਦੀ ਖਰੀਦੋ-ਫਰੋਖਤ ਕਰਦਿਆਂ ਪਾਇਆ ਗਿਆ ਤਾਂ ਉਸ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ ਤੇ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ।

ਉਨ੍ਹਾਂ ਕਿਹਾ ਕਿ ਚਾਇਨਾ, ਪਲਾਸਟਿਕ ਦੀ ਬਣੀ ਡੋਰ ਨੂੰ ਵੇਚਣ ਸਬੰਧੀ ਮਾਣਯੋਗ ਜ਼ਿਲ੍ਹਾ ਮੈਜਿਸਟਰੇਟ ਸੰਗਰੂਰ ਵੱਲੋਂ ਪਹਿਲਾਂ ਹੀ ਮਨਾਹੀ ਦੇ ਹੁਕਮ ਜਾਰੀ ਕੀਤੇ ਜਾ ਚੁੱਕੇ ਹਨ, ਜਿਸ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇਗੀ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਵੀ ਵਿਅਕਤੀ ਆਲੇ-ਦੁਆਲੇ ਚਾਇਨਾ, ਪਲਾਸਟਿਕ ਦੀ ਡੋਰ ਵੇਚਦਾ ਜਾਂ ਖ਼ਰੀਦਦਾ ਹੈ ਤਾਂ ਤੁਰੰਤ ਇਸ ਦੀ ਸੂਚਨਾ ਪੁਲਸ ਨੂੰ ਦਿੱਤੀ ਜਾਵੇ।ਉਨ੍ਹਾਂ ਦੁਕਾਨਦਾਰਾਂ ਨੂੰ ਤਾਕੀਦ ਕਰਦਿਆਂ ਕਿਹਾ ਕਿ ਉਹ ਚਾਇਨਾ, ਪਲਾਸਟਿਕ ਦੀ ਡੋਰ ਵੇਚਣ ਸਬੰਧੀ ਗੁਰੇਜ਼ ਕਰਨ।

ਹਲਕੇ ਦੇ ਸਰਬਪੱਖੀ ਵਿਕਾਸ ਲਈ ਫੰਡਾਂ ਦੇ ਖੁੱਲ੍ਹੇ ਗੱਫੇ ਵਰਤਾਏ ਜਾਣਗੇ : ਵਿਧਾਇਕ ਪੰਡੋਰੀ

ਮਾਂਗੇਵਾਲ ਦੀ ਪੰਚਾਇਤ ਨੇ ਮੰਗਾਂ ਸਬੰਧੀ ਸੌਂਪਿਆ ਮੰਗ ਪੱਤਰ

ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਪਿੰਡ ਮਾਂਗੇਵਾਲ ਦੀ ਨਵੀਂ ਚੁਣੀ ਪੰਚਾਇਤ ਨੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੇ ਨਿਵਾਸ ਸਥਾਨ 'ਤੇ ਵਿਸ਼ੇਸ਼ ਤੌਰ 'ਤੇ ਮੁਲਾਕਾਤ ਕਰਕੇ ਮੰਗ ਪੱਤਰ ਦਿੱਤਾ।ਪਿੰਡ ਦੀਆਂ ਵੱਖ ਵੱਖ ਮੰਗਾਂ ਤੇ ਵਿਸ਼ੇਸ਼ ਤੌਰ 'ਤੇ ਹਲਕਾ ਮਹਿਲ ਕਲਾਂ ਦੇ ਚਾਰ ਪਿੰਡਾਂ, ਜਿਸ ਵਿੱਚ ਮਨਾਲ, ਮਾਂਗੇਵਾਲ, ਠੱਲੀਵਾਲ ਤੇ ਹਮੀਦੀ, ਜੋ ਕਿ ਵਿਧਾਨ ਸਭਾ ਹਲਕਾ ਮਹਿਲ ਕਲਾਂ ਤੇ ਸਬ ਡਵੀਜ਼ਨ ਮਹਿਲ ਕਲਾਂ ਦਾ ਹਿੱਸਾ ਹਨ।ਡੀ ਐੱਸ ਪੀ ਦਫਤਰ ਵੀ ਮਹਿਲ ਕਲਾਂ ਹੀ ਲੱਗਦਾ ਹੈ, ਪਰ ਇਹ ਚਾਰ ਪਿੰਡ ਬਲਾਕ ਬਰਨਾਲਾ ਅਧੀਨ ਆਉਂਦੇ ਹੋਣ ਕਰਕੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਆਪਣੇ ਜ਼ਰੂਰੀ ਕੰਮ ਕਰਵਾਉਣ ਲਈ ਬਰਨਾਲਾ ਜਾਣਾ ਪੈਂਦਾ ਹੈ।ਕਈ ਵਾਰ ਅਫਸਰਸ਼ਾਹੀ ਵੱਲੋਂ ਧਿਆਨ ਨਾ ਦੇਣ ਤੇ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨ੍ਹਾਂ ਹਲਕਾ ਵਿਧਾਇਕ ਤੋਂ ਮੰਗ ਕੀਤੀ ਕਿ ਇਨ੍ਹਾਂ ਚਾਰੇ ਪਿੰਡਾਂ ਨੂੰ ਬਲਾਕ ਮਹਿਲ ਕਲਾਂ ਨਾਲ ਜੋੜਿਆ ਜਾਵੇ, ਤਾਂ ਜੋ ਲੰਮੇ ਸਮੇਂ ਤੋਂ ਲੋਕਾਂ ਦੀ ਪ੍ਰੇਸ਼ਾਨੀ ਦੂਰ ਹੋ ਸਕੇ।ਹਲਕਾ ਵਿਧਾਇਕ ਪੰਡੋਰੀ ਨੇ ਵਿਸ਼ਵਾਸ ਦੁਆਇਆ ਕਿ ਇਸ ਸਬੰਧੀ ਜਲਦੀ ਹੀ ਉੱਚ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਇਨ੍ਹਾਂ ਪਿੰਡਾਂ ਨੂੰ ਬਲਾਕ ਮਹਿਲ ਕਲਾਂ ਨਾਲ ਜੋੜਨ ਲਈ ਪੂਰੀ ਤਰ੍ਹਾਂ ਯਤਨਸ਼ੀਲ ਰਹਿਣਗੇ।ਇਸ ਤੋਂ ਇਲਾਵਾ ਪੰਚਾਇਤ ਵੱਲੋਂ ਉਠਾਈਆਂ ਕੁਝ ਹੋਰ ਮੰਗਾਂ ਜਿਵੇਂ ਮਾਂਗੇਵਾਲ ਤੋਂ ਇਤਿਹਾਸਕ ਗੁਰਦੁਆਰਾ ਜੰਡਸਰ ਸਾਹਿਬ ਠੁੱਲੀਵਾਲ ਤੱਕ ਲਿੰਕ ਸੜਕ ਦੀ ਉਸਾਰੀ, ਥਾਪਰ ਸਕੀਮ ਅਧੀਨ ਵਿਕਾਸ, ਪਿੰਡ ਅੰਦਰ ਬੈਂਕ ਸ਼ਾਖਾ ਦੀ ਸ਼ੁਰੂਆਤ, ਗਲੀਆਂ ਨਾਲੀਆਂ ਅੱਪਗ੍ਰੇਡ ਆਦਿ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਵਾਉਣ ਦਾ ਵਿਸ਼ਵਾਸ ਦੁਆਇਆ। ਵਿਧਾਇਕ ਪੰਡੋਰੀ ਨੇ ਹੋਰ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਹਲਕਾ ਮਹਿਲ ਕਲਾਂ ਦੇ ਸਰਬ ਪੱਖੀ ਵਿਕਾਸ ਲਈ ਗ੍ਰਾਂਟਾਂ ਦੇ ਖੁੱਲ੍ਹੇ ਗੱਫੇ ਵਰਤਾਏ ਜਾਣਗੇ।ਹਲਕੇ ਦੇ ਹਰ ਪਿੰਡ ਨੂੰ ਹਰ ਸਹੂਲਤ ਵਾਲਾ ਪਿੰਡ ਬਣਾਉਣਾ ਉਨ੍ਹਾਂ ਦਾ ਮੁੱਖ ਟੀਚਾ ਹੈ।ਉਨ੍ਹਾਂ ਪਿੰਡਾਂ ਦੀਆਂ ਸਮੂਹ ਪੰਚਾਇਤਾਂ ਨੂੰ ਆਪਸੀ ਮੱਤਭੇਦ ਭੁਲਾ ਕੇ ਪਿੰਡਾਂ ਦੇ ਵਿਕਾਸ ਕਾਰਜ ਕਰਵਾਉਣ ਦੀ ਅਪੀਲ ਕੀਤੀ।ਇਸ ਮੌਕੇ ਪੀ ਏ ਡਾ: ਲਖਵੀਰ ਸਿੰਘ, ਆਗੂ ਗੁਰਮੇਲ ਸਿੰਘ ਮੇਲਾ, ਦਵਿੰਦਰ ਸਿੰਘ ਧਨੌਆ, ਹਰਮਨਦੀਪ ਸਿੰਘ ਕੁਤਬਾ, ਮਾ: ਲਖਵੀਰ ਸਿੰਘ, ਸੁਖਵਿੰਦਰ ਸਿੰਘ ਸੋਨੀ, ਜਗਸੀਰ ਸਿੰਘ ਸ਼ੀਰਾ, ਹਰਜਿੰਦਰ ਸਿੰਘ, ਗੁਰਮੇਲ ਸਿੰਘ, ਜਗਸੀਰ ਸਿੰਘ ਰੂੜੇ ਕਾ, ਡਾ: ਕੇਵਲ ਸਿੰਘ, ਸੁਖਪਾਲ ਸਿੰਘ, ਜੱਗੀ ਨੰਬਰਦਾਰ, ਕੁਲਦੀਪ ਸਿੰਘ ਫੌਜੀ, ਨਿਰਮਲ ਸਿੰਘ, ਭੁਪਿੰਦਰ ਸਿੰਘ, ਹਰਜੀਤ ਸਿੰਘ ਆਦਿ ਹਾਜ਼ਰ ਸਨ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ 'ਤੇ ਨਗਰ ਕੀਰਤਨ ਸਜਾਇਆ

ਦੋਰਾਹਾ (ਹਰਮਿੰਦਰ ਸੇਠ)-ਇਥੋਂ ਨੇੜਲੇ ਪਿੰਡ ਘੁਡਾਣੀ ਦੇ ਗੁਰਦੁਆਰਾ ਨਿੰਮਸਰ ਸਾਹਿਬ ਪਾਤਸ਼ਾਹੀ ਛੇਵੀਂ ਤੋਂ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਨਗਰ ਕੀਰਤਨ ਸਜਾਇਆ ਗਿਆ, ਜੋ ਗੁਰਦੁਆਰਾ ਨਿੰਮਸਰ ਸਾਹਿਬ ਪਾਤਸ਼ਾਹੀ ਛੇਵੀਂ ਤੋਂ ਰਵਾਨਾ ਹੋ ਕੇ ਪਿੰਡ ਦੀ ਪਰਿਕਰਮਾ ਕਰਦੇ ਹੋਏ ਵਾਪਸ ਗੁਰਦੁਆਰਾ ਨਿੰਮਸਰ ਸਾਹਿਬ ਵਿਖੇ ਸਮਾਪਤ ਹੋਇਆ। ਇਸ ਮੌਕੇ ਪਿੰਡ ਦੀਆਂ ਸੰਗਤਾਂ ਵੱਲੋਂ ਥਾਂ-ਥਾਂ ਤੇ ਚਾਹ ਪਕੌੜਿਆਂ ਦਾ ਲੰਗਰ ਅਤੇ ਸਮੋਸੇ ਛਕਾਏ ਗਏ। ਇਸ ਮੌਕੇ ਹਾਜ਼ਰ ਜਥੇਦਾਰ ਰਘਵੀਰ ਸਿੰਘ ਸਹਾਰਨ ਮਾਜਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਅਤੇ ਹਲਕਾ ਇੰਚਾਰਜ ਮਨਜੀਤ ਸਿੰਘ ਮਦਨੀਪੁਰ ਸ਼੍ਰੋਮਣੀ ਅਕਾਲੀ ਦਲ ਤੇ ਹੋਰ ਸੀਨੀਅਰ ਲੀਡਰ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪਿੰਡ ਦੇ ਨਗਰ ਨਿਵਾਸੀ ਸਾਧ ਸੰਗਤ ਨੇ ਗੁਰੂ ਜੀ ਦੇ ਪ੍ਰਕਾਸ਼ ਦਿਹਾੜੇ 'ਤੇ ਲੱਖ ਲੱਖ ਮੁਬਾਰਕਾਂ ਦਿੱਤੀਆਂ।

ਗਣਤੰਤਰ ਦਿਵਸ ਦੇ ਮੁੱਖ ਮਹਿਮਾਨਾਂ ਨੂੰ ਦਿੱਤੇ ਜਾਣਗੇ ਮੰਗ ਪੱਤਰ : ਨਿਰਮਲ ਸਿੰਘ

ਮਲੋਟ, (ਗੁਰਮੀਤ ਸਿੰਘ ਮੱਕੜ) : ਫਰੀਡਮ ਫਾਈਟਰ ਉੱਤਰਾਧਿਕਾਰੀ ਜਥੇਬੰਦੀ ਸ੍ਰੀ ਮੁਕਤਸਰ ਸਾਹਿਬ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਮਲੋਟ ਦੀ ਯੋਗ ਅਗਵਾਈ ਹੇਠ ਹੋਈ। ਗਣਤੰਤਰ ਦਿਵਸ 26 ਜਨਵਰੀ

7-JAN-PAGE-7.qxd 1/6/2025 9:17 PM Page 1

ਮਾਨਵ ਸੇਵਾ ਉੱਤਮ ਸੇਵਾ ਸੰਸਥਾ ਵੱਲੋਂ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ

ਨਾਭਾ (ਵਰਿੰਦਰ ਵਰਮਾ)-ਮਾਨਵ ਸੇਵਾ ਉੱਤਮ ਸੇਵਾ ਖ਼ੂਨਦਾਨੀ ਸਟੇਟ ਐਵਾਰਡੀ ਸੰਸਥਾ ਨਾਭਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਦੀ ਅਗਵਾਈ ਹੇਠ ਸਿੰਗਲਾ ਮੈਡੀਕੋਜ਼ ਮੈਹਸ ਗੇਟ ਵਿਖੇ ਆਰਐੱਫਟੀ, ਐਲਐਫਟੀ, ਲਿਪਿਡ ਪ੍ਰੋਫਾਈਲ ਤੇ ਮੁਫ਼ਤ ਬਲੱਡ ਸ਼ੂਗਰ ਚੈੱਕਅਪ ਕੈਂਪ ਲਗਾਇਆ ਗਿਆ।ਇਸ ਕੈਂਪ ਵਿੱਚ 50 ਮਰੀਜ਼ਾਂ ਦੇ ਮੁਫਤ ਟੈਸਟ ਕੀਤੇ ਗਏ।ਇਸ ਮੌਕੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਨੇ ਕਿਹਾ ਕਿ ਦੁਨੀਆ ਭਰ ਵਿੱਚ ਕਰੋੜਾਂ ਲੋਕ ਸ਼ੂਗਰ ਦੀ ਸਮੱਸਿਆ ਨਾਲ ਜੂਝ ਰਹੇ ਹਨ।ਇਸ ਬਿਮਾਰੀ ਕਾਰਨ ਸਰੀਰ ਦੇ ਹੋਰ ਅੰਗ ਵੀ ਪ੍ਰਭਾਵਿਤ ਹੁੰਦੇ ਹਨ।ਸ਼ੂਗਰ ਨੂੰ ਸਾਈਲੈਂਟ ਕਿੱਲਰ ਵੀ ਕਿਹਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਬਲੱਡ ਸ਼ੂਗਰ ਦਾ ਪੱਧਰ ਵੱਧ ਰਿਹਾ ਹੈ, ਜੇ ਸਥਿਤੀ ਗੰਭੀਰ ਹੋ ਗਈ ਤਾਂ ਇਹ ਵਿਅਕਤੀ ਲਈ ਘਾਤਕ ਸਾਬਿਤ ਹੋ ਸਕਦੀ ਹੈ।ਉਨ੍ਹਾਂ ਕਿਹਾ ਕਿ ਇਸ ਲਈ ਹਰ ਵਿਅਕਤੀ ਨੂੰ ਸਿਹਤ ਵੱਲ ਤੇ ਸਮੇਂ ਸਿਰ ਸ਼ੂਗਰ ਦੇ ਲੱਛਣਾਂ ਵੱਲ ਧਿਆਨ ਦੇਣਾ ਚਾਹੀਦਾ ਹੈ।ਇਸ ਬਿਮਾਰੀ ਦੇ ਲੱਛਣ ਪੈਰਾਂ 'ਤੇ ਵੀ ਦਿਖਾਈ ਦਿੰਦੇ ਹਨ।ਦਰਅਸਲ ਜਦੋਂ ਬਲੱਡ ਸ਼ੂਗਰ ਦਾ ਪੱਧਰ ਵੱਧ ਜਾਂਦਾ ਹੈ ਤਾਂ ਪੈਰ ਦੀ ਸੱਟ ਦਾ ਜੋਖ਼ਮ ਵੱਧ ਜਾਂਦਾ ਹੈ।ਉਨ੍ਹਾਂ ਕਿਹਾ ਕਿ ਸ਼ੂਗਰ ਕਾਰਨ ਪੈਰਾਂ ਤੱਕ ਖ਼ੂਨ ਦਾ ਵਹਾਅ ਘੱਟ ਜਾਂਦਾ ਹੈ, ਜਿਸ ਕਾਰਨ ਪੈਰ ਸੁੰਨ ਹੋ ਜਾਂਦੇ ਹਨ ਤੇ ਹੋਰ ਵੀ ਕਈ ਸਮੱਸਿਆਵਾਂ ਹੋ ਜਾਂਦੀਆਂ ਹਨ।ਇਸ ਮੌਕੇ ਅੰਕੁਰ ਸਿੰਗਲਾ, ਰਵਿੰਦਰ ਸਿੰਘ, ਸੁਨੀਲ ਗੁਪਤਾ, ਵਰੁਣ ਸਿੰਗਲਾ, ਦੀਪਕ ਕੁਮਾਰ, ਕਮਲ ਗੋਇਲ, ਵਿਨੋਦ ਕੁਮਾਰ, ਬਲਦੇਵ ਕੁਮਾਰ ਆਦਿ ਹਾਜ਼ਰ ਸਨ।

ਬੁਆਣੀ 'ਚ ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ

ਦੋਰਾਹਾ (ਹਰਮਿੰਦਰ ਸੇਠ)-ਪਿੰਡ ਬੁਆਣੀ ਵਿਖੇ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ਦਿਹਾੜੇ ਨੂੰ ਸਮਰਪਤ ਨਗਰ ਕੀਰਤਨ ਸਜਾਏ ਗਏ, ਜੋ ਗੁਰਦੁਆਰਾ ਸਿੰਘ ਸਭਾ ਤੋਂ ਸ਼ੁਰੂ ਹੋ ਕੇ ਪਿੰਡ ਦੀ ਪਰਿਕਰਮਾ ਕਰਦੇ ਹੋਏ ਵਾਪਸ ਗੁਰਦੁਆਰਾ ਸ੍ਰੀ ਸਿੰਘ ਸਭਾ ਵਿਖੇ ਪਹੁੰਚੇ, ਜਿਸ ਵਿੱਚ ਹਾਜ਼ਰ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਤੇ ਪਿੰਡ ਦੇ ਨਗਰ ਨਿਵਾਸੀ ਅਤੇ ਸਾਧ ਸੰਗਤ ਨੇ ਵਧ ਚੜ੍ਹ ਕੇ ਹਿੱਸਾ ਲਿਆ। ਸੰਗਤਾਂ ਨੇ ਜਗ੍ਹਾ ਜਗ੍ਹਾ ਬਰੈੱਡ ਪਕੌੜਿਆਂ ਦਾ ਲੰਗਰ ਲਗਾਇਆ। ਇਸ ਮੌਕੇ ਪਿੰਡ ਦੇ ਸਰਪੰਚ ਕਰਨੈਲ ਸਿੰਘ ਆਪਣੇ ਸਾਥੀਆਂ ਸਮੇਤ ਇਸ ਨਗਰ ਕੀਰਤਨ ਵਿੱਚ ਸ਼ਾਮਲ ਹੋਏ ਤੇ ਨਗਰ ਕੀਰਤਨੀ ਦੀ ਸਮਾਪਤੀ 'ਤੇ ਉਨ੍ਹਾਂ ਪਿੰਡ ਵਾਸੀਆਂ ਨੂੰ ਜਿੱਥੇ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਮੁਬਾਰਕਾਂ ਦਿੱਤੀਆਂ, ਉਥੇ ਪਿੰਡ ਦੀ ਨਵੀਂ ਪੰਚਾਇਤ ਲਈ ਗੁਰੂ ਸਾਹਿਬ ਪਾਸੋਂ ਆਸ਼ੀਰਵਾਦ ਮੰਗਿਆ। ਉਨ੍ਹਾ ਗੁਰੂ ਜੀ ਦਾ ਬਹੁਤ ਬਹੁਤ ਧੰਨਵਾਦ ਕੀਤਾ ਤੇ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਪੂਰੇ ਦੇਸ਼ ਵਾਸੀਆਂ ਨੂੰ ਮੁਬਾਰਕਾਂ ਦਿੱਤੀਆਂ।

ਪੁਲਸ ਕਰਮਚਾਰੀ ਦਾ ਅਜਿਹਾ ਰੂਪ ਵੀ ਦੇਖਿਆ

ਕੋਟਕਪੂਰਾ (ਰਛਪਾਲ ਭੁੱਲਰ)-ਆਮ ਤੌਰ 'ਤੇ ਪੁਲਿਸ ਕਰਮਚਾਰੀਆਂ ਦੀਆਂ ਮਾੜੀਆਂ ਖ਼ਬਰਾਂ ਸੁਨਣ-ਪੜ੍ਹਨ ਨੂੰ ਮਿਲਦੀਆਂ ਹਨ। ਪਰ ਮੋਗਾ ਜ਼ਿਲ੍ਹੇ ਦੇ ਪਿੰਡ ਪੰਜਗਰਾਂਈ ਖੁਰਦ, ਜੋ ਹੱਦ ਨਾਲ ਹੀ ਮਸ਼ਹੂਰ ਹੈ, ਨਾਕੇ 'ਤੇ ਤਾਇਨਾਤ ਸੁਖਪਾਲ ਸਿੰਘ ਨਾਂ ਦੇ ਹੋਮ ਗਾਰਡ ਦੇ ਕਰਮਚਾਰੀ ਨੂੰ ਇੱਕ ਮਨਾਖੇ (ਜਿਸ ਨੂੰ ਬਿਲਕੁਲ ਦਿੱਖਦਾ ਨਹੀਂ ਸੀ) ਵਿਅਕਤੀ ਨੂੰ ਸੜਕ ਪਾਰ ਕਰਵਾਉਂਦੇ ਦੇਖਿਆ ਗਿਆ।ਇਸ ਕਰਮਚਾਰੀ ਵੱਲੋਂ ਨਿਭਾਇਆ ਗਿਆ ਇਹ ਫਰਜ਼ ਉਸ ਲਈ ਨਿੱਜੀ ਤੇ ਸੁਰੱਖਿਆ ਬਲਾਂ ਲਈ ਕਾਬਲੇ ਤਾਰੀਫ਼ ਹੈ ।

ਮੋਤੀ ਰਾਮ ਮਹਿਰਾ ਦਾ ਸ਼ਹੀਦੀ ਦਿਹਾੜਾ ਮਨਾਇਆ

ਲੋਹਗੋਵਾਲ (ਪ੍ਰਦੀਪ ਸਿੰਘ ਸੱਪਲ)-ਨੇੜਲੇ ਪਿੰਡ ਲੋਹਾਖੇੜਾ ਵਿਖੇ ਬਾਬਾ ਮੋਤੀ ਰਾਮ ਮਹਿਰਾ ਵੈਲਫੇਅਰ ਸੁਸਾਇਟੀ (ਰਜਿ:) ਵੱਲੋਂ ਬਾਬਾ ਮੋਤੀ ਰਾਮ ਮਹਿਰਾ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ।ਜਾਣਕਾਰੀ ਦਿੰਦਿਆਂ ਸਭਾ ਪ੍ਰਧਾਨ ਮਨਪ੍ਰੀਤ ਸਿੰਘ ਲੋਹਾਖੇੜਾ ਨੇ ਦੱਸਿਆ ਕਿ ਸ਼ਹੀਦੀ ਦਿਹਾੜੇ ਸਬੰਧੀ ਬਾਬਾ ਨੰਦ ਸਿੰਘ ਜੀ ਦੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਪ੍ਰਕਾਸ਼ ਕਰਵਾਏ ਗਏ ਅਤੇ ਸੰਗਤਾਂ ਲਈ ਦੱਧ ਦਾ ਲੰਗਰ ਲਗਾਇਆ ਗਿਆ ਅਤੇ ਬੀਤੇ ਐਤਵਾਰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਇਸ ਸਮੇਂ ਰਾਗੀ ਢਾਡੀ ਜਥਿਆਂ ਵੱਲੋਂ ਸੰਗਤਾਂ ਨੂੰ ਗੁਰੂ ਇਤਿਹਾਸ ਸੁਣਾ ਕੇ ਨਿਹਾਲ ਕੀਤਾ ਅਤੇ ਗੁਰੂ ਕਾ ਲੰਗਰ ਅਤੂੱਟ ਵਰਤਾਇਆ ਗਿਆ।ਇਸ ਸਮੇਂ ਇਲਾਕੇ ਦੀਆਂ ਸਮੂਹ ਸੰਗਤਾਂ ਨੇ ਇਹਨਾਂ ਸਮਾਗਮਾਂ ਵਿੱਚ ਹਾਜ਼ਰੀਆਂ ਭਰੀਆਂ।ਇਸ ਸਮੇਂ ਬਾਬਾ ਮੋਤੀ ਰਾਮ ਮਹਿਰਾ ਵੈਲਫੇਅਰ ਕਮੇਟੀ ਦੇ ਅਹੁਦੇਦਾਰ ਦੁੱਲਾ ਸਿੰਘ, ਗੁਰਚਰਨ ਸਿੰਘ, ਗੁਰਜੰਟ ਸਿੰਘ, ਨੋਨੂੰ ਸਿੰਘ, ਮੱਖਣ ਸਿੰਘ, ਗਿਆਨ ਸਿੰਘ, ਸਿੰਗਾਰਾ ਸਿੰਘ, ਅਵਤਾਰ ਸਿੰਘ, ਦਵਿੰਦਰ ਸਿੰਘ ਕੈਨੇਡਾ ਆਦਿ ਮੌਜੂਦ ਸਨ।

ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਦੀ ਮੀਟਿੰਗ

ਕੋਟਕਪੂਰਾ (ਰਛਪਾਲ ਭੁੱਲਰ)-ਪਿਛਲੇ ਦਿਨੀ ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਸਬ ਕਮੇਟੀ ਪਸ਼ੂ ਪਾਲਣ ਵਿਭਾਗ ਦੀ ਮੀਟਿੰਗ ਸੂਬਾ ਸਬ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਬਰਨਾਲਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ ਪਟਿਆਲਾ, ਸ਼ਹਿਰ ਦੇ ਪ੍ਰਧਾਨ ਰਾਮ ਲਾਲ ਰਾਮਾ ਸ਼ਾਮਿਲ ਹੋਏ। ਮੀਟਿੰਗ ਵਿੱਚ ਪਸ਼ੂ ਪਾਲਣ ਵਿਭਾਗ ਦੇ ਚੌਥਾ ਦਰਜਾ ਕਰਮਚਾਰੀਆਂ ਦੀ ਪੱਦ ਉਨਤੀਆਂ ਸਬੰਧੀ ਖਾਲੀ ਪਈਆਂ 1183 ਅਸਾਮੀਆਂ, ਜਿਸ ਦੀ ਮਨਜ਼ੂਰੀ ਪੰਜਾਬ ਸਰਕਾਰ ਨੇ ਪਹਿਲਾਂ ਹੀ ਦਿੱਤੀ ਹੋਈ ਹੈ ਤੇ ਨਵੀਂ ਭਰਤੀ ਵਿਭਾਗੀ ਭਰਤੀ ਕਮੇਟੀ ਬਣਾ ਕੇ ਸ਼ੁਰੂ ਕਰਨਾ, ਵਿਭਾਗ ਵਿਚਲੇ ਕੰਟਰੈਕਟ, ਆਊਟ ਸੋਰਸ ਕਾਮਿਆਂ ਨੂੰ ਪੱਕਾ ਕਰਨਾ ਅਤੇ ਘੱਟੋ-ਘੱਟ ਤਨਖਾਹ 26000 ਰੁਪਏ ਜਾਰੀ ਕਰਨਾ ਵਰਗੇ ਘੱਟੋ-ਘੱਟ ਦੋ ਦਰਜਨ ਮੰਗਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਮੌਕੇ ਇਹ ਫੈਸਲਾ ਕੀਤਾ ਗਿਆ ਕਿ ਲੰਬਿਤ ਪਈਆਂ ਮੰਗਾਂ ਨੂੰ ਪੂਰਾ ਕਰਵਾਉਣ ਲਈ ਅਤੇ ਪ੍ਰਮੋਸ਼ਨ ਚੈਨਲ ਬਣਾਉਣ ਲਈ ਮਿਤੀ 21 ਜਨਵਰੀ ਨੂੰ ਪੰਜਾਬ ਦੇ ਸਾਰੇ ਖੇਤਰੀ ਡਿਪਟੀ ਡਾਇਰੈਕਟਰਾਂ ਨੂੰ ਗੇਟ ਮੀਟਿੰਗਾਂ ਕਰਕੇ ਪਸ਼ੂ ਪਾਲਣ ਮੰਤਰੀ, ਪ੍ਰਮੁੱਖ ਸਕੱਤਰ ਪਸ਼ੂ ਪਾਲਣ ਅਤੇ ਡਾਇਰੈਕਟਰ ਪਸ਼ੂ ਪਲਣ ਪੰਜਾਬ ਨੂੰ ਮੰਗ ਪੱਤਰ ਭਿਜਵਾਏ ਜਾਣਗੇ। ਜੇਕਰ ਮੰਗਾਂ ਦਾ ਨਿਪਟਾਰਾ ਗੱਲਬਾਤ ਰਾਹੀਂ ਨਾ ਕੀਤਾ ਗਿਆ ਤਾਂ ਮਿਤੀ 08 ਫਰਵਰੀ 2025 ਨੂੰ ਪਸ਼ੂ ਪਾਲਣ ਮੰਤਰੀ ਸ੍ਰੀ ਗੁਰਮੀਤ ਸਿੰਘ ਖੁੱਡੀਆਂ ਦੇ ਵਿਧਾਨ ਸਭਾ ਹਲਕਾ ਲੰਬੀ ਵਿਖੇ ਝੰਡਾ ਮਾਰਚ ਕਰਕੇ ਅਗਲੇ ਸੰਘਰਸ਼ਾਂ ਦਾ ਅਲਾਨ ਕੀਤਾ ਜਾਵੇਗਾ।ਮੀਟਿੰਗ ਵਿੱਚ ਸੀਨੀਅਰ ਮੀਤ ਪ੍ਰਧਾਨ ਗੋਤਮ ਭਾਰਦਵਾਜ, ਮੀਤ ਪ੍ਰਧਾਨ ਇਕਬਾਲ ਸਿੰਘ, ਚੇਅਰਮੈਨ ਰਾਮ ਸਿੰਘ, ਵਿੱਤ ਸਕੱਤਰ ਗੁਰਮੇਲ ਸਿੰਘ, ਗੁਰਦੀਪ ਸਿੰਘ, ਅਮੋਲਕ ਸਿੰਘ, ਛੋਟਾ ਸਿੰਘ ਜਿਲਾ ਪ੍ਰਧਾਨ ਸੰਗਰੂਰ, ਮੇਵਾ ਸਿੰਘ ਬਰਨਾਲਾ, ਬਹਾਦਰ ਸਿੰਘ ਮੋਹਾਲੀ, ਜ਼ਸਪਾਲ ਸਿੰਘ ਪਟਿਆਲਾ, ਜ਼ਸਵੀਰ ਸਿੰਘ, ਇੰਦਰਪਾਲ ਸਿੰਘ, ਇਕਬਾਲ ਸਿੰਘ ਕੋਇਆਵਾਲੀ, ਧਰਮਪ੍ਰੀਤ ਸਿੰਘ ਮੁਕਤਸਰ ਆਦਿ ਹੋਏ।

ਮਿੱਡ ਡੇਅ ਮੀਲ ਵਰਕਰਜ਼ ਯੂਨੀਅਨ ਵੱਲੋਂ ਸੰਘਰਸ਼ ਤੇਜ਼ ਕਰਨ ਦਾ ਐਲਾਨ

11 ਨੂੰ ਰੋਸ ਪ੍ਰਦਰਸ਼ਨ ਕਰਕੇ ਫੂਕਣਗੇ ਮੁੱਖ ਮੰਤਰੀ ਦਾ ਪੁਤਲਾ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਮਿੱਡ ਡੇਅ ਮੀਲ ਵਰਕਰ ਯੂਨੀਅਨ ਪੰਜਾਬ ਦੇ ਫੈਸਲੇ ਅਨੁਸਾਰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਇਕਾਈ ਵੱਲੋਂ 11 ਜਨਵਰੀ ਦੇ ਜ਼ਿਲ੍ਹਾ ਪੱਧਰੀ ਧਰਨੇ ਦੀਆਂ ਤਿਆਰੀਆਂ ਵਿੱਚ ਲਈਆਂ ਗਈਆਂ ਹਨ।ਇਸ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਰਮਨਜੀਤ ਕੌਰ ਤੇ ਜਨਰਲ ਸਕੱਤਰ ਰਾਜਵਿੰਦਰ ਕੌਰ ਨੇ ਦੱਸਿਆ ਕਿ ਵਿਧਾਨ ਸਭਾ ਦੀਆਂ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਨੇਤਾਵਾਂ ਨੇ ਮਿੱਡ ਡੇਅ ਮੀਲ ਵਰਕਰਾਂ ਨਾਲ ਵਾਅਦਾ ਕੀਤਾ ਸੀ ਕਿ ਉਨ੍ਹਾਂ ਦੀ ਸਰਕਾਰ ਬਣਦਿਆਂ ਹੀ ਪਹਿਲ ਦੇ ਅਧਾਰ 'ਤੇ ਸਕੂਲਾਂ ਵਿੱਚ ਬੱਚਿਆਂ ਲਈ ਦੁਪਹਿਰ ਦਾ ਖਾਣਾ ਤਿਆਰ ਕਰਨ ਵਾਲੀਆਂ ਮਿੱਡ ਡੇਅ ਮੀਲ ਵਰਕਰਾਂ ਦਾ ਮਾਣ ਭੱਤਾ ਦੁੱਗਣਾ ਕਰਕੇ ਤਿੰਨ ਹਜ਼ਾਰ ਰੁਪਏ ਤੋਂ ਛੇ ਹਜ਼ਾਰ ਰੁਪਏ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪਰ ਅਫਸੋਸ ਨਾਲ ਦੱਸਣਾ ਪੈ ਰਿਹਾ ਹੈ ਅਖੌਤੀ ਇਨਕਲਾਬੀ ਸਰਕਾਰ ਨੇ ਵਰਕਰਾਂ ਦੇ ਮਾਣ ਭੱਤੇ ਵਿੱਚ ਤਿੰਨ ਸਾਲ ਬੀਤ ਜਾਣ ਦੇ ਬਾਵਜੂਦ ਕੋਈ ਵਾਧਾ ਨਹੀਂ ਕੀਤਾ।ਸਗੋਂ ਇਸ ਦੇ ਉਲਟ ਮਿੱਡ ਡੇਅ ਮੀਲ ਵਰਕਰਾਂ ਦੇ ਕੰਮ ਨੂੰ ਵਧਾਉਣ ਲਈ ਨਵੇਂ ਨਵੇਂ ਪ੍ਰਕਾਰ ਦੇ ਭੋਜਨ ਬਣਾਉਣ ਦੇ ਹੁਕਮ ਦਿੱਤੇ ਹਨ। ਇਸ ਮੌਕੇ ਆਗੂਆਂ ਨੇ ਦੱਸਿਆ ਕਿ ਮਹਿੰਗਾਈ ਦੇ ਦਿਨੋਂ ਦਿਨ ਵਧਣ ਦੇ ਬਾਵਜੂਦ ਮਿੱਡ ਡੇਅ ਮੀਲ ਵਰਕਰਾਂ ਨੂੰ ਸਿਰਫ਼ ਤਿੰਨ ਹਜ਼ਾਰ ਰੁਪਏ ਨਾਲ ਪਰਿਵਾਰ ਦਾ ਗੁਜ਼ਾਰਾ ਕਰਨ ਲਈ ਮਜਬੂਰ ਕਰਨਾ ਸਰਕਾਰਾਂ ਦੀਆਂ ਹੀ ਗਲਤ ਨੀਤੀਆਂ ਦਾ ਸਬੂਤ ਹੈ।ਉਨ੍ਹਾਂ ਮੰਗ ਕੀਤੀ ਕਿ ਮਿੱਡ ਡੇਅ ਮੀਲ ਵਰਕਰਾਂ ਉੱਤੇ ਘੱਟੋ ਘੱਟ ਤਨਖਾਹ ਲਾਗੂ ਕਰਦਿਆਂ ਸਿੱਖਿਆ ਵਿਭਾਗ ਦੇ ਰੈਗੂਲਰ ਮੁਲਾਜ਼ਮ ਮੰਨਿਆ ਜਾਵੇ ਤੇ ਰੈਗੂਲਰ ਮੁਲਾਜ਼ਮਾਂ ਵਾਲੀਆਂ ਸਹੂਲਤਾਂ ਦਿੱਤੀਆਂ ਜਾਣ।ਉਨ੍ਹਾਂ ਦੱਸਿਆ ਕਿ ਵਰਕਰਾਂ ਵਿੱਚ ਪੰਜਾਬ ਸਰਕਾਰ ਦੇ ਵਰਕਰਾਂ ਪ੍ਰਤੀ ਅਣਗਹਿਲੀ ਵਾਲੇ ਵਤੀਰੇ ਵਿਰੁੱਧ ਭਾਰੀ ਰੋਸ ਹੈ, ਜਿਸ ਦਾ ਪ੍ਰਗਟਾਵਾ ਜੱਥੇਬੰਦੀ ਵੱਲੋਂ ਸਰਕਾਰ ਖ਼ਿਲਾਫ਼ ਉਲੀਕੇ ਜ਼ਿਲ੍ਹਾ ਪੱਧਰੀ ਐਕਸ਼ਨ ਵਿੱਚ ਨਜ਼ਰ ਆਵੇਗਾ।ਇਸ ਮੌਕੇ ਸੀਮਾ ਰਾਣੀ, ਮਨਪ੍ਰੀਤ ਕੌਰ, ਰੀਤੂ ਅਮਨਦੀਪ ਕੌਰ, ਹਰਪਾਲ ਕੌਰ, ਰਵੀਨਾ ਰਾਣੀ, ਹਰਪ੍ਰੀਤ ਕੌਰ ਹਾਜ਼ਰ ਸਨ।

ਸੜਕ ਹਾਦਸੇ ਦੇ ਜ਼ਖਮੀਆਂ ਤੇ ਮ੍ਰਿਤਕਾਂ ਦੇ ਵਾਰਿਸਾਂ ਨੂੰ ਸਰਕਾਰ ਮੁਆਵਜ਼ਾ ਦੇਵੇ : ਉਗਰਾਹਾਂ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਬੀਤੇ ਦਿਨੀਂ ਸੰਯੁਕਤ ਕਿਸਾਨ ਮੋਰਚਾ ਭਾਰਤ ਦੇ ਸੱਦੇ 'ਤੇ ਟੋਹਾਣਾ ਮਹਾਂਪੰਚਾਇਤ ਵਿੱਚ ਪਿੰਡ ਕੋਠਾ ਗੁਰੂ ਤੋਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਜਾ ਰਹੀ ਬੱਸ ਦਾ ਹਾਦਸਾ ਵਾਪਰਨ ਕਾਰਨ ਕੋਠਾ ਗੁਰੂ ਦੀਆਂ ਤਿੰਨ ਔਰਤਾਂ ਸ਼ਹੀਦ ਹੋ ਗਈਆਂ ਅਤੇ ਦਰਜਨਾਂ ਦੀ ਗਿਣਤੀ ਵਿੱਚ ਕਿਸਾਨ ਜ਼ਖਮੀ ਹੋ ਗਏ ਸਨ, ਜਿਨ੍ਹਾਂ ਸਬੰਧੀ ਜਥੇਬੰਦੀ ਵੱਲੋਂ ਸਰਕਾਰ ਤੱਕ ਪਹੁੰਚਾਈਆਂ ਹੋਈਆਂ ਮੰਗਾਂ ਹਾਲੇ ਤੱਕ ਵੀ ਪੂਰੀਆਂ ਨਹੀਂ ਕੀਤੀਆਂ ਗਈਆਂ।ਇਸ ਸਬੰਧੀ ਪ੍ਰੈੱਸ ਕਾਨਫਰੰਸ ਕਰਦਿਆਂ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ, ਸਕੱਤਰ ਸਿੰਗਾਰਾ ਸਿੰਘ ਮਾਨ, ਸਕੱਤਰ ਜਗਤਾਰ ਸਿੰਘ ਕਾਲਾ ਝਾੜ, ਮੀਤ ਪ੍ਰਧਾਨ ਰੂਪ ਸਿੰਘ ਛੰਨਾ ਤੇ ਜ਼ਿਲ੍ਹਾ ਬਠਿੰਡਾ ਦੇ ਜਨਰਲ ਸਕੱਤਰ ਹਰਜਿੰਦਰ ਸਿੰਘ ਨੇ ਸਰਕਾਰ ਦੁਆਰਾ ਧਾਰੀ ਚੁੱਪ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਇੱਕ ਪਾਸੇ ਤਾਂ ਭਗਵੰਤ ਮਾਨ ਦੀ ਸਰਕਾਰ ਕਿਸਾਨ ਹਿਤੈਸ਼ੀ ਹੋਣ ਦੇ ਵੱਡੇ ਵੱਡੇ ਦਾਅਵੇ ਕਰਦੀ ਹੈ, ਪਰ ਹਾਦਸਾ ਵਾਪਰਨ ਤੋਂ ਡੇਢ ਦਿਨ ਬੀਤ ਜਾਣ ਦੇ ਬਾਵਜੂਦ ਪੰਜਾਬ ਸਰਕਾਰ ਪੀੜਤ ਪਰਿਵਾਰਾਂ ਦੀਆਂ ਮੰਗਾਂ ਨੂੰ ਅਣਗੌਲਿਆ ਕਰਕੇ ਉਨ੍ਹਾਂ ਅਤੇ ਹੋਰ ਕਿਸਾਨਾਂ ਨੂੰ ਕੜਾਕੇ ਦੀ ਠੰਢ ਵਿੱਚ ਹਸਪਤਾਲਾਂ ਤੇ ਸੜਕਾਂ 'ਤੇ ਰੋਲ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੇ ਇਸ ਅੜੀਅਲ ਰਵੱਈਏ ਖਿਲਾਫ ਕੱਲ੍ਹ ਤੋਂ ਬਠਿੰਡਾ ਤੇ ਬਰਨਾਲਾ ਦੇ ਡਿਪਟੀ ਕਮਿਸ਼ਨਰ ਦਫਤਰਾਂ ਅੱਗੇ ਲਗਾਤਾਰ ਦਿਨ-ਰਾਤ ਦੇ ਧਰਨੇ ਸ਼ੁਰੂ ਕੀਤੇ ਜਾਣਗੇ, ਜੋ ਮੰਗਾਂ ਪੂਰੀਆਂ ਹੁਣ ਤੱਕ ਜਾਰੀ ਰਹਿਣਗੇ। ਉਨ੍ਹਾਂ ਮੰਗਾਂ ਸਬੰਧੀ ਕਿਹਾ ਕਿ ਸ਼ਹੀਦ ਹੋਈਆਂ ਤਿੰਨ ਔਰਤਾਂ ਦੇ ਪਰਿਵਾਰਾਂ ਨੂੰ 10-10 ਲੱਖ ਰੁਪਏ ਦਾ ਮੁਆਵਜ਼ਾ, ਇੱਕ ਜੀਅ ਨੂੰ ਸਰਕਾਰੀ ਨੌਕਰੀ ਤੇ ਪਰਿਵਾਰ ਸਿਰ ਚੜ੍ਹਿਆ ਸਾਰਾ ਕਰਜ਼ਾ ਖਤਮ ਕੀਤਾ ਜਾਵੇ।ਇਸ ਤੋਂ ਇਲਾਵਾ ਗੰਭੀਰ ਜ਼ਖਮੀਆਂ ਨੂੰ ਪੰਜ-ਪੰਜ ਲੱਖ ਰੁਪਏ ਤੇ ਹੋਰ ਜ਼ਖਮੀਆਂ ਨੂੰ ਦੋ-ਦੋ ਲੱਖ ਰੁਪਏ ਦਾ ਮੁਆਵਜ਼ਾ ਦਿੱਤਾ ਜਾਵੇ ਅਤੇ ਜ਼ਖਮੀਆਂ ਦਾ ਇਲਾਜ ਮਾਹਰ ਡਾਕਟਰਾਂ ਦੁਆਰਾ ਸਰਕਾਰੀ ਖਰਚੇ 'ਤੇ ਕੀਤਾ ਜਾਵੇ।ਕਿਸਾਨ ਆਗੂਆਂ ਨੇ ਦੋਵਾਂ ਜ਼ਿਲ੍ਹਿਆਂ ਦੇ ਕਿਸਾਨ ਵਰਕਰਾਂ ਤੇ ਸਮੂਹ ਇਨਸਾਫ ਪਸੰਦ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਧਰਨਿਆਂ ਵਿ

7-Jan-PAGE--8.qxd 1/6/2025 10:47 PM Page 1

ਅਧਿਆਪਕ 11 ਨੂੰ ਸਪੀਕਰ ਦੇ ਪਿੰਡ ਰੈਲੀ ਉਪਰੰਤ ਘਰ ਵੱਲ ਕਰਨਗੇ ਰੋਸ ਮਾਰਚ

ਜਲੰਧਰ (ਰਾਜੇਸ਼ ਥਾਪਾ) ਸਾਂਝਾ ਅਧਿਆਪਕ ਮੋਰਚਾ ਪੰਜਾਬ ਵਿੱਚ ਸ਼ਾਮਲ ਜਥੇਬੰਦੀਆਂ ਦੇ ਆਗੂਆਂ ਵੱਲੋਂ ਕੀਤੀ ਗਈ ਮੀਟਿੰਗ ਵਿੱਚ ਅਗਾਮੀ ਕੀਤੇ ਗਏ ਫੈਸਲਿਆਂ ਪ੍ਰਤੀ ਜਾਣਕਾਰੀ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾਈ ਆਗੂਆਂ ਸੁਰਿੰਦਰ ਕੁਮਾਰ ਪੁਆਰੀ ਸੂਬਾ ਪ੍ਰਧਾਨ, ਚਰਨ ਸਿੰਘ ਸਰਾਭਾ, ਬਲਕਾਰ ਵਲਟੋਹਾ, ਪ੍ਰੇਮ ਚਾਵਲਾ, ਨਵੀਨ ਸਚਦੇਵਾ, ਟਹਿਲ ਸਿੰਘ ਸਰਾਭਾ, ਕਾਰਜਕਾਰੀ ਜਨਰਲ ਸਕੱਤਰ ਪ੍ਰਵੀਨ ਕੁਮਾਰ ਅਤੇ ਜਿੰਦਰ ਪਾਇਲਟ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਸਿੱਖਿਆ ਮੰਤਰੀ ਵੱਲੋਂ ਲਗਾਤਾਰ ਅਧਿਆਪਕ ਮੰਗਾਂ ਦੀ ਅਣਦੇਖੀ ਕਰਨ ਅਤੇ ਅਧਿਆਪਕ ਜਥੇਬੰਦੀਆਂ ਨਾਲ ਮੀਟਿੰਗ ਸਮੇਂ ਗੈਰਸੰਜੀਦਾ ਅਤੇ ਹੰਕਾਰੀ ਰਵੱਈਏ ਖਿਲਾਫ 23-24 ਦਸੰਬਰ ਨੂੰ ਪੰਜਾਬ ਦੇ ਸਮੁੱਚੇ ਜ਼ਿਲ੍ਹਿਆਂ ਵਿੱਚ ਪੁਤਲੇ ਫੂਕੇ ਗਏ ਸਨ।ਸਿੱਖਿਆ ਮੰਤਰੀ ਦੇ ਸਰਕਾਰੀ ਸਕੂਲਾਂ, ਸਿੱਖਿਆ ਅਤੇ ਅਧਿਆਪਕਾਂ ਦੀਆਂ ਮੰਗਾਂ, ਮਸਲਿਆਂ ਸਬੰਧੀ ਗੈਰ ਜ਼ਿੰਮੇਵਾਰਾਂ ਵਤੀਰੇ ਕਾਰਨ ਮੀਟਿੰਗ ਵਿੱਚ ਸ਼ਾਮਲ ਸਮੂਹ ਆਗੂਆਂ ਨੇ 11 ਜਨਵਰੀ ਨੂੰ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਘਰ ਅੱਗੇ ਅਤੇ 19 ਜਨਵਰੀ ਨੂੰ ਮੁੜ ਸਿੱਖਿਆ ਮੰਤਰੀ ਦੇ ਹਲਕੇ ਅਨੰਦਪੁਰ ਸਾਹਿਬ ਵਿਖੇ ਰੋਸ ਪ੍ਰਦਰਸ਼ਨ ਕਰਨ ਦਾ ਸਰਬ ਸੰਮਤੀ ਨਾਲ ਫੈਸਲਾ ਕੀਤਾ। ਕੰਪਿਊਟਰ ਅਧਿਆਪਕਾਂ ਦੇ ਸੰਘਰਸ਼ ਅਤੇ ਦਫਤਰੀ ਕਰਮਚਾਰੀਆਂ ਦੇ ਸੰਘਰਸ਼ ਦਾ ਸਮਰਥਨ ਕਰਨ ਲਈ ਵੱਖ-ਵੱਖ ਥਾਵਾਂ ਤੇ ਚੱਲ ਰਹੇ ਧਰਨਿਆਂ ਵਿੱਚ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ। ਇਸ ਸਮੇਂ ਆਗੂਆਂ ਵੱਲੋਂ ਉਪਰੋਕਤ ਐਲਾਨੇ ਐਕਸ਼ਨਾਂ ਵਿੱਚ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਭਰਪੂਰ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ ਗਿਆ।ਇਸ ਸਮੇਂ ਉਪਰੋਕਤ ਆਗੂਆਂ ਤੋਂ ਇਲਾਵਾ ਗੁਰਪ੍ਰੀਤ ਸਿੰਘ ਮਾੜੀਮੇਘਾ,ਜਗਮੇਲ ਸਿੰਘ ਪੱਖੋਵਾਲ, ਲਛਮਣ ਸਿੰਘ ਮਲੂਕਾ,ਬੂਟਾ ਸਿੰਘ ਭੱਟੀ,ਸੁਖਜਿੰਦਰ ਸਿੰਘ ਖਾਨਪੁਰ,ਬਾਜ ਸਿੰਘ, ਮਨਦੀਪ ਸਿੰਘ ਥਿੰਦ, ਰਾਕੇਸ਼ ਧਵਨ ਆਦਿ ਵੀ ਹਾਜ਼ਰ ਸਨ।

ਪੰਜਾਬ ਇਸਤਰੀ ਸਭਾ ਨੇ ਸਵਿਤਰੀ ਬਾਈ ਫੂਲੇ ਦਾ ਜਨਮ ਦਿਨ ਮਨਾਇਆ

ਬੰਗਾ (ਅਵਤਾਰ ਕਲੇਰ) ਪੰਜਾਬ ਇਸਤਰੀ ਸਭਾ ਨਵਾਂ ਸ਼ਹਿਰ ਵਲੋਂ ਜ਼ਿਲ੍ਹਾ ਪ੍ਰਧਾਨ ਕਾਮਰੇਡ ਗੁਰਬਖਸ਼ ਕੌਰ ਰਾਹੋਂ ਦੀ ਅਗਵਾਈ ਹੇਠ ਸਵਿਤਰੀ ਬਾਈ ਫੂਲੇ ਦਾ ਜਨਮ ਦਿਨ ਕੇਕ ਕੱਟ ਕੇ ਮਨਾਇਆ ਗਿਆ।ਇਕੱਠ ਨੂੰ ਸੰਬੋਧਨ ਕਰਦਿਆਂ ਗੁਰਬਖਸ਼ ਕੌਰ ਰਾਹੋਂ ਨੇ ਕਿਹਾ ਕਿ ਸਵਿਤਰੀ ਬਾਈ ਫੂਲੇ ਨੇ ਔਰਤਾਂ 'ਤੇ ਹੋ ਰਹੇ ਅੱਤਿਆਚਾਰ ਖਿਲਾਫ ਅਵਾਜ਼ ਬੁਲੰਦ ਕੀਤੀ, ਔਰਤਾਂ ਨੂੰ ਪੜ੍ਹਨ ਦਾ ਹੱਕ ਦੁਆਇਆ ਅਤੇ ਆਪਣੇ ਪਤੀ ਜੋਤੀ ਰਾਓ ਫੂਲੇ ਨਾਲ ਮਿਲ ਕੇ 1848 ਵਿੱਚ ਪਹਿਲਾ ਔਰਤਾਂ ਦੇ ਪੜ੍ਹਨ ਵਾਸਤੇ ਸਕੂਲ ਖੋਲ੍ਹਿਆ। ਉਹਨਾਂ ਕਿਹਾ ਕਿ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਈਏ।

ਇਸ ਮੌਕੇ ਜਸਵਿੰਦਰ ਸਿੰਘ ਭੰਗਲ, ਸੱਤਿਆ ਦੇਵੀ, ਕਾਂਤਾ ਦੇਵੀ, ਬਿਮਲਾ, ਜਸਵੀਰ ਕੌਰ, ਮਨਜੀਤ ਕੌਰ, ਜਸਵਿੰਦਰ ਕੌਰ,ਜੀਆ, ਡਿੰਪਲ,ਇੰਦੂ ਬਾਲਾ, ਚਰਨ ਕੌਰ ਤੇ ਨੀਤੂ ਆਦਿ ਹਾਜ਼ਰ ਸਨ।

9 ਨੂੰ ਮੋਗੇ 'ਚ ਹੋਣ ਵਾਲੀ ਕਿਸਾਨ ਮਹਾਂ ਪੰਚਾਇਤ ਰਚੇਗੀ ਨਵਾਂ ਇਤਿਹਾਸ : ਡਾ. ਅਜਨਾਲਾ, ਸੰਧੂ

ਜਲੰਧਰ - ਜਮਹੂਰੀ ਕਿਸਾਨ ਸਭਾ ਪੰਜਾਬ ਦੀ ਸੂਬਾ ਕਮੇਟੀ ਦੀ ਮੀਟਿੰਗ ਡਾ. ਸਤਨਾਮ ਸਿੰਘ ਅਜਨਾਲਾ ਦੀ ਪ੍ਰਧਾਨਗੀ ਹੇਠ ਸੂਬਾਈ ਦਫਤਰ ਸ਼ਹੀਦ ਸਰਵਣ ਸਿੰਘ ਚੀਮਾ ਭਵਨ ਗੜ੍ਹਾ, ਜਲੰਧਰ ਵਿਖੇ ਹੋਈ। ਮੀਟਿੰਗ 'ਚ ਕੱਲ੍ਹ ਕਿਸਾਨ ਰੈਲੀ ਵਿੱਚ ਟੋਹਾਣਾ ਜਾ ਰਹੀਆਂ ਕਿਸਾਨ ਬੀਬੀਆਂ ਦੇ ਸ਼ਹੀਦ ਹੋਣ ਅਤੇ ਕਿਸਾਨ ਆਗੂ ਬਲਵੰਤ ਸਿੰਘ ਘੋਹ ਦੇ ਨੌਜਵਾਨ ਬੇਟੇ ਤੇ ਸਤਵੀਰ ਸਿੰਘ ਸੈਦਪੁਰ ਦੇ ਵਿਛੋੜੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਭਾ ਦੇ ਸੂਬਾਈ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਆਖਿਆ ਕਿ 9 ਜਨਵਰੀ ਨੂੰ ਮੋਗੇ 'ਚ ਸੰਯੁਕਤ ਕਿਸਾਨ ਮੋਰਚੇ ਦੀ ਕਿਸਾਨ ਮਹਾਂ ਪੰਚਾਇਤ ਨਵਾਂ ਇਤਿਹਾਸ ਰਚੇਗੀ। ਉਨ੍ਹਾਂ ਕਿਹਾ ਕਿ ਇਸ ਸਬੰਧੀ ਜਮਹੂਰੀ ਕਿਸਾਨ ਸਭਾ ਪੰਜਾਬ ਵੱਲੋਂ ਵੱਡੇ ਪੱਧਰ 'ਤੇ ਕਿਸਾਨਾਂ ਨੂੰ ਇਸ ਕਿਸਾਨ ਮਹਾਂ ਪੰਚਾਇਤ ਵਿੱਚ ਸ਼ਾਮਲ ਕਰਵਾਉਣ ਲਈ ਲਾਮਬੰਦੀ ਕੀਤੀ ਜਾ ਰਹੀ ਹੈ। ਜਿਸ ਦਾ ਕਿਰਤੀ ਕਿਸਾਨਾਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਸਮਾਜ ਦੇ ਬਾਕੀ ਵਰਗਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਇਸ ਕਿਸਾਨ ਮਹਾ ਪੰਚਾਇਤ ਦਾ ਹਿੱਸਾ ਬਣਨ ਦੀ ਅਪੀਲ ਕੀਤੀ। ਇਸ ਮੌਕੇ ਸਭਾ ਦੇ ਸੂਬਾਈ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ ਨੇ ਆਖਿਆ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਕਿਸਾਨਾਂ ਉੱਪਰ ਲਗਾਤਾਰ ਆਰਥਿਕ ਹਮਲੇ ਕੀਤੇ ਜਾ ਰਹੇ ਹਨ, ਤਾਂ ਜੋ ਕਿਸਾਨ ਆਪਣੀਆਂ ਜ਼ਮੀਨਾਂ ਤੇ ਖੇਤੀ ਛੱਡ ਕੇ ਚਲੇ ਜਾਣ। ਤਾਂ ਜੋ ਉਨ੍ਹਾ ਜ਼ਮੀਨਾਂ ਤੇ ਖੇਤੀ ਦੇ ਧੰਦੇ ਉੱਪਰ

ਕਾਰਪੋਰੇਟ ਕਬਜ਼ਾ ਕਰ ਸਕਣ। ਉਨ੍ਹਾਂ ਕਿਹਾ ਕਿ ਖੇਤੀ ਮੰਡੀ ਦੀ ਨੀਤੀ ਜੋ ਸਰਕਾਰ ਲਾਗੂ ਕਰਨਾ ਚਾਹੁੰਦੀ ਹੈ, ਉਹ ਪਿਛਲੇ ਤਿੰਨ ਕਾਲੇ ਕਾਨੂੰਨਾਂ ਦਾ ਹੀ ਰੂਪ ਹੈ, ਜਿਸ ਨੂੰ ਕਿਸਾਨ ਪਹਿਲਾਂ ਹੀ ਰੱਦ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਮੋਗੇ 'ਚ ਹੋਣ ਵਾਲੀ ਕਿਸਾਨ ਮਹਾਂ ਪੰਚਾਇਤ ਪਿਛਲੀਆਂ ਮੰਨੀਆਂ ਮੰਗਾਂ ਲਾਗੂ ਕਰਵਾਉਣ ਤੇ ਰਹਿੰਦੀਆਂ ਮੰਗਾਂ ਦੀ ਪ੍ਰਾਪਤੀ ਲਈ ਕੇਂਦਰ ਤੇ ਸੂਬਾ ਸਰਕਾਰ ਨੂੰ ਮਜਬੂਰ ਕਰ ਦੇਵੇਗੀ। ਸਭਾ ਦੇ ਸੂਬਾਈ ਪ੍ਰੈਸ ਸਕੱਤਰ ਹਰਨੇਕ ਸਿੰਘ ਗੁੱਜਰਵਾਲ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਆਖਿਆ ਕਿ ਜਮਹੂਰੀ ਕਿਸਾਨ ਸਭਾ ਪੰਜਾਬ ਵੱਲੋਂ ਕਿਸਾਨ ਮਹਾਂ ਪੰਚਾਇਤ ਦੀ ਸਫਲਤਾ ਲਈ ਵੱਡੇ ਪੱਧਰ 'ਤੇ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।

ਕਸ਼ੱਤਰੀਆ ਸਪੋਰਟਸ ਐਂਡ ਵੈੱਲਫੇਅਰ ਕਲੱਬ ਨੇ ਫ੍ਰੀ ਮੈਡੀਕਲ ਕੈਂਪ ਲਗਾਇਆ

ਬਲਾਚੌਰ (ਜਸਵਿੰਦਰ ਬੈਂਸ)-ਕਸ਼ੱਤਰੀਆ ਸਪੋਰਟਸ ਐਂਡ ਵੈਲਫੇਅਰ ਕਲੱਬ ਰਜਿ. ਬਲਾਚੌਰ ਵਲੋਂ ਪ੍ਰਧਾਨ ਅਭਿਸ਼ੇਕ ਰਾਣਾ ਦੀ ਅਗਵਾਈ ਹੇਠ ਵਾਰਡ ਨੰਬਰ 6 ਵਿਖੇ ਫ੍ਰੀ ਮੈਡੀਕਲ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਦਾ ਉਦਘਾਟਨ ਡਾ. ਭੁਪਿੰਦਰ ਜੀਤ ਸਿੰਘ ਸੂਰੀ ਅਤੇ ਡਾ. ਅਮਨਦੀਪ ਕੌਰ ਸੂਰੀ ਵਲੋਂ ਕੀਤਾ ਗਿਆ। ਇਸ ਮੈਡੀਕਲ ਕੈਂਪ ਵਿੱਚ ਲਗਭਗ 400 ਤੋਂ ਜ਼ਿਆਦਾ ਮਰੀਜ਼ਾਂ ਨੇ ਫ੍ਰੀ ਮੈਡੀਕਲ ਜਾਂਚ ਕਰਵਾ ਕੇ ਫ੍ਰੀ ਦਵਾਈਆਂ ਪ੍ਰਾਪਤ ਕੀਤੀਆਂ।ਇਸ ਮੌਕੇ ਕੈਂਪ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ ਆਮ ਆਦਮੀ ਪਾਰਟੀ ਦੇ ਯੂਥ ਆਗੂ ਕਰਨਵੀਰ ਕਟਾਰੀਆ ਨੇ ਅਭਿਸ਼ੇਕ ਰਾਣਾ ਵਲੋਂ ਲਗਾਏ ਗਏ ਮੈਡੀਕਲ ਕੈਂਪ ਦੀ ਸ਼ਲਾਘਾ ਕਰਦੇ ਵਧਾਈ ਦਿੱਤੀ ਅਤੇ ਕਿਹਾ ਕਿ ਸਾਨੂੰ ਸਾਰੀ ਨੌਜਵਾਨ ਪੀੜ੍ਹੀ ਨੂੰ ਰਲ ਮਿਲ ਕੇ ਐਸੇ ਮੈਡੀਕਲ ਕੈਂਪਾਂ ਦਾ ਆਯੋਜਨ ਕਰਨ ਲਈ ਅੱਗੇ ਆਉਣ ਦੀ ਅਹਿਮ ਲੋੜ ਹੈ। ਇਸ ਮੌਕੇ ਕਰਨ ਕਟਾਰੀਆ ਨੇ ਸੂਰੀ ਹਸਪਤਾਲ ਦੀ ਸਾਰੀ ਟੀਮ ਦਾ ਧੰਨਵਾਦ ਕੀਤਾ। ਪ੍ਰਧਾਨ ਅਭਿਸ਼ੇਕ ਰਾਣਾ ਨੇ ਕੈਂਪ ਵਿੱਚ ਪਹੁੰਚਣ 'ਤੇ ਸਾਰਿਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਅਤੇ ਧੰਨਵਾਦ ਕੀਤਾ। ਇਸ ਮੌਕੇ ਐਮ ਸੀ ਪਰਮਿੰਦਰ ਮੇਨਕਾ ਨੇ ਕਿਹਾ ਕਿ ਇਹ ਬਹੁਤ ਹੀ ਸ਼ਲਾਘਾ ਯੋਗ ਕਦਮ ਹੈ ਜਿਸ ਨਾਲ ਆਲੇ ਦੁਆਲੇ ਦੇ ਲੋਕਾਂ ਨੂੰ ਇਸ ਕੈਂਪ ਦਾ ਕਾਫੀ ਫਾਇਦਾ ਹੋਇਆ ਹੈ। ਇਸ ਮੌਕੇ ਆਮ ਆਦਮੀ ਪਾਰਟੀ ਦੇ ਯੁਵਾ ਨੇਤਾ ਕਰਨਵੀਰ ਕਟਾਰੀਆ ਅਤੇ ਸੂਰੀ ਹਸਪਤਾਲ ਤੋਂ ਡਾ. ਭੁਪਿੰਦਰ ਜੀਤ ਸਿੰਘ ਸੂਰੀ, ਅਮਨਦੀਪ ਕੌਰ ਸੂਰੀ ਨੂੰ ਸਨਮਾਨਤ ਕੀਤਾ ਗਿਆ ।ਇਸ ਮੌਕੇ ਆਮ ਆਦਮੀ ਪਾਰਟੀ ਦੇ ਯੂਥ ਆਗੂ ਕਰਨਵੀਰ ਕਟਾਰੀਆ, ਲੈਕਚਰਾਰ ਕ੍ਰਿਸ਼ਨ ਸਿੰਘ ਰਾਣਾ, ਅਭਿਸ਼ੇਕ ਰਾਣਾ, ਐਮ ਸੀ ਹਨੀ ਡੱਬ, ਐਮ ਸੀ ਬਿੱਟੂ ਰਾਣਾ, ਗੁਰਪ੍ਰੀਤ ਸੈਣੀ, ਟਰੱਕ ਯੂਨੀਅਨ ਦੇ ਪ੍ਰਧਾਨ ਮੈਹਰ ਸ਼ਾਮ ਨੇ ਕਟਾਰੀਆ, ਹਲਕਾ ਵਿਧਾਇਕ ਦੇ ਮੀਡੀਆ ਇੰਚਾਰਜ ਚੰਦਰ ਮੋਹਨ ਜੇਡੀ, ਅਭਿਸ਼ੇਕ ਰਾਣਾ, ਲਲਿਤ ਰਾਣਾ, ਭੁਪਿੰਦਰ ਰਾਣਾ, ਕਾਕੂ ਰਾਣਾ, ਸੰਜੂ ਰਾਣਾ, ਵਿਵੇਕ ਰਾਣਾ, ਬੌਬੀ ਰਾਣਾ, ਰਾਜਵੀਰ ਰਾਣਾ, ਲਲਿਤ ਰਾਣਾ, ਰਿੰਕੀ ਰਾਣਾ, ਮਨੀ ਰਾਣਾ, ਗੌਰਵ ਰਾਣਾ, ਡਾ. ਭੁਪਿੰਦਰਜੀਤ ਸਿੰਘ ਸੂਰੀ, ਡਾ. ਅਮਨਦੀਪ ਕੌਰ ਸੂਰੀ, ਹਸਪਤਾਲ ਦਾ ਸਮੂਹ ਸਟਾਫ ਮੌਜੂਦ ਰਿਹਾ।

ਮਾਤਾ ਕਰਤਾਰ ਕੌਰ ਦੀ ਬੇਵਕਤ ਮੌਤ 'ਤੇ ਗਹਿਰੇ ਦੁੱਖ ਦਾ ਇਜ਼ਹਾਰ

ਬਸਤੀ ਸ਼ੇਖ (ਜਲੰਧਰ) (ਲਖਵਿੰਦਰ ਸਿੰਘ) -ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਜਥੇਦਾਰ ਬਲਦੇਵ ਸਿੰਘ ਕਲਿਆਣ ਦੇ ਵੱਡੇ ਭੈਣ ਜੀ ਅਤੇ ਨਿਰਮਲ ਸਿੰਘ ਸ਼ੇਰਪੁਰ ਸੱਦਾ ਦੀ ਮਾਤਾ ਕਰਤਾਰ ਕੌਰ ਦੀ ਬੇਵਕਤ ਮੌਤ 'ਤੇ ਮਨਰੇਗਾ ਅਧਿਕਾਰ ਅੰਦੋਲਨ ਪੰਜਾਬ ਦੇ ਕਨਵੀਨਰ ਸੁਰਿੰਦਰ ਖੀਵਾ, ਕੇਵਲ ਸਿੰਘ ਹਜ਼ਾਰਾ, ਭਾਈ ਲਾਲੋ ਲੋਕ ਮੰਚ ਪੰਜਾਬ ਦੇ ਕਨਵੀਨਰ ਕਾਮਰੇਡ ਤਰਸੇਮ ਯੋਧਾ, ਮਨਰੇਗਾ ਅਧਿਕਾਰ ਅੰਦੋਲਨ ਦੇ ਕਪੂਰਥਲਾ ਦੇ ਆਗੂ ਭਾਈ ਪਲਵਿੰਦਰ ਸਿੰਘ ਭੇਟਾ, ਪੱਤਰਕਾਰ ਲਖਵਿੰਦਰ ਸਿੰਘ ਆਧੀ, ਬਲਵੀਰ ਸਿੰਘ ਮੱਲ੍ਹੀ, ਬੂਟਾ ਸਿੰਘ ਖਹਿਰਾ ਆਦਿ ਆਗੂਆਂ ਨੇ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ ਹੈ। ਹੁਣ ਅੱਗੇ ਕਿਹਾ ਦਾ ਸੰਗੋਵਾਲ ਸੀਡ ਫਾਰਮ ਅਹਿਮ ਯੋਗਦਾਨ ਸੀ। ਉਹਨਾਂ ਨੇ ਆਪਣੇ ਪੇਕੇ ਘਰ ਦੇ ਸਹੁਰੇ ਘਰ ਰਹਿ ਕੇ ਲੋਕ ਹਿੱਤਾਂ ਲਈ ਹਮੇਸ਼ਾ ਪਹਿਰਾ ਦਿੱਤਾ। ਉਨ੍ਹਾਂ ਅੱਗੇ ਕਿਹਾ ਕਿ ਆਪਣੇ ਭੈਣਾਂ ਭਰਾਵਾਂ ਅਤੇ ਬੱਚਿਆਂ ਨੂੰ ਹਮੇਸ਼ਾ ਹੱਕ ਸੱਚ ਨਾਲ ਖੜ੍ਹੇ ਰਹਿਣ ਲਈ ਪ੍ਰੇਰਨਾ ਦਿੱਤੀ। ਜਥੇਦਾਰ ਬਲਦੇਵ ਸਿੰਘ ਕਲਿਆਣ ਸਿੱਖ ਪੰਥ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੀ ਅਹਿਮ ਸੇਵਾ ਕਰ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਬੀਬੀ ਕਰਤਾਰ ਕੌਰ ਦੇ ਜੀਵਨ ਤੋਂ ਸਾਨੂੰ ਸਾਰਿਆਂ ਨੂੰ ਪ੍ਰੇਰਨਾ ਲੈਣ ਦੀ ਲੋੜ ਹੈ।

ਪ੍ਰਕਾਸ਼ ਦਿਹਾੜੇ 'ਤੇ ਨਾਨਕ ਨਿਰਵੈਰ ਸਚਖੰਡ ਧਾਮ ਨੇ ਨਗਰ ਕੀਰਤਨ ਸਜਾਇਆ

ਬਲਾਚੌਰ, (ਜਸਵਿੰਦਰ ਬੈਂਸ)-ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਗੁਰਦੁਆਰਾ ਨਾਨਕ ਨਿਰਵੈਰ ਸੱਚਖੰਡ ਧਾਮ ਰੋਲੂ ਕਲੋਨੀ, ਬਲਾਚੌਰ ਵੱਲੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਨਗਰ ਕੀਰਤਨ ਦੀ ਪੰਜ ਪਿਆਰਿਆਂ ਨੇ ਅਗਵਾਈ ਕੀਤੀ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਫੁੱਲਾਂ ਨਾਲ ਸ਼ਿੰਗਾਰੀ ਇੱਕ ਸੁੰਦਰ ਪਾਲਕੀ ਵਿੱਚ ਸਜਾਇਆ ਹੋਇਆ ਸੀ, ਜਿਸ ਦੀ ਅਗਵਾਈ ਪੰਜ ਪਿਆਰੇ ਕਰ ਰਹੇ ਸਨ। ਮੁੱਖ ਸੇਵਾਦਾਰ ਸੰਤ ਬਾਬਾ ਹਰਜਿੰਦਰ ਸਿੰਘ ਬਰਾੜ, ਅਵਤਾਰ ਸਿੰਘ ਗਿਰਨ ਨੇ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਦੁਨੀਆ ਦੇ ਧਾਰਮਿਕ ਇਤਿਹਾਸ ਅੰਦਰ ਸ੍ਰੀ ਗੁਰੂ ਗੋਬਿੰਦ ਸਿੰਘ ਦਾ ਜੀਵਨ ਲਾਸਾਨੀ ਅਤੇ ਪ੍ਰੇਰਣਾਦਾਇਕ ਹੈ। ਇਸ ਮੌਕੇ ਭਾਈ ਰਘਬੀਰ ਸਿੰਘ, ਭਾਈ ਬੂਟਾ ਸਿੰਘ ਅਤੇ ਹੋਰ ਕੀਰਤਨੀ ਜਥਿਆਂ ਨੇ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕੀਤਾ। ਗੁਰਦੁਆਰਾ ਸਿੰਘ ਸਭਾ ਮਹਿੰਦੀਪੁਰ ਵਿਖੇ ਨਗਰ ਕੀਰਤਨ ਪਹੁੰਚਣ ਤੇ ਭਾਈ ਕੁਲਦੀਪ ਸਿੰਘ, ਮਾਸਟਰ ਰਤਨ ਸਿੰਘ, ਰਣਜੀਤ ਸਿੰਘ ਮੰਡੇਰ, ਜਰਨੈਲ ਸਿੰਘ, ਰਵਿੰਦਰ ਸਿੰਘ ਘੁੰਮਣ, ਕੌਂਸਲਰ ਪਰਮਿੰਦਰ ਪੰਮਾ, ਜਗਤਾਰ ਸਿੰਘ ਸੋਨੂੰ ਅਤੇ ਹੋਰਨਾਂ ਵੱਲੋਂ ਸ਼ਰਧਾ ਨਾਲ ਸਵਾਗਤ ਕੀਤਾ ਗਿਆ।

ਉਨ੍ਹਾਂ ਨਾਲ ਕੌਮੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਔਜਲਾ, ਹਰਵਿੰਦਰ ਸਿੰਘ, ਸੋਢੀ ਸਿੰਘ ਸਾਬਕਾ ਕੌਂਸਲਰ, ਪਵਨ ਸ਼ਰਮਾ ਜਨਰਲ ਸਕੱਤਰ ਤੇ ਹੋਰਨਾਂ ਵੱਲੋਂ ਵੀ ਸਵਾਗਤ ਕੀਤਾ ਗਿਆ ਅਤੇ ਫਲ ਫਰੂਟ ਵੰਡਿਆ ਗਿਆ ।

ਸੰਗਤਾਂ ਵੱਲੋਂ ਵਿਸ਼ੇਸ਼ ਲੰਗਰ ਲਗਾਏ ਗਏ। ਮੁੱਖ ਚੌਕ ਵਿਖੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਹਰਜਿੰਦਰ ਸਿੰਘ ਬਰਾੜ ਹੋਰਾਂ ਵੱਲੋਂ ਸਮਾਜ ਸੇਵੀ ਸ਼ਖਸੀਅਤਾਂ ਤੇ ਪੱਤਰਕਾਰ ਭਾਈਚਾਰੇ ਨੂੰ ਸਿਰੋਪਾਉ ਦੀ ਭੇਟ ਕਰਕੇ ਸਨਮਾਨਤ ਕੀਤਾ ਗਿਆ। ਗਹੂੰਣ ਰੋਡ ਸਥਿਤ ਗੁਰਦੁਆਰਾ ਰਾਮਗੜ੍ਹੀਆ ਵਿਖੇ ਗਿਆਨੀ ਸਰੂਪ ਸਿੰਘ, ਜੋਗਿੰਦਰ ਸਿੰਘ ਸੋਹਨਪਾਲ, ਰਾਜਿੰਦਰ ਸਿੰਘ ਛਿੰਦੀ, ਮਨਜੀਤ ਸਿੰਘ ਸੋਹਨਪਾਲ, ਮਨਜੀਤ ਸਿੰਘ ਸੋਹਲ, ਕ੍ਰਿਪਾਲ ਸਿੰਘ ਲੱਕੀ ਅਜੀਮਲ, ਭਿੰਦਾ ਅਜੀਮਲ ਅਤੇ ਨਰਿੰਦਰ ਸਿੰਘ ਨਿੰਦਾ, ਗੁਰਦੀਪ ਸਿੰਘ ਚਾਵਲਾ ਤੇ ਹੋਰਨਾਂ ਵੱਲੋਂ ਸ਼ਰਧਾ ਤੇ ਉਤਸ਼ਾਹ ਨਾਲ ਸਵਾਗਤ ਕੀਤਾ ਗਿਆ।

ਗੁਰਦੁਆਰਾ ਸੰ

7- jan- PAGE 9.qxd 1/6/2025 10:41 PM Page 1

ਓ ਬੀ ਸੀ, ਈ ਬੀ ਸੀ ਤੇ ਡੀ ਐੱਨ ਟੀ ਵਿਦਿਆਰਥੀ ਪੋਸਟ ਮੈਟ੍ਰਿਕ ਸਕਾਲਰਸ਼ਿਪ ਲਈ ਕਰ ਸਕਦੇ ਅਪਲਾਈ : ਡਾ. ਬਲਜੀਤ ਕੌਰ

ਚੰਡੀਗੜ੍ਹ, (ਗੁਰਜੀਤ ਬਿੱਲਾ)

ਸੂਬੇ ਦੇ ਹੋਰ ਪੱਛੜੀਆਂ ਸ਼੍ਰੇਣੀਆਂ (ਓ.ਬੀ.ਸੀ.), ਆਰਥਿਕ ਤੌਰ 'ਤੇ ਪੱਛੜੀਆਂ ਸ਼੍ਰੇਣੀਆਂ (ਈ.ਬੀ.ਸੀ.) ਅਤੇ ਡੀਨੋਟੀਫਾਈਡ, ਨੋਮੈਡਿਕ ਟ੍ਰਾਈਬਜ਼ ਦੇ ਵਿਦਿਆਰਥੀ ਪੋਸਟ ਮੈਟ੍ਰਿਕ ਸਕਾਲਰਸ਼ਿਪ ਲਈ ਅਪਲਾਈ ਕਰ ਸਕਦੇ ਹਨ। ਇਹ ਪ੍ਰਗਟਾਵਾ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ।ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਕਾਦਮਿਕ ਸਾਲ 2024-25 ਲਈ ਪ੍ਰਧਾਨ ਮੰਤਰੀ ਯਸਾਸਵੀ ਯੋਜਨਾ ਦੇ ਤਹਿਤ ਡਾ. ਅੰਬੇਡਕਰ ਸਕਾਲਰਸ਼ਿਪ ਪੋਰਟਲ ਨੂੰ ਓ.ਬੀ.ਸੀ., ਈ.ਬੀ.ਸੀ., ਅਤੇ ਡੀ.ਐਨ.ਟੀ ਵਿਦਿਆਰਥੀਆਂ ਲਈ ਪੋਸਟ ਮੈਟ੍ਰਿਕ ਸਕਾਲਰਸ਼ਿਪ ਲਈ ਦਿਸ਼ਾ-ਨਿਰਦੇਸ਼ਾਂ ਅਨੁਸਾਰ ਖੋਲ੍ਹਿਆ ਗਿਆ ਹੈ। ਉਹਨਾਂ ਦੱਸਿਆ ਕਿ ਇਹ ਪਹਿਲਾ ਮੌਕਾ ਹੈ ਜਦੋਂ ਓ.ਬੀ.ਸੀ, ਈ.ਬੀ.ਸੀ ਅਤੇ ਡੀ.ਐਨ.ਟੀ ਵਿਦਿਆਰਥੀਆਂ ਲਈ ਪਹਿਲੀ ਵਾਰ ਪੋਸਟ ਮੈਟ੍ਰਿਕ ਸਕਾਲਰਸ਼ਿਪ ਪੋਰਟਲ ਖੋਲ੍ਹਿਆ ਗਿਆ ਹੈ।ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਹ ਪੋਰਟਲ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਨ, ਸੰਸਥਾਵਾਂ ਦੁਆਰਾ ਸਹੀ ਤਸਦੀਕ, ਅਥਾਰਟੀਆਂ ਦੁਆਰਾ ਪ੍ਰਵਾਨਗੀਆਂ ਅਤੇ ਵਿੱਤੀ ਸਹਾਇਤਾ ਦੀ ਸਮੇਂ ਸਿਰ ਵੰਡ ਨੂੰ ਯਕੀਨੀ ਬਣਾ ਕੇ ਸਕਾਲਰਸ਼ਿਪ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਸ਼ੁਰੂ ਕੀਤਾ ਗਿਆ ਹੈ।ਮੰਤਰੀ ਨੇ ਅੱਗੇ ਦੱਸਿਆ ਕਿ ਵਿਦਿਆਰਥੀਆਂ ਲਈ 2024-25 ਲਈ ਸਕਾਲਰਸ਼ਿਪ ਪ੍ਰਕਿਰਿਆ ਦੇ ਤਹਿਤ ਮੁਫਤ ਸ਼ਿਪ ਕਾਰਡਾਂ ਲਈ ਅਪਲਾਈ ਕਰਨ ਦੀ ਆਖਰੀ ਮਿਤੀ 15 ਫਰਵਰੀ, 2025 ਹੈ। ਲੋੜੀਂਦੇ ਸੁਧਾਰਾਂ ਤੋਂ ਬਾਅਦ ਮਨਜ਼ੂਰੀ ਲਈ ਪੂਰੇ ਕੇਸ ਭੇਜਣ ਲਈ ਸੰਸਥਾਵਾਂ ਲਈ ਅੰਤਿਮ ਮਿਤੀ 25 ਫਰਵਰੀ, 2025 ਹੈ।ਇਸ ਤੋਂ ਇਲਾਵਾ ਸਕਾਲਰਸ਼ਿਪ ਲਈ ਲਾਈਨ ਵਿਭਾਗਾਂ/ਪ੍ਰਵਾਨਗੀ ਵਿਭਾਗਾਂ ਨੂੰ ਆਨਲਾਈਨ ਪ੍ਰਸਤਾਵ ਭੇਜਣ ਲਈ ਪ੍ਰਵਾਨਗੀ ਦੇਣ ਵਾਲੇ ਅਥਾਰਟੀ ਦੀ ਆਖਰੀ ਮਿਤੀ 5 ਮਾਰਚ 2025 ਹੈ।ਵਜ਼ੀਫੇ ਲਈ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਨੂੰ ਆਨਲਾਈਨ ਪ੍ਰਸਤਾਵ ਭੇਜਣ ਲਈ ਲਾਈਨ ਵਿਭਾਗਾਂ/ਪ੍ਰਵਾਨਗੀ ਵਿਭਾਗਾਂ ਦੀ ਆਖਰੀ ਮਿਤੀ 10 ਮਾਰਚ 2025 ਹੈ।ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਤੋਂ ਇਲਾਵਾ, ਲਾਈਨ ਵਿਭਾਗਾਂ/ਪ੍ਰਵਾਨਗੀ ਦੇਣ ਵਾਲੇ ਵਿਭਾਗਾਂ ਨੂੰ ਆਨਲਾਈਨ ਪ੍ਰਸਤਾਵ ਭੇਜਣ ਲਈ ਮਨਜ਼ੂਰੀ ਦੇਣ ਦੀ ਆਖਰੀ ਮਿਤੀ 5 ਮਾਰਚ, 2025 ਹੈ, ਜਦੋਂ ਕਿ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਨੂੰ ਆਨਲਾਈਨ ਪ੍ਰਸਤਾਵ ਭੇਜਣ ਲਈ ਲਾਈਨ ਵਿਭਾਗਾਂ ਦੀ ਅੰਤਿਮ ਮਿਤੀ 10 ਮਾਰਚ 2025 ਹੈ।ਮੰਤਰੀ ਨੇ ਯੋਗ ਵਿਦਿਆਰਥੀਆਂ ਨੂੰ ਸਮੇਂ ਸਿਰ ਆਪਣੀਆਂ ਅਰਜ਼ੀਆਂ ਨੂੰ ਪੂਰਾ ਕਰਨ ਨੂੰ ਯਕੀਨੀ ਬਣਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਹਨਾਂ ਨੋਡਲ ਅਫਸਰਾਂ ਅਤੇ ਸਾਰੇ ਲਾਗੂ ਕਰਨ ਵਾਲੇ ਵਿਭਾਗਾਂ ਨੂੰ ਵੀ ਨਿਰਦੇਸ਼ ਦਿੱਤੇ ਕਿ ਉਹ ਅਰਜ਼ੀ ਪ੍ਰਕਿਰਿਆ ਦੇ ਸਬੰਧ ਵਿੱਚ ਵਿਦਿਆਰਥੀਆਂ ਨੂੰ ਮਾਰਗਦਰਸ਼ਨ ਕਰਨ ਵਿੱਚ ਸੰਸਥਾਵਾਂ ਦੀ ਸਹਾਇਤਾ ਲਈ ਸਰਗਰਮ ਕਦਮ ਚੁੱਕਣ ਅਤੇ ਯੋਗ ਵਿਦਿਆਰਥੀਆਂ ਨੂੰ ਸਮੇਂ ਸਿਰ ਸਕਾਲਰਸ਼ਿਪ ਲਈ ਅਪਲਾਈ ਕਰਵਾਉਣ ਲਈ ਉਪਰਾਲੇ ਕੀਤੇ ਜਾਣ।ਉਨ੍ਹਾਂ ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀ ਵਿਭਾਗ ਦੇ ਜ਼ਿਲ੍ਹਾ ਪੱਧਰੀ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਕਿ ਉਹ ਸਕਾਲਰਸ਼ਿਪ ਸਕੀਮ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨ ਅਤੇ ਸਮੇਂ ਸਿਰ ਫਾਲੋਅਪ ਨੂੰ ਯਕੀਨੀ ਬਣਾਉਣ।

ਖੇਤ ਮਜ਼ਦੂਰ ਆਗੂ ਨਾਗੋਕੇ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

ਬੰਗਾ (ਅਵਤਾਰ ਕਲੇਰ)-ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਸਾਥੀ ਰਾਮ ਸਿੰਘ ਨੂਰਪੁਰੀ, ਸੂਬਾ ਜਨਰਲ ਸਕੱਤਰ ਸਾਥੀ ਗੁਰਮੇਸ਼ ਸਿੰਘ ਅਤੇ ਕੌਮੀ ਮੀਤ ਪ੍ਰਧਾਨ ਸਾਥੀ ਭੂਪ ਚੰਦ ਚੌਨੋਂ ਨੇ ਸਾਂਝੇ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਬਜ਼ੁਰਗ ਆਗੂ ਸਾਥੀ ਸਵਰਨ ਸਿੰਘ ਨਾਗੋਕੇ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ ਕਿ ਆਜ਼ਾਦੀ ਤੋਂ ਛੇਤੀ ਬਾਅਦ ਜਦੋਂ ਪੰਜਾਬ ਵਿੱਚ ਪਹਿਲੀ ਵਾਰ ਪਿੰਡ ਖਾਨਖਾਨਾ ਵਿਚ ਖੇਤ ਮਜ਼ਦੂਰ ਜਥੇਬੰਦੀ ਦੀ ਨੀਂਹ ਰੱਖੀ ਸੀ ਤਾਂ ਉਦੋਂ ਸਾਥੀ ਨਾਗੋਕੇ ਸਰਗਰਮ ਵਰਕਰ ਸਨ।ਉਹ ਲੰਬਾ ਸਮਾਂ ਪੰਜਾਬ ਖੇਤ ਮਜ਼ਦੂਰ ਸਭਾ ਦੇ ਪ੍ਰਧਾਨ ਰਹੇ। ਉਨ੍ਹਾਂ ਦੇ ਜਾਣ ਨਾਲ ਖੇਤ ਮਜ਼ਦੂਰ ਲਹਿਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਜਿਥੇ ਉਨ੍ਹਾਂ ਦੇ ਪਰਵਾਰ ਨਾਲ ਹਮਦਰਦੀ ਪ੍ਰਗਟ ਕਰਦੀ ਹੈ ਉਥੇ ਆਪਣੀ ਭਰਾਤਰੀ ਜਥੇਬੰਦੀ ਦੇ ਆਗੂਆਂ ਦੇ ਦੁੱਖ ਵਿਚ ਸ਼ਰੀਕ ਹੁੰਦੀ ਹੈ।

ਸਰਕਾਰ ਕੰਪਿਊਟਰ ਅਧਿਆਪਕਾਂ ਦੀਆਂ ਸੇਵਾਵਾਂ ਰੈਗੂਲਰ ਕਰਨ ਦਾ ਵਾਅਦਾ ਤੁਰੰਤ ਪੂਰਾ ਕਰੇ : ਡੈਮੋਕ੍ਰੇਟਿਕ ਟੀਚਰਜ਼ ਫਰੰਟ

ਗੁਰਾਇਆ (ਬਿੰਦਰ ਸੁਮਨ)

20 ਸਾਲਾਂ ਤੋਂ ਸਿੱਖਿਆ ਵਿਭਾਗ ਵਿੱਚ ਆਪਣੀਆਂ ਲਗਾਤਾਰ ਸੇਵਾਵਾਂ ਨਿਭਾ ਰਹੇ ਕੰਪਿਊਟਰ ਅਧਿਆਪਕਾਂ ਦੀ ਸੁਣਵਾਈ ਕਰਨ ਤੋਂ ਪੰਜਾਬ ਸਰਕਾਰ ਲਗਾਤਾਰ ਟਾਲਮਟੋਲ ਕਰ ਰਹੀ ਹੈ।ਆਪ ਸਰਕਾਰ ਦੀ ਡੰਗ ਟਪਾਊ ਨੀਤੀ ਦੀ ਜੋਰਦਾਰ ਨਿਖੇਧੀ ਕਰਦਿਆਂ ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਸੂਬਾ ਪ੍ਰਧਾਨ ਦਿੱਗਵਿਜੇ ਪਾਲ ਸ਼ਰਮਾ ਅਤੇ ਸੂਬਾ ਸਕੱਤਰ ਬਲਬੀਰ ਲੌਂਗੋਵਾਲ ਨੇ ਕਿਹਾ ਕਿ ਹਰ ਰੰਗ ਦੀਆਂ ਸਰਕਾਰਾਂ ਵੱਲੋਂ ਇਨ੍ਹਾਂ ਅਧਿਆਪਕਾਂ ਨੂੰ ਸਿਵਾਏ ਲਾਰਿਆਂ ਦੇ ਕੁਝ ਵੀ ਨਹੀਂ ਦਿੱਤਾ।ਉਨ੍ਹਾਂ ਕਿਹਾ ਕਿ ਇਨ੍ਹਾਂ ਅਧਿਆਪਕਾਂ ਨੂੰ ਰੈਗੂਲਰ ਕਰਨ ਦਾ ਨੋਟੀਫਿਕੇਸ਼ਨ ਤਤਕਾਲੀ ਰਾਜਪਾਲ ਪੰਜਾਬ ਵੱਲੋਂ ਕੀਤਾ ਗਿਆ ਸੀ, ਇਸਦੇ ਬਾਵਜੂਦ ਵੀ ਸਮੇਂ ਸਮੇਂ ਦੀਆਂ ਸਰਕਾਰਾਂ ਵੱਲੋਂ ਇਨ੍ਹਾਂ ਅਧਿਆਪਕਾਂ ਨੂੰ ਜਬਰੀ ਪਿਕਟਿਸ ਸੁਸਾਇਟੀ ਅਧੀਨ ਰੱਖਿਆ ਗਿਆ ਹੈ।ਸੀਨੀਅਰ ਮੀਤ ਪ੍ਰਧਾਨ ਸਰਵਣ ਸਿੰਘ ਅੌਜਲਾ ਮੀਤ ਪ੍ਰਧਾਨ ਸੁਖਵਿੰਦਰ ਸੁੱਖੀ ਸੂਬਾ ਪ੍ਰੈਸ ਸਕੱਤਰ ਲਖਵੀਰ ਸਿੰਘ ਹਰੀਕੇ ਅਤੇ ਵਿੱਤ ਸਕੱਤਰ ਜਸਵਿੰਦਰ ਸਿੰਘ ਨੇ ਕੰਪਿਊਟਰ ਅਧਿਆਪਕ ਜਥੇਬੰਦੀਆਂ ਵੱਲੋਂ ਲੜੇ ਜਾ ਰਹੇ ਹੱਕੀ ਘੋਲ ਦੀ ਡਟਵੀਂ ਹਮਾਇਤ ਕਰਦਿਆਂ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਸੁਖਵਿੰਦਰਪ੍ਰੀਤ ਸਿੰਘ, ਸਕੱਤਰ ਅਵਤਾਰ ਲਾਲ ਅਤੇ ਵਿੱਤ ਸਕੱਤਰ ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਉਕਤ ਜੱਥੇਬੰਦੀ ਦੇ ਆਗੂ ਜੌਨੀ ਸਿੰਗਲਾ ਨੂੰ ਲੱਗਭਗ 2 ਹਫਤੇ ਮਰਨ ਵਰਤ ਤੇ ਬੈਠੇ ਨੂੰ ਬੀਤ ਚੁੱਕੇ ਹਨ, ਪ੍ਰੰਤੂ ਪੰਜਾਬ ਸਰਕਾਰ ਜਾਣਬੁੱਝ ਕੇ ਮਸਲੇ ਦਾ ਹੱਲ ਕਰਨ ਦੀ ਥਾਂ ਮਸਲਾ ਉਲਝਾਉਣ ਦੇ ਰਾਹ ਤੁਰੀ ਹੋਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਅਧਿਆਪਕਾਂ ਵਿੱਚੋਂ ਕਾਫੀ ਸਾਰੇ ਅਧਿਆਪਕ ਵਿਭਾਗ ਵਿੱਚੋਂ ਖਾਲੀ ਹੱਥ ਸੇਵਾ ਮੁਕਤ ਹੋ ਚੁੱਕੇ ਹਨ, ਜੇਕਰ ਇਹੀ ਹਾਲ ਰਿਹਾ ਤਾਂ ਬਾਕੀ ਵੀ ਇਸੇ ਤਰ੍ਹਾਂ ਵਿਭਾਗ ਵਿੱਚੋਂ ਸੇਵਾ ਮੁਕਤੀ ਲੈਣਗੇ। ਉਨ੍ਹਾਂ ਸਿੱਖਿਆ ਮੰਤਰੀ ਪੰਜਾਬ ਤੋਂ ਪੁਰਜ਼ੋਰ ਮੰਗ ਕੀਤੀ ਕਿ ਕੰਪਿਊਟਰ ਅਧਿਆਪਕਾਂ ਨੂੰ ਬਿਨਾਂ ਕਿਸੇ ਦੇਰੀ ਦੇ ਸਿੱਖਿਆ ਵਿਭਾਗ ਵਿੱਚ ਪੂਰੇ ਤਨਖਾਹ ਸਕੇਲਾਂ ਸਮੇਤ ਮਰਜ ਕੀਤਾ ਜਾਵੇ। ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜ਼ੇਕਰ ਮਰਨ ਵਰਤ ਤੇ ਬੈਠੇ ਆਗੂ ਦਾ ਕਿਸੇ ਵੀ ਤਰ੍ਹਾਂ ਦਾ ਕੋਈ ਜਾਨੀ ਨੁਕਸਾਨ ਹੋਇਆ ਤਾਂ ਇਸ ਦੀ ਨਿਰੋਲ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਨੇ ਅਮਿਤ ਸ਼ਾਹ ਦਾ ਫੂਕਿਆ ਪੁਤਲਾ

ਜਲੰਧਰ (ਰਾਜੇਸ਼ ਬਾਬਾ)- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਤਹਿਸੀਲ ਜਲੰਧਰ ਵੱਲੋਂ ਡਾ. ਭੀਮ ਰਾਓ ਅੰਬੇਡਕਰ ਖਿਲਾਫ ਅਪਮਾਨਜਨਕ ਟਿੱਪਣੀ ਕਰਨ ਅਤੇ ਮਜ਼ਦੂਰ ਤੇ ਗਰੀਬ ਵਿਰੋਧੀ ਕੇਂਦਰੀ ਮੰਤਰੀ ਅਮਿਤ ਸ਼ਾਹ ਦੀ ਮਾਨਸਿਕਤਾ ਖ਼ਿਲਾਫ਼ ਸੰਤੋਖਪੁਰਾ ਜਲੰਧਰ ਵਿਚ ਪੁਤਲਾ ਫੂਕਿਆ ਗਿਆ। ਇਸ ਮੌਕੇ ਪਾਰਟੀ ਦੇ ਤਹਿਸੀਲ ਪ੍ਰਧਾਨ ਹਰੀਮੁਨੀ ਸਿੰਘ ਅਤੇ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਮੰਤਰੀ ਅਮਿਤ ਸ਼ਾਹ ਅਤੇ ਭਾਰਤੀ ਜਨਤਾ ਪਾਰਟੀ ਸੰਵਿਧਾਨ ਦੀਆਂ ਧਰਮ-ਨਿਰਪੱਖ, ਲੋਕਪੱਖੀ ਤੇ ਬੁਨਿਆਦੀ ਅਧਿਕਾਰਾਂ ਦੀਆਂ ਮੱਦਾਂ ਖ਼ਤਮ ਕਰਨਾ ਚਾਹੁੰਦੇ ਹਨ ਅਤੇ ਧਰਮ ਅਧਾਰਤ ਰਾਜ ਬਣਾਉਣ ਲਈ ਤਤਪਰ ਹਨ। ਮਜ਼ਦੂਰ ਦੇ ਸੰਘਰਸ਼ਾਂ ਨਾਲ ਬਣਵਾਏ 44 ਕਿਰਤ ਕਾਨੂੰਨਾਂ ਨੂੰ ਖਤਮ ਕਰਕੇ 4 ਕੋਡ ਬਣਾ ਦਿੱਤੇ ਜਿਨ੍ਹਾਂ ਕੋਡਾਂ ਰਾਹੀਂ ਮਾਲਕ ਜਦੋਂ ਵੀ ਚਾਹੇ ਮਜ਼ਦੂਰ ਨੂੰ ਕੰਮ ਤੋਂ ਜਵਾਬ ਦੇ ਸਕਦੇ ਹਨ। ਮੋਦੀ - ਅਮਿਤ ਸ਼ਾਹ ਦੀਆਂ ਲੋਕ ਮਾਰੂ ਨੀਤੀਆਂ ਵਿਰੁੱਧ ਤਿੱਖੇ ਸੰਘਰਸ਼ਾਂ ਦੀ ਲੋੜ 'ਤੇ ਜ਼ੋਰ ਦਿੱਤਾ।ਇਸ ਮੌਕੇ ਸ਼ੰਭੂ ਚੌਹਾਨ, ਅਨਿਲ ਮੌਰੀਆ, ਚਿਤਰਪਾਲ ਸਿੰਘ, ਓਂਕਾਰ ਸਿੰਘ, ਉਦੇਸ਼ ਮੌਰੀਆ, ਜਤਿੰਦਰ ਕੁਮਾਰ ਅਤੇ ਰਾਮ ਮੂਰਤੀ ਹਾਜ਼ਰ ਸਨ।

ਸਾਊਥ ਕਲੋਜ 'ਚ ਬਣੇਗਾ ਕਮਿਊਨਿਟੀ ਸੈਂਟਰ : ਰਾਓ ਨਰਬੀਰ

ਚੰਡੀਗੜ੍ਹ, (ਕ੍ਰਿਸ਼ਨ ਗਰਗ)-ਸਾਊਥ ਕਲੋਜ ਵਿਚ ਕੰਮਿਊਨਟੀ ਸੈਂਟਰ ਦੀ ਮੰਗ ਨੂੰ ਮਨਜ਼ੂਰ ਕਰਦੇ ਹੋਏ ਉਨ੍ਹਾਂ ਨੇ ਕਿਹਾ ਕਿ ਅਗਲੇ ਦੋ ਮਹੀਨੇ ਵਿਚ ਇਹ ਕੰਮ ਸ਼ੁਰੂ ਹੋ ਜਾਵੇਗਾ।ਇਸ ਦੌਰਾਨ ਵਾਟਿਕਾ ਚੌਕ ਤੋਂ ਘਾਟਾ ਤੱਕ ਗ੍ਰੀਨ ਬੇਲਟ 'ਤੇ ਕਬਜਾ ਦੀ ਸ਼ਿਕਾਇਤ 'ਤੇ ਉਨ੍ਹਾਂ ਨੇ ਕਿਹਾ ਕਿ ਸ਼ਹਿਰ ਨੂੰ ਕਬਜਾ ਮੁਕਤ ਬਨਾਉਣ ਲਈ ਆਰਐਸ ਭਾਟ ਨੂੰ ਨੋਡਲ ਅਧਿਕਾਰੀ ਬਣਾਇਆ ਗਿਆ ਹੈ। ਉਨ੍ਹਾਂ ਨੇ ਕਿਹਾ ਕਿ 12 ਕਿਲੋਮੀਟਰ ਦੇ ਇਸ ਪੂਰੇ ਸੜਕ ਮਾਰਗ ਨੂੰ ਕਬਜਾ ਮੁਕਤ ਕਰਨ ਲਈ 31 ਜਨਵਰੀ ਦੀ ਸਮੇਂ ਸੀਮਾ ਨਿਰਧਾਰਿਤ ਕੀਤੀ ਗਈ ਹੈ।ਰਾਓ ਨਰਬੀਰ ਸਿੰਘ ਨੇ ਕਿਹਾ ਕਿ ਸੂਬਾ ਸਰਕਾਰ ਲਗਾਤਾਰ ਜਨਹਿਤ ਵਿੱਚ ਅਨੇਕ ਮਹਤੱਵਪੂਰਨ ਫੈਸਲੇ ਲੈ ਰਹੀ ਹੈ ਅਤੇ ਉਹ ਇਹ ਯਕੀਨੀ ਕਰਣਗੇ ਕਿ ਹਰੇਕ ਵਿਅਕਤੀ ਨੂੰ ਇੰਨ੍ਹਾਂ ਦਾ ਲਾਭ ਮਿਲੇ।ਉਨ੍ਹਾਂ ਨੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਭਵਿੱਖ ਵਿਚ ਕਰਵਾਏ ਜਾਣ ਵਾਲੇ ਵਿਕਾਸ ਕੰਮਾਂ ਦੇ ਪ੍ਰਸਤਾਵ ਬਣਾ ਕੇ ਸਰਕਾਰ ਨੂੰ ਭੇਜਣ ਤਾਂ ਜੋ ਉਨ੍ਹਾਂ ਦੀ ਮੰਜੂਰੀ ਲੈ ਕੇ ਜਲਦੀ ਤੋਂ ਜਲਦੀ ਵਿਕਾਸ ਕੰਮ ਕਰਵਾਏ ਜਾ ਸਕਣ।

ਬੱਡੋਂ 'ਚ 15ਵਾਂ ਖ਼ੂਨਦਾਨ ਕੈਂਪ ਲਗਾਇਆ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਪਿੰਡ ਬੱਡੋਂ ਵਿਖੇ ਨਿਰਮਲ ਕੁਟੀਆ ਸੰਤ ਬਾਬਾ ਮਈਆ ਦਾਸ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਨੌਜਵਾਨ ਸਭਾ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਸੰਤ ਬਾਬਾ ਪ੍ਰਧਾਨ ਸਿੰਘ ਬੱਡੋਂ ਦੀ ਯਾਦ ਵਿੱਚ ਸਲਾਨਾ 15ਵਾਂ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਇਸ ਮੌਕੇ ਸਰਬਪ੍ਰੀਤ ਸਿੰਘ ਸੋਨੂੰ ਸਾਬਕਾ ਪੰਚ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਲਾਨਾ ਵਿਸ਼ਾਲ ਖ਼ੂਨਦਾਨ ਕੈਂਪ ਦੀ ਸੰਤ ਬਾਬਾ ਗੁਰਬਚਨ ਸਿੰਘ ਬੱਡੋਂ ਨੇ ਅਰਦਾਸ ਕਰਕੇ ਆਰੰਭਤਾ ਕੀਤੀ। ਉਨ੍ਹਾਂ ਦੱਸਿਆ ਕਿ ਇਸ ਵਿਸ਼ਾਲ ਖ਼ੂਨਦਾਨ ਕੈਂਪ ਵਿੱਚ ਸਿਵਲ ਹਸਪਤਾਲ ਹੁਸ਼ਿਆਰਪੁਰ ਤੋਂ ਡਾਕਟਰਾਂ ਦੀ ਟੀਮ ਨੇ ਖ਼ੂਨ ਪ੍ਰਾਪਤ ਕੀਤਾ। ਇਸ ਮੌਕੇ ਸਵੈਇੱਛਾ ਨਾਲ 32 ਯੂਨਿਟ ਖ਼ੂਨਦਾਨ ਕੀਤਾ ਗਿਆ। ਖ਼ੂਨਦਾਨ ਕੈਂਪ ਦੌਰਾਨ ਖ਼ੂਨਦਾਨ ਕਰਨ ਵਾਲਿਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਨਿਰਮਲ ਕੁਟੀਆ ਸੰਤ ਬਾਬਾ ਮਈਆ ਦਾਸ ਬੱਡੋਂ ਦੇ ਮੁਖੀ ਸੰਤ ਬਾਬਾ ਗੁਰਚਰਨ ਸਿੰਘ ਬੱਡੋਂ ਨੇ ਵੀ ਖ਼ੂਨਦਾਨ ਕੀਤਾ। ਪ੍ਰਬੰਧਕਾਂ ਵੱਲੋਂ ਡਾਕਟਰਾਂ ਦੀ ਟੀਮ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਕੈਂਪ ਦੌਰਾਨ ਡਾਕਟਰ ਵੈਸ਼ਾਲੀ ਹੁਸ਼ਿਆਰਪੁਰ, ਹਰਜੀਤ ਸਿੰਘ ਐਮ ਐਲ ਟੀ, ਸੰਦੀਪ ਸਿੰਘ ਐਮ ਐਲ ਟੀ, ਕਮਲਪ੍ਰੀਤ ਕੌਰ, ਕਰਨ, ਸਰਬਪ੍ਰੀਤ ਸਿੰਘ ਸੋਨੂੰ ਸਾਬਕਾ ਪੰਚ, ਦਲਜੀਤ ਸਿੰਘ ਬਿੱਟੂ, ਰਾਕੇਸ਼ ਸਿੰਘ ਸਾਬਕਾ ਸਰਪੰਚ ਬੱਪਲ, ਮਨਰੇਸ ਸਿੰਘ, ਰਜਿੰਦਰ ਸਿੰਘ ਰਾਜਾ ਬੱਪਲ, ਹਰਜੋਤ ਸਿੰਘ, ਅਰਸ਼ਪ੍ਰੀਤ ਸਿੰਘ, ਮਲਕੀਅਤ ਸਿੰਘ, ਹਰਦੀਪ ਸਿੰਘ ਖਾਲਸਾ, ਮਿਸਤਰੀ ਕੁਲਦੀਪ ਸਿੰਘ,ਰਾਜਨ ਬੱਪਲ, ਕਰਨ ਬੱਪਲ ਆਦਿ ਹਾਜ਼ਰ ਸਨ।

ਸੜਕੀ ਹਾਦਸਿਆਂ ਨੂੰ ਰੋਕਣ ਲਈ ਡਡਵਿੰਡੀ ਚੌਕ 'ਚ ਲੱਗੇ ਰਿਫਲੈਕਟਰ ਤੇ ਜ਼ੈਬਰਾ ਕਰਾਸਿੰਗ

ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)

ਸੁਲਤਾਨਪੁਰ ਲੋਧੀ - ਕਪੂਰਥਲਾ ਸੜਕ ਬਾਰਸਤਾ ਡਡਵਿੰਡੀ ਉੱਪਰ ਹੋਏ ਹਾਦਸੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਦੇ ਨਿਰਦੇਸ਼

7-JAN-PAGE-10.qxd 1/6/2025 9:20 PM Page 1

ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਰਿਫਲੈਕਟਰ ਲਗਾਉਣ ਦੀ ਮੁਹਿੰਮ ਵਿੱਢੀ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਲੜੀ ਤਹਿਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ 'ਤੇ ਧੁੰਦ ਦੇ ਮੱਦੇਨਜ਼ਰ ਸ੍ਰੀ ਮੁਕਤਸਰ ਸਾਹਿਬ ਵਿਖੇ ਵੱਡੀ ਪੱਧਰ 'ਤੇ ਵੱਖ ਵੱਖ ਵਹੀਕਲਾਂ 'ਤੇ ਰਿਫਲੈਕਟਰ ਲਗਾਉਣ ਦੀ ਮੁਹਿੰਮ ਪਿਛਲੇ ਦਿਨਾਂ ਤੋਂ ਸ਼ੁਰੂ ਕੀਤੀ ਗਈ ਹੈ ਤਾਂ ਜੋ ਧੁੰਦ ਦੌਰਾਨ ਹੋਣ ਵਾਲੇ ਹਾਦਸਿਆਂ ਤੋਂ ਕੀਮਤੀ ਜਾਨਾਂ ਨੂੰ ਬਚਾਇਆ ਜਾ ਸਕੇ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਪ੍ਰੈੱਸ ਨੂੰ ਜਾਣਕਾਰੀ ਦਿੱਤੀ ਕਿ ਸ੍ਰੀ ਮੁਕਤਸਰ ਸਾਹਿਬ ਟੀਮ ਨੇ ਸ਼ਹਿਰ ਵਿੱਚ ਵਹੀਕਲਾਂ 'ਤੇ ਰਿਫਲੈਕਟਰ ਲਗਾਏ ਤੇ ਸਪੈਸ਼ਲ ਸਕੂਲਾਂ ਵਿੱਚ ਜਾ ਕੇ ਸਕੂਲੀ ਵੈਨਾਂ 'ਤੇ ਵੀ ਰਿਫਲੈਕਟਰ ਲਗਾਏ ਗਏ। ਗੁਰਬਿੰਦਰ ਸਿੰਘ ਬਰਾੜ ਇੰਚਾਰਜ ਸਾਊਥ ਵੈਸਟ ਪੰਜਾਬ ਜਸਪਾਲ ਸਿੰਘ ਰਿਟਾਇਰਡ ਲੈਕਚਰਾਰ ਸੀਨੀਅਰ ਮੀਤ ਪ੍ਰਧਾਨ ਨੇ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਇਸ ਮੁਹਿੰਮ ਨੂੰ ਜਾਰੀ ਰੱਖਿਆ ਜਾਵੇਗਾ।ਇਸ ਮੌਕੇ ਬਲਵਿੰਦਰ ਸਿੰਘ ਬਰਾੜ ਜਰਨਲ ਸਕੱਤਰ ਨੇ ਕਿਹਾ ਕਿ ਟਰੱਸਟ ਵੱਲੋਂ ਇਸ ਤੋਂ ਪਹਿਲਾਂ ਵੀ ਵੱਡੀ ਗਿਣਤੀ ਵਿੱਚ ਰਿਫਲੈਕਟਰ ਲਗਾਏ ਜਾ ਚੁੱਕੇ ਹਨ।ਇਸ ਮੌਕੇ ਗੁਰਪਾਲ ਸਿੰਘ ਪਾਲੀ, ਮਾਸਟਰ ਰਜਿੰਦਰ ਸਿੰਘ, ਗੁਰਜੀਤ ਸਿੰਘ ਜੀਤਾ, ਸੋਮਨਾਥ, ਗੁਰਚਰਨ ਸਿੰਘ ਆਸਟ੍ਰੇਲੀਆ ਵਾਲੇ ਆਦਿ ਹਾਜ਼ਰ ਸਨ।

ਸਾਹਿਬਜ਼ਾਦਿਆਂ, ਮਾਤਾ ਗੁਜਰੀ ਤੇ ਬਾਬਾ ਮੋਤੀ ਰਾਮ ਮਹਿਰਾ ਦੀ ਯਾਦ 'ਚ ਦੁੱਧ ਦਾ ਲੰਗਰ

ਦੋਰਾਹਾ (ਹਰਮਿੰਦਰ ਸੇਠ)-ਸਿੱਖ ਕੌਮ ਦਾ ਇਤਿਹਾਸ ਕੁਰਬਾਨੀਆਂ ਭਰਿਆ ਹੈ। ਲਾਸਾਨੀ ਇਤਿਹਾਸ ਨੂੰ ਸਿਰਜਣ ਲਈ ਗੁਰੂ ਗੋਬਿੰਦ ਸਿੰਘ ਮਹਾਰਾਜ ਦੇ ਚਾਰੇ ਸਾਹਿਬਜ਼ਾਦੇ, ਮਾਤਾ ਗੁਜਰੀ ਤੇ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਸਮੇਤ ਦੀਵਾਨ ਟੋਡਰ ਮੱਲ ਨੇ ਬੇਮਿਸਾਲ ਕੁਰਬਾਨੀਆਂ ਕੀਤੀਆਂ, ਜਿਨ੍ਹਾਂ ਦਾ ਨਾਂਅ ਰਹਿੰਦੀ ਦੁਨੀਆ ਤੱਕ ਅਮਰ ਰਹੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਲੋਕ ਚੇਤਨਾ ਲਹਿਰ ਪੰਜਾਬ ਦੇ ਪ੍ਰਧਾਨ ਤੇ ਟੀਮ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਹਲਕਾ ਪਾਇਲ ਦੇ ਆਗੂ ਸੰਦੀਪ ਸਿੰਘ ਰੁਪਾਲੋਂ ਨੇ ਪਾਇਲ ਵਿਖੇ ਬਾਬਾ ਮੋਤੀ ਰਾਮ ਮਹਿਰਾ ਤੇ ਸ਼ਹੀਦਾਂ ਦੀ ਯਾਦ ਵਿੱਚ ਲਗਾਏ ਗਏ ਦੁੱਧ ਦੇ ਲੰਗਰ ਮੌਕੇ ਹਾਜ਼ਰੀ ਭਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਇਹ ਦਿਨ ਸਾਨੂੰ ਸਿੱਖੀ ਦੀ ਅਮਰ ਦਾਸਤਨ ਦੀ ਯਾਦ ਦਵਾਉਂਦੇ ਹਨ, ਕਿਉਂਕਿ ਇਨ੍ਹਾਂ ਦਿਨਾਂ ਦੇ ਵਿੱਚ ਪੂਰੀ ਸਿੱਖ ਕੌਮ ਨਹੀਂ, ਬਲਕਿ ਹਰ ਧਰਮ ਦਾ ਵਿਅਕਤੀ ਸ੍ਰੀ ਫਤਿਹਗੜ੍ਹ ਸਾਹਿਬ ਸਿਜਦਾ ਕਰਨ ਲਈ ਜਾਂਦਾ ਹੈ। ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਦੀ ਬੇਮਿਸਾਲ ਕੁਰਬਾਨੀ ਦੁਨੀਆ ਦੀ ਤਵਾਰੀਖ 'ਤੇ ਸਦਾ ਅਮਰ ਰਹੇਗੀ। ਲੰਗਰ ਮੌਕੇ ਬਾਬਾ ਮੋਤੀ ਰਾਮ ਮਹਿਰਾ ਯਾਦਗਾਰੀ ਕਮੇਟੀ ਦੇ ਉੱਪ-ਚੇਅਰਮੈਨ ਭਾਈ ਦਰਸ਼ਨ ਸਿੰਘ ਪਾਇਲ ਨੇ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਬੀਬੀ ਗੁਰਜੋਤ ਕੌਰ ਦੋਰਾਹਾ, ਕਰਨੈਲ ਸਿੰਘ ਬਰਮਾਲੀਪੁਰ, ਹਰਬੰਤ ਸਿੰਘ ਗਿੱਲ, ਗਗਨਦੀਪ ਸਿੰਘ ਪਾਇਲ, ਜੋਗਾ ਸਿੰਘ ਪਾਇਲ, ਜੋਨੀ ਸਿੰਘ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

ਸ੍ਰੀ ਸਨਾਤਨ ਧਰਮ ਮਹਾਂਵੀਰ ਦਲ ਨੇ ਮੇਲਾ ਮਹਾਂਕੁੰਭ ਲਈ ਲੰਗਰ ਸਮੱਗਰੀ ਭੇਜੀ

ਨਾਭਾ (ਵਰਿੰਦਰ ਵਰਮਾ)-ਸ੍ਰੀ ਸਨਾਤਨ ਧਰਮ ਮਹਾਂਵੀਰ ਦਲ (ਰਜਿ.) ਪੰਜਾਬ ਦਿਹਾਤੀ ਨਾਭਾ ਵੱਲੋਂ ਮੇਲਾ ਮਹਾਂਕੁੰਭ ਇਲਾਹਾਬਾਦ ਲਈ ਲੰਗਰ ਸਮੱਗਰੀ ਰਵਾਨਾ ਕੀਤੀ ਗਈ, ਜਿਸ ਨੂੰ ਝੰਡੀ ਦੇਣ ਦੀ ਰਸਮ ਸਮਾਜ ਸੇਵੀ ਸ੍ਰੀ ਵਰੁਣ ਜੈਨ ਤੇ ਹਰਸ਼ ਬਲੱਡ ਡੋਨਰ ਸੋਸਾਇਟੀ ਪ੍ਰਧਾਨ ਭੁਵੇਸ਼ ਬਾਂਸਲ ਭਾਸ਼ੀ ਨੇ ਅਦਾ ਕੀਤੀ।ਲੰਗਰ ਸਮੱਗਰੀ ਭੇਜਣ ਉਪਰੰਤ ਹਰਸ਼ ਬਲੱਡ ਡੋਨਰ ਸੁਸਾਇਟੀ ਪ੍ਰਧਾਨ ਭੁਵੇਸ਼ ਬਾਂਸਲ ਤੇ ਉੱਘੇ ਸਮਾਜ ਸੇਵੀ ਵਰੁਣ ਕੁਮਾਰ ਜੈਨ ਨੇ ਬੋਲਦਿਆਂ ਕਿਹਾ ਕਿ ਜੋ ਨਾਭੇ ਦੀਆਂ ਸੰਗਤਾਂ ਦੇ ਸਹਿਯੋਗ ਸਦਕਾ ਪਹਿਲੀ ਵਾਰ ਮਹਾਂਕੁੰਭ ਇਲਾਹਾਬਾਦ ਵਿਖੇ 14 ਜਨਵਰੀ ਤੋਂ ਲੈ ਕੇ 26 ਫਰਵਰੀ ਤੱਕ ਲੰਗਰ ਲਗਾਏ ਜਾ ਰਹੇ ਹਨ, ਬਹੁਤ ਹੀ ਸ਼ਲਾਘਾਯੋਗ ਕਦਮ ਹੈ, ਕਿਉਂਕਿ ਇਸ ਬਹਾਨੇ ਸਾਡਾ ਆਪਣੀ ਕਿਰਤ ਕਮਾਈ ਵਿੱਚੋਂ ਦਸਵੰਧ ਗੁਰੂ ਲੇਖੇ ਲੱਗ ਜਾਂਦਾ ਹੈ।ਉਨ੍ਹਾਂ ਨੌਜਵਾਨਾਂ ਨੂੰ ਅਜਿਹੇ ਉਪਰਾਲੇ ਕਰਨ ਵਿੱਚ ਵੱਧ ਤੋਂ ਵੱਧ ਸਹਿਯੋਗ ਕਰਨ ਦੀ ਗੱਲ ਕੀਤੀ।ਇਸ ਮੌਕੇ ਪਵਨ ਅਰੋੜਾ ਬਿੱਟੂ ਛੱਜੂ ਭੱਟ ਤੇ ਪ੍ਰਧਾਨ ਮੋਹਨ ਲਾਲ ਗੋਇਲ ਨੇ ਵਰੁਣ ਜੈਨ ਤੇ ਭਵੇਸ਼ ਬਾਂਸਲ ਅਤੇ ਆਈਆਂ ਹੋਈਆਂ ਸ਼ਖਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਤਰਸੇਮ ਅਰੋੜਾ, ਅਮਰਦੀਪ ਕੁਮਾਰ ਸ਼ਰਮਾ ਸਰਪੰਚ ਛੱਜੂ ਭੱਟ, ਮਹਿੰਦਰ ਪਾਲ ਗਰਗ, ਬਾਬੂ ਰਾਮ ਅਰੋੜਾ, ਰੂਪ ਲਾਲ, ਸੁਰਜੀਤ ਸਿੰਘ, ਰਾਮ ਕੁਮਾਰ ਕੋਹਲੀ, ਨਰੇਸ਼ ਕੁਮਾਰ, ਪੂਰਨ ਸਿੰਘ, ਸ਼ਿਵਰਾਜ ਸਿੰਘ ਆਦਿ ਹਾਜ਼ਰ ਸਨ।

ਸੰਕਲਪ ਸੁਸਾਇਟੀ ਨੇ ਐੱਸ ਐੱਸ ਪੀ ਨੂੰ ਕਾਰਗੁਜ਼ਾਰੀਆਂ ਬਾਰੇ ਜਾਣੂ ਕਰਵਾਇਆ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸੰਕਲਪ ਐਜੂਕੇਸ਼ਨਲ ਵੈਲਫੇਅਰ ਸੋਸਾਇਟੀ (ਰਜਿ.) ਦੁਆਰਾ ਨਵੇਂ ਸਾਲ ਮੌਕੇ ਜ਼ਿਲ੍ਹੇ ਦੇ ਸੀਨੀਅਰ ਸੁਪਰਡੈਂਟ ਆਫ ਪੁਲਸ ਤੁਸ਼ਾਰ ਗੁਪਤਾ ਨਾਲ ਮੁਲਾਕਾਤ ਕੀਤੀ ਗਈ।ਉਨ੍ਹਾਂ ਨੂੰ ਸੰਸਥਾ ਦੀਆਂ ਕਾਰਗੁਜ਼ਾਰੀਆਂ ਬਾਰੇ ਜਾਣੂ ਕਰਵਾਇਆ।ਸੰਸਥਾ ਦੇ ਪ੍ਰਧਾਨ ਨਰਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਐਸ.ਐਸ.ਪੀ ਤੁਸ਼ਾਰ ਗੁਪਤਾ ਨੂੰ ਸੰਸਥਾ ਦੁਆਰਾ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ।ਉਨ੍ਹਾਂ ਨੂੰ ਸਿਹਤ, ਸਿੱਖਿਆ, ਸੜਕ ਸੁਰੱਖਿਆ, ਵਾਤਾਵਰਣ ਦੀ ਸੰਭਾਲ ਅਤੇ ਹੋਰਨਾਂ ਵਿਸ਼ਿਆਂ 'ਤੇ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਵਿਸਥਾਰ ਪੂਰਵਕ ਦੱਸਿਆ।ਇਸ ਦੇ ਨਾਲ ਹੀ ਐਸ.ਐਸ.ਪੀ ਤੁਸ਼ਾਰ ਗੁਪਤਾ ਨੂੰ ਸੰਸਥਾ ਦੇ ਦਫਤਰ ਆਉਣ ਦਾ ਸੱਦਾ ਦਿੱਤਾ ਗਿਆ।ਸੰਸਥਾ ਦੀਆਂ ਕਾਰਗੁਜ਼ਾਰੀਆਂ ਤੇ ਸੰਤੁਸ਼ਟੀ ਜ਼ਾਹਰ ਕਰਦਿਆਂ ਐਸ.ਐਸ.ਪੀ ਨੇ ਆਪਣੇ ਵਿਭਾਗ ਵੱਲੋਂ ਹਰ ਪੱਖੋਂ ਸਹਿਯੋਗ ਦੇਣ ਦੀ ਤਸੱਲੀ ਪ੍ਰਗਟਾਈ।ਇਸ ਮੌਕੇ ਗੁਰਜੰਟ ਸਿੰਘ ਜਟਾਣਾਂ ਏ.ਐਸ.ਆਈ (ਇੰਚਾਰਜ ਟਰੈਫਿਕ ਸਕੂਲ) ਤੇ ਸੁਮੀਤ ਸਿੰਘ ਆਦਿ ਵੀ ਮੌਜੂਦ ਸਨ।

ਨਜਾਇਜ਼ ਕਬਜ਼ੇ ਹਟਾਉਣ ਦੀ ਮੰਗ

ਨਿਹਾਲ ਸਿੰਘ ਵਾਲਾ (ਲਵਲੀ)-ਨਿਹਾਲ ਸਿੰਘ ਵਾਲਾ ਦੇ ਮੇਨ ਚੌਕ ਅੰਦਰ ਟ੍ਰੈਫਿਕ ਦੀ ਸਮੱਸਿਆ ਦਿਨ ਬ ਦਿਨ ਵਧਦੀ ਜਾ ਰਹੀ ਹੈ ਜਿਸ ਨੂੰ ਲੈ ਕੇ ਅਕਸਰ ਨਿਹਾਲ ਸਿੰਘ ਵਾਲਾ ਚੌਕ 'ਚ ਜਾਮ ਲੱਗਿਆ ਰਹਿੰਦਾ ਹੈ। ਜਾਣਕਾਰੀ ਅਨੁਸਾਰ ਮੇਨ ਚੌਕ ਵਿੱਚ ਰੇਹੜੀਆਂ ਅਤੇ ਦੁਕਾਨਾਂ ਅੱਗੇ ਪਿਆ ਸਮਾਨ ਮੇਨ ਟ੍ਰੈਫਿਕ ਦੀ ਸਮੱਸਿਆ ਦਾ ਕਾਰਨ ਬਣਦੇ ਹਨ ਲੋਕਾਂ ਦੀ ਮੰਗ ਹੈ ਕਿ ਟ੍ਰੈਫਿਕ ਵਿਭਾਗ ਨੂੰ ਇਨ੍ਹਾਂ ਦੁਕਾਨਾਂ ਅੱਗੇ ਨਜਾਇਜ਼ ਕਬਜ਼ਿਆਂ ਨੂੰ ਲੈ ਕੇ ਠੋਸ ਕਦਮ ਚੁੱਕਣੇ ਚਾਹੀਦੇ ਹਨ, ਤਾਂ ਜੋ ਲੋਕਾਂ ਨੂੰ ਟ੍ਰੈਫਿਕ ਤੋਂ ਰਾਹਤ ਦਿਵਾਈ ਜਾ ਸਕੇ।

ਗਲੋਬਲ ਕ੍ਰਿਸਚੀਅਨ ਐਕਸ਼ਨ ਕਮੇਟੀ ਵੱਲੋਂ ਵਲੰਟੀਅਰਾਂ ਸਨਮਾਨਤ

ਫਰੀਦਕੋਟ/ਫਿਰੋਜ਼ਪੁਰ (ਐਲਿਗਜੈਂਡਰ ਡਿਸੂਜਾ)-ਨਵੇਂ ਸਾਲ ਦੀ ਖੁਸ਼ੀ 'ਤੇ ਅੰਕੁਰ ਨਰੂਲਾ ਮਨਿਸਟਰੀ ਖਾਂਬੜਾ (ਜਲੰਧਰ) ਦੁਆਰਾ ਪ੍ਰਭੂ ਸਿਮਰਨ ਦਾ ਸ਼ੁੱਭ ਕਾਰਜ ਵਿਸ਼ਵ ਪੱਧਰ 'ਤੇ ਚੱਲ ਰਹੀ ਇਸ ਸੇਵਕਾਈ ਵੱਲੋਂ 31 ਦਸੰਬਰ ਰਾਤ 10 ਵਜੇ ਤੋਂ 1 ਜਨਵਰੀ 2025 ਸਵੇਰੇ 3 ਵਜੇ ਤੱਕ ਭਾਰਤ ਦੀਆਂ ਸਾਰੀਆਂ ਚਰਚ ਬ੍ਰਾਂਚਾਂ 'ਚ ਅਪੋਸਟਲ ਅੰਕੁਰ ਯੂਸਫ ਨਰੂਲਾ ਦੀ ਯੋਗ ਅਗਵਾਈ ਹੇਠ ਨਵੇਂ ਸਾਲ ਦੀ ਪ੍ਰਾਰਥਨਾ, ਵੱਖ-ਵੱਖ ਦੇਸ਼ਾਂ ਅਤੇ ਸ਼ਹਿਰਾਂ ਦੀਆਂ ਸ਼ਾਖਾਵਾਂ 'ਚ ਕਲੀਸਿਆਵਾਂ ਨਾਲ ਮਿਲਕੇ ਰਾਤ ਭਰ ਸ਼ਰਧਾ ਨਾਲ ਪ੍ਰਭੂ ਦਾ ਗੁਣਗਾਨ ਅਤੇ ਵਿਸ਼ਵ ਸ਼ਾਂਤੀ ਲਈ ਅਰਦਾਸ ਕੀਤੀ ਗਈ।ਇਸ ਦੌਰਾਨ ਗਲੋਬਲ ਕ੍ਰਿਸਚਨ ਐਕਸ਼ਨ ਕਮੇਟੀ ਦੇ ਕੌਮੀ ਪ੍ਰਧਾਨ ਗੌਰਵ ਮਸੀਹ ਦੇ ਦਿਸ਼ਾ-ਨਿਰਦੇਸ਼ਾਂ 'ਤੇ ਮਾਲਵਾ ਪ੍ਰਧਾਨ ਪਤਰਸ ਪਠਾਣ ਦੀ ਅਗਵਾਈ ਹੇਠ ਪਿੰਡ ਨੂਰਪੁਰ ਸੇਠਾਂ (ਫਿਰੋਜ਼ਪੁਰ) ਵਿਖੇ ਨਵੇਂ ਸਾਲ ਦੀ ਕ੍ਰਾਸ ਓਵਰ ਨਾਈਟ ਪ੍ਰਾਰਥਨਾ ਦੌਰਾਨ ਚਰਚ 'ਚ ਵੱਖ-ਵੱਖ ਤਰ੍ਹਾਂ ਦੀਆਂ ਸੇਵਾਵਾਂ ਨਿਭਾਉਣ ਵਾਲੇ ਵਲੰਟੀਅਰਾਂ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ ਗਲੋਬਲ ਕ੍ਰਿਸਚਨ ਐਕਸ਼ਨ ਕਮੇਟੀ ਵੱਲੋਂ ਉਨ੍ਹਾਂ ਨੂੰ ਸ਼ੀਲਡਾਂ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਅੰਕੁਰ ਨਰੂਲਾ ਮਨਿਸਟਰੀ ਨੂਰਪੁਰ ਸੇਠਾਂ (ਫ਼ਿਰੋਜ਼ਪੁਰ) ਬਰਾਂਚ ਇੰਚਾਰਜ ਹਰਪ੍ਰੀਤ ਜੋਸਫ਼, ਸਮੁੱਚੀ ਚਰਚ ਮੰਡਲੀ ਅਤੇ ਗਲੋਬਲ ਕ੍ਰਿਸਚਨ ਐਕਸ਼ਨ ਕਮੇਟੀ ਦੇ ਮੈਂਬਰ ਹਾਜ਼ਰ ਸਨ।

ਮਰਨ ਵਰਤ 'ਤੇ ਬੈਠੇ ਅਧਿਆਪਕ ਜੋਨੀ ਸਿੰਗਲਾ ਨੂੰ ਜਬਰੀ ਚੁੱਕਣ ਦੀ ਕੰਪਿਊਟਰ ਅਧਿਆਪਕ ਯੂਨੀਅਨ ਵੱਲੋਂ ਸਖਤ ਨਿੰਦਾ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸੂਬਾ ਸੀਨੀਅਰ ਮੀਤ ਪ੍ਰਧਾਨ ਪੰਜਾਬ ਹਰਜੀਤ ਸਿੰਘ ਸੰਧੂ, ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ ਦਵਿੰਦਰ ਸਿੰਘ ਸੰਧੂ ਤੇ ਜ਼ਿਲ੍ਹਾ ਸਕੱਤਰ ਰਵੀਇੰਦਰ ਸਿੰਘ ਗਿੱਲ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਲਿਆਉਣ ਦੇ ਨਾਮ 'ਤੇ ਬਣੀ ਪੰਜਾਬ ਸਰਕਾਰ, ਆਪਣੇ ਨਿਯੁਕਤੀ ਪੱਤਰ ਵਿੱਚ ਕੀਤੇ ਗਏ ਲਿਖ਼ਤੀ ਵਾਧੇ ਨੂੰ ਲਾਗੂ ਕਰਵਾਉਣ ਲਈ 14 ਸਾਲਾਂ ਤੋਂ ਸੰਘਰਸ਼ ਕਰ ਰਹੇ ਕੰਪਿਊਟਰ ਅਧਿਆਪਕਾਂ 'ਤੇ ਜਬਰ ਦੀਆਂ ਹੱਦਾਂ ਪਾਰ ਕਰ ਰਹੀ ਹੈ।ਬੀਤੀ ਦਿਨ ਸੰਗਰੂਰ ਵਿਖੇ ਪਿਛਲੇ 14 ਦਿਨਾਂ ਤੋਂ ਮਰਨ ਵਰਤ 'ਤੇ ਬੈਠੇ ਕੰਪਿਊਟਰ ਅਧਿਆਪਕ ਆਗੂ ਜੋਨੀ ਸਿੰਗਲਾ ਤੇ ਸਾਥੀਆਂ ਨੂੰ ਧਰਨਾ ਸਥਾਨ ਤੋਂ ਪੁਲਸ ਵੱਲੋਂ ਜਬਰੀ ਚੁੱਕੇ ਜਾਣ 'ਤੇ ਦਵਿੰਦਰ ਸਿੰਘ ਸੰਧੂ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਜਨਰਲ ਸਕੱਤਰ ਰਵੀਇੰਦਰ ਸਿੰਘ ਗਿੱਲ, ਜੁਆਇੰਟ ਸਕੱਤਰ ਗਗਨਦੀਪ ਸਿੰਘ ਗਿੱਲ, ਸੀਨੀਅਰ ਮੀਤ ਪ੍ਰਧਾਨ ਸਰਬਜੋਤ ਸਿੰਘ ਮੁੱਤੀ, ਵਿੱਤ ਸਕੱਤਰ ਸੰਜੀਵ ਕੁਮਾਰ ਤੇ ਸਤਨਾਮ ਸਿੰਘ ਧੰਜੂ ਤਹਿਸੀਲ ਪ੍ਰਧਾਨ ਜ਼ੀਰਾ ਨੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਦੇ ਹਰ ਅੰਦੋਲਨ ਨੂੰ ਲਾਠੀਆਂ ਨਾਲ ਜਬਰੀ ਦਬਾਉਣਾ ਚਾਹੁੰਦੀ ਹੈ।ਇਸ ਮੌਕੇ ਜ਼ਿਲ੍ਹਾ ਫਿਰੋਜ਼ਪੁਰ ਦੇ ਮੀਡੀਆ ਸਕੱਤਰ ਸਤੀਸ਼ ਕੁਮਾਰ ਨੇ ਮੰਗ ਕੀਤੀ ਕਿ ਲੰਬੇ ਸਮੇਂ ਤੋਂ ਸਿੱਖਿਆ ਵਿਭਾਗ ਵਿੱਚ ਮਰਜ਼ ਹੋਣ ਲਈ ਅੰਦੋਲਨ ਕਰ ਰਹੇ ਕੰਪਿਊਟਰ ਅਧਿਆਪਕਾਂ ਨੂੰ ਸਾਰੇ ਲਾਭਾਂ ਤੇ ਭੱਤਿਆਂ ਸਮੇਤ ਬਿਨਾਂ ਸ਼ਰਤ ਸਿੱਖਿਆ ਵਿਭਾਗ ਵਿੱਚ ਮਰਜ਼ ਕੀਤਾ ਜਾਵੇ।ਉਨ੍ਹਾ ਕਿਹਾ ਕਿ ਅੰਦੋਲਨ ਕਰ ਰਹੇ ਅਧਿਆਪਕਾਂ 'ਤੇ ਕੋਈ ਵੀ ਜਬਰ ਸਹਿਣ ਨਹੀਂ ਕੀਤਾ ਜਾਵੇਗਾ।ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਕੰਪਿਊਟਰ ਅਧਿਆਪਕਾਂ ਦੀਆਂ ਹੱਕੀ ਮੰਗਾਂ ਲਈ ਲੜੀ ਜਾ ਰਹੀ ਲੜਾਈ ਵਿੱਚ ਪਹਿਲਾ ਵਾਂਗ ਵੱਧ ਚੜ੍ਹ ਕੇ ਹਿੱਸਾ ਲਵੇਗੀ।

ਆਗੂਆਂ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ 7 ਜਨਵਰੀ ਨੂੰ ਯੂਨੀਅਨ ਦੀ ਸਰਕਾਰ ਨਾਲ ਹੋਣ ਵਾਲੀ ਮੀਟਿੰਗ ਵਿੱਚ ਕੰਪਿਊਟਰ ਅਧਿਆਪਕਾਂ ਦੇ ਮਸਲਿਆਂ ਦਾ ਕੋਈ ਹੱਲ ਨਹੀਂ ਲੈ ਆਉਂਦੀ ਤਾਂ ਆਉਣ ਵਾਲੇ ਸਮੇਂ ਵਿੱਚ ਸਰਕਾਰ ਹਰ ਮੰਚ 'ਤੇ ਕੰਪਿਊਟਰ ਅਧਿਆਪਕਾਂ ਦੇ ਜ਼ਬਰਦਸਤ ਰੋਹ ਦਾ ਸਾਹਮਣਾ ਝੱਲਣ ਲਈ ਤਿਆਰ ਰਹੇ, ਜਿਸ ਦੀ ਸਮੁੱਚੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।ਇਸ ਮੌਕੇ ਸ਼ਮਸ਼ੇਰ ਸਿੰਘ ਗਿੱਲ, ਰੋਹਿਤ ਸ਼ਰਮਾ, ਹਰਪਾਲ ਸਿੰਘ, ਮਿਸਾਲ ਧਵਨ, ਸਤਨਾਮ ਸਿੰਘ, ਅਜੈ ਕੁਮਾਰ, ਗੁਰਵਿੰਦਰ ਸਿੰਘ, ਅਸ਼ਵਨੀ ਕੁਮਾਰ, ਵਿਕਾਸ ਕੁਮਾਰ, ਗੁਲਸ਼ਨ ਕੁਮਾਰ, ਜੋਤ ਸਰੂਪ ਸਿੰਘ, ਹਰਪ੍ਰੀਤ ਸਿੰਘ, ਜਗਦੀਪ ਸਿੰਘ, ਕਿਰਨਦੀਪ ਕੌਰ, ਸਿਮਰਨਜੀਤ ਕੌਰ, ਮਨਪ੍ਰੀਤ ਕੌਰ, ਪਰਮਜੀਤ ਕੌਰ, ਗੁਰਪ੍ਰੀਤ ਕੌਰ, ਸੋਨੂੰ, ਅੰਜੂ ਬਾਲਾ, ਵੰਦਨਾ, ਕਮਲਾ ਤੇ ਹੋਰ ਵੱਡੀ ਗਿਣਤੀ ਵਿੱਚ ਕੰਪਿਊਟਰ ਅਧਿਆਪਕ ਹਾਜ਼ਰ ਸਨ।

358 ਗ੍ਰਾਮ ਹੈਰੋਇਨ ਤੇ ਕਾਰ ਸਮੇਤ ਦੋ ਗ੍ਰਿਫਤਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਸੀਆਈਏ ਸਟਾਫ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਦੋ ਤਸਕਰਾਂ ਨੂੰ 358 ਗ੍ਰਾਮ ਹੈਰੋਇਨ ਤੇ ਕਾਰ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਥਾਣਾ ਸਿਟੀ ਫਿਰੋਜ਼ਪੁਰ ਵਿਖੇ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਬ ਇੰਸਪੈਕਟਰ ਸੁ

7-Jan-PAGE-11-Majha-25-Final.qxd 1/6/2025 10:40 PM Page 1

ਪਿਛਲੇ ਵਰ੍ਹੇ ਪੰਜਾਬ ਭਰ 'ਚ 2.58 ਕਰੋੜ ਤੋਂ ਵੱਧ ਲੋਕਾਂ ਨੇ ਆਮ ਆਦਮੀ ਕਲੀਨਿਕਾਂ 'ਚ ਕਰਵਾਇਆ ਇਲਾਜ : ਸ਼ੈਰੀ ਕਲਸੀ

ਗੁਰਦਾਸਪੁਰ (ਜਨਕ ਮਹਾਜਨ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਸਿਹਤ ਖੇਤਰ ਵਿੱਚ ਕ੍ਰਾਂਤੀਕਾਰੀ ਸੁਧਾਰ ਕਰਦਿਆਂ ਲੋਕਾਂ ਨੂੰ ਵਿਸ਼ਵ ਪੱਧਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਯਤਨ ਲਗਾਤਾਰ ਜਾਰੀ ਹਨ। ਬੀਤੇ ਸਾਲ ਆਮ ਆਦਮੀ ਕਲੀਨਿਕਾਂ ਵੱਲੋਂ ਲੋਕਾਂ ਨੂੰ ਦਿੱਤੀਆਂ ਗਈਆਂ ਸਿਹਤ ਸੇਵਾਵਾਂ ਦਾ ਜ਼ਿਕਰ ਕਰਦਿਆਂ ਵਿਧਾਨ ਸਭਾ ਹਲਕਾ ਬਟਾਲਾ ਤੋਂ ਵਿਧਾਇਕ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਕਾਰਜਕਾਰੀ ਪ੍ਰਧਾਨ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਨੇ ਦੱਸਿਆ ਕਿ ਸਾਲ 2024 ਦੌਰਾਨ 2.58 ਕਰੋੜ (1.08 ਕਰੋੜ ਪਹਿਲੀ ਵਾਰ ਆਉਣ ਵਾਲੇ ਮਰੀਜ਼/1.5 ਕਰੋੜ ਦੁਬਾਰਾ ਦਵਾਈ ਲੈਣ ਵਾਲੇ ਮਰੀਜ਼) ਲੋਕਾਂ ਨੇ ਆਮ ਆਦਮੀ ਕਲੀਨਿਕਾਂ ਤੋਂ ਮੁਫ਼ਤ ਇਲਾਜ ਦੀ ਸਹੂਲਤ ਦਾ ਲਾਭ ਲਿਆ ਹੈ। ਕਾਰਜਕਾਰੀ ਪ੍ਰਧਾਨ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 75ਵੇਂ ਸੁਤੰਤਰਤਾ ਦਿਵਸ ਮੌਕੇ 75 ਆਮ ਆਦਮੀ ਕਲੀਨਿਕ ਸੂਬੇ ਦੇ ਲੋਕਾਂ ਨੂੰ ਸਮਰਪਿਤ ਕੀਤੇ ਸਨ, ਜਿਸ ਨਾਲ ਇਨ੍ਹਾਂ ਕਲੀਨਿਕਾਂ ਦੀ ਕੁੱਲ ਗਿਣਤੀ ਹੁਣ 881 ਹੋ ਗਈ ਹੈ। ਇਨ੍ਹਾਂ 881 ਆਮ ਆਦਮੀ ਕਲੀਨਿਕ ਵਿੱਚੋਂ 316 ਸ਼ਹਿਰੀ ਖੇਤਰਾਂ ਵਿੱਚ ਜਦਕਿ 565 ਕਲੀਨਿਕ ਪੇਂਡੂ ਖੇਤਰਾਂ ਵਿੱਚ ਸਥਿਤ ਹਨ। ਉਨ੍ਹਾਂ ਦੱਸਿਆ ਕਿ 881 ਆਮ ਆਦਮੀ ਕਲੀਨਿਕਾਂ ਵਿਚੋਂ ਸਰਹੱਦੀ ਜ਼ਿਲ੍ਹਾ ਗੁਰਦਾਸਪੁਰ ਵਿੱਚ 62 ਆਮ ਆਦਮੀ ਕਲੀਨਿਕ ਲੋਕਾਂ ਨੂੰ ਉਨ੍ਹਾਂ ਦੇ ਘਰ ਦੇ ਨੇੜੇ ਸਿਹਤ ਸੇਵਾਵਾਂ ਦੇ ਰਹੇ ਹਨ। ਉਨ੍ਹਾਂ ਨੇ ਦੱਸਿਆ ਕਿ ਆਮ ਆਦਮੀ ਕਲੀਨਿਕਾਂ ਵਿਖੇ ਮਰੀਜ਼ਾਂ ਲਈ 80 ਕਿਸਮਾਂ ਦੀਆਂ ਦਵਾਈਆਂ ਅਤੇ 38 ਕਿਸਮਾਂ ਦੇ ਡਾਇਗਨੋਸਟਿਕ ਟੈਸਟ ਮੁਫ਼ਤ ਉਪਲਬਧ ਹਨ। ਇਨ੍ਹਾਂ ਕਲੀਨਿਕਾਂ ਨੇ ਸੂਬੇ ਦੇ ਲੋਕਾਂ ਨੂੰ ਸਿਹਤ ਸੰਭਾਲ 'ਤੇ ਆਉਣ ਵਾਲੇ ਖ਼ਰਚੇ ਨੂੰ 1200 ਕਰੋੜ ਰੁਪਏ ਤੱਕ ਘਟਾਉਣ ਵਿੱਚ ਯੋਗਦਾਨ ਪਾਇਆ ਹੈ।

ਉਨ੍ਹਾਂ ਕਿਹਾ ਸਥਾਨਕ ਪੱਧਰ 'ਤੇ ਸਿਵਲ ਸਰਜਨਾਂ ਅਤੇ ਐੱਸ. ਐੱਮ. ਓਜ਼ ਨੂੰ ਈ. ਡੀ. ਐੱਲ. ਤੋਂ ਬਾਹਰ ਵਾਲੀਆਂ ਦਵਾਈਆਂ ਜਾਂ ਕਿਸੇ ਖ਼ਾਸ ਦਵਾਈਆਂ ਦੀ ਘਾਟ ਹੋਣ ਦੀ ਸੂਰਤ ਵਿੱਚ ਇਨ੍ਹਾਂ ਦੀ ਖ਼ਰੀਦ ਕਰਨ ਲਈ ਅਧਿਕਾਰਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਿਹਤ ਖੇਤਰ ਪੰਜਾਬ ਸਰਕਾਰ ਦਾ ਤਰਜੀਹੀ ਖੇਤਰ ਹੈ ਅਤੇ ਇਸ ਨਵੇਂ ਸਾਲ ਵਿੱਚ ਵੀ ਸਿਹਤ ਵਿਭਾਗ ਵਿੱਚ ਕ੍ਰਾਂਤੀਕਾਰੀ ਤਬਦੀਲੀਆਂ ਲਿਆ ਕੇ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਦਿੱਤੀਆਂ ਜਾਣਗੀਆਂ।

ਕਲੇਰ ਮਾਂਗਟ ਵਿਖੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ

ਮਜੀਠਾ (ਸੋਇਮ ਆਨੰਦ)-ਹਲਕਾ ਮਜੀਠਾ ਦੇ ਪਿੰਡ ਕਲੇਰ ਮਾਂਗਟ ਦੇ ਵੱਖ-ਵੱਖ ਗੁਰਦੁਆਰਿਆਂ 'ਚ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਮਨਾਉਂਦਿਆਂ ਸ੍ਰੀ ਅਖੰਡ ਪਾਠ ਸਹਿਬ ਦੇ ਭੋਗ ਪੈਣ ਉਪਰੰਤ ਸਹਿਬ ਸ੍ਰੀ ਗੁਰੂ ਗ੍ਰੰਥ ਸਹਿਬ ਜੀ ਦੀ ਛੱਤਰ ਛਾਇਆ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਨਗਰ ਕੀਰਤਨ ਦਾ ਆਯੋਜਨ ਕੀਤਾ ਗਿਆ।ਇਹ ਨਗਰ ਕੀਰਤਨ ਪਿੰਡ ਦੇ ਲਹਿੰਦੀ ਪੱਤੀ ਗੁਰਦੁਆਰਾ ਤੋਂ ਗ੍ਰੰਥੀ ਸਿੰਘ ਬਾਬਾ ਅਮਰੀਕ ਸਿੰਘ ਵੱਲੋਂ ਅਰਦਾਸ ਕਰਨ ਉਪਰੰਤ ਆਰੰਭ ਹੋ ਕੇ ਪਿੰਡਾਂ, ਬਜ਼ਾਰਾਂ, ਡੇਰਿਆਂ ਸਮੇਤ ਗੁਰਦੁਆਰਾ ਸੰਤ ਬਾਬਾ ਸੋਹਣ ਸਿੰਘ ਚੜ੍ਹਦੀ ਪੱਤੀ, ਗੁਰਦੁਆਰਾ ਸ਼ਹੀਦ ਬਾਬਾ ਜੀਵਨ ਸਿੰਘ, ਵੈਸ਼ਨੋ ਦੇਵੀ ਮੰਦਿਰ ਮਾਂਗਟ ਪੱਤੀ, ਗੁਰਦੁਆਰਾ ਸ਼ਹੀਦ ਬਾਬਾ ਬੇਰੀ ਵਾਲਾ ਤੋਂ ਹੁੰਦਿਆਂ ਹੋਇਆ ਫਿਰ ਗੁਰਦੁਆਰਾ ਲਹਿੰਦੀ ਪੱਤੀ ਵਿਖੇ ਸਮਾਪਤ ਹੋਇਆ।ਨਗਰ ਕੀਰਤਨ ਵਿੱਚ ਸ਼ਬਦੀ ਜਥਿਆਂ ਅਤੇ ਸੰਗਤਾਂ ਵਲੋਂ ਸ਼ਬਦ ਗਾਇਨ ਕੀਤੇ ਗਏ।ਨਗਰ ਕੀਰਤਨ ਦਾ ਪਿੰਡ ਵਿੱਚ ਤੇ ਬਾਹਰ ਡੇਰਿਆਂ ਤੇ ਬਣਾਏ ਗਏ ਵੱਖ-ਵੱਖ ਪੜਾਵਾਂ ਤੇ ਸ਼ਰਧਾਲੂ ਸੰਗਤਾਂ ਵੱਲੋਂ

ਚਾਹ, ਦੁੱਧ, ਪਕੌੜੇ, ਫਲ ਤੇ ਕਈ ਪ੍ਰਕਾਰ ਦੇ ਲੰਗਰ ਲਗਾ ਕੇ ਨਿੱਘਾ ਸੁਆਗਤ ਕੀਤਾ ਗਿਆ ਤੇ ਸੰਗਤਾ ਵੱਲੋਂ ਸਹਿਬ ਸ੍ਰੀ ਗੁਰੂ ਗ੍ਰੰਥ ਸਹਿਬ ਜੀ ਤੇ ਸੁੰਦਰ ਦੁਸ਼ਾਲੇ ਅਤੇ ਪੰਜ ਪਿਆਰਿਆਂ ਨੂੰ ਸਿਰੋਪਾਓ ਵੀ ਭੇਟ ਕੀਤੇ ਗਏ।ਇਸ ਮੌਕੇ ਉਕਤ ਤੋਂ ਇਲਾਵਾ ਬਾਬਾ ਹਰਵਿੰਦਰ ਸਿੰਘ, ਬਾਬਾ ਅਮਰੀਕ ਸਿੰਘ ਤੇ ਗਿਆਨੀ ਸੁਖਦੇਵ ਸਿੰਘ ਤਿੰਨੇ ਗ੍ਰੰਥੀ ਸਿੰਘ, ਮੰਦਰ ਦੇ ਪੁਜਾਰੀ ਪੰਡਿਤ ਯੁਗੇਸ਼ ਕੁਮਾਰ, ਸਰਪੰਚ ਤੇ ਗੁਰਦੁਆਰਾ ਪ੍ਰਧਾਨ ਅਮਰਜੀਤ ਸਿੰਘ ਕਲੇਰ, ਰਵਿੰਦਰ ਸਿੰਘ ਗੋਲ੍ਹਾ ਨਿਹੰਗ ਸਿੰਘ, ਬਾਬਾ ਸੁੱਚਾ ਸਿੰਘ, ਸਰਵਣ ਸਿੰਘ, ਨੰਬਦਾਰ ਗੁਰਦੇਵ ਸਿੰਘ, ਬਲਦੇਵ ਸਿੰਘ, ਸੁਰਜੀਤ ਸਿੰਘ, ਹਰੀ ਸਿੰਘ, ਮਹਿੰਦਰ ਸਿੰਘ, ਪ੍ਰਗਟ ਸਿੰਘ, ਤਰਸੇਮ ਸਿੰਘ ਸਮੇਤ ਹੋਰ ਪ੍ਰਬੰਧਕ ਸੇਵਾਦਾਰ ਤੇ ਭਾਰੀ ਗਿਣਤੀ 'ਚ ਸੰਗਤਾਂ ਸ਼ਾਮਲ ਸਨ।

ਕੈਮਿਸਟਾਂ ਨੇ ਆਨਲਾਈਨ ਦਵਾਈਆਂ ਦੀ ਹੋਮ ਡਲਿਵਰੀ ਦੇ ਨੋਟੀਫਿਕੇਸ਼ਨ ਨੂੰ ਤੁਰੰਤ ਰੱਦ ਕਰਨ ਦੀ ਮੰਗ ਦੁਹਰਾਈ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਕੋਵਿਡ-19 ਮਹਾਂਮਾਰੀ ਦੌਰਾਨ ਦਵਾਈਆਂ ਦੀ ਹੋਮ ਡਲਿਵਰੀ ਲਈ ਵਿਸ਼ੇਸ਼ ਇਜਾਜ਼ਤ ਦੇਣ ਵਾਲੇ ਨੋਟੀਫਿਕੇਸ਼ਨ ਦੀ ਹੁਣ ਗੈਰ-ਕਾਨੂੰਨੀ ਆਨਲਾਈਨ ਪਲੇਟਫਾਰਮਾਂ ਵੱਲੋਂ ਦੁਰਵਰਤੋਂ ਕੀਤੀ ਜਾ ਰਹੀ ਹੈ, ਜਿਸ ਨੂੰ ਸਰਕਾਰ ਨੂੰ ਤੁਰੰਤ ਰੱਦ ਕਰਨਾ ਚਾਹੀਦਾ ਹੈ।ਉਪਰੋਕਤ ਮੰਗ ਕੈਮਿਸਟ ਐਸੋਸੀਏਸ਼ਨ ਗੁਰਦਾਸਪੁਰ ਦੇ ਜ਼ਿਲ੍ਹਾ ਪ੍ਰਧਾਨ ਸਤੀਸ਼ ਕਪੂਰ ਅਤੇ ਜਨਰਲ ਸਕੱਤਰ ਪ੍ਰਭਜਿੰਦਰਾ ਆਨੰਦ ਨੇ ਪੱਤਰਕਾਰਾਂ ਰਾਹੀਂ ਕੇਂਦਰ ਸਰਕਾਰ ਤੋਂ ਕੀਤੀ।ਉਪਰੋਕਤ ਆਗੂਆਂ ਨੇ ਕਿਹਾ ਕਿ ਦਵਾਈਆਂ ਦੀ ਹੋਮ ਡਲਿਵਰੀ ਨਾ ਸਿਰਫ਼ ਲੋਕਾਂ ਦੀ ਸਿਹਤ ਲਈ ਗੰਭੀਰ ਖਤਰਾ ਹੈ, ਸਗੋਂ ਦਵਾਈਆਂ ਦੀ ਵਿਕਰੀ ਵਿੱਚ ਨਿਯਮਾਂ ਦੀ ਅਣਦੇਖੀ ਕਰਨ ਨਾਲ ਸਮਾਜ ਵਿੱਚ ਸਵੈ-ਦਵਾਈ, ਨਸ਼ਾਖੋਰੀ ਅਤੇ ਐਂਟੀਮਾਈਕਰੋਬਾਇਲ ਪ੍ਰਤੀਰੋਧ (ਏਐੱਮਆਰ) ਵਰਗੀਆਂ ਸਮੱਸਿਆਵਾਂ ਵਧਦੀਆਂ ਜਾ ਰਹੀਆਂ ਹਨ।ਆਲ ਇੰਡੀਆ ਆਰਗੇਨਾਈਜ਼ੇਸ਼ਨ ਆਫ ਕੈਮਿਸਟ ਐਂਡ ਡਰੱਗਿਸਟ (ਏਆਈਓਸੀਡੀ) ਨੇ ਇਸ ਨੋਟੀਫਿਕੇਸ਼ਨ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਹੈ।ਉਨ੍ਹਾਂ ਕਿਹਾ ਕਿ ਇਹ ਨੋਟੀਫਿਕੇਸ਼ਨ ਮਾਰਚ 2020 ਵਿੱਚ ਕੋਵਿਡ 19 ਦੇ ਸਮੇਂ ਲਾਗੂ ਕੀਤਾ ਗਿਆ ਸੀ।ਇਸ ਤਹਿਤ ਦਵਾਈਆਂ ਦੀ ਸਪਲਾਈ ਲਈ ਨਿਯਮਾਂ ਵਿੱਚ ਅਸਥਾਈ ਛੋਟ ਦਿੱਤੀ ਗਈ ਸੀ।ਹਾਲਾਂਕਿ ਮਹਾਂਮਾਰੀ ਸੰਕਟ ਖਤਮ ਹੋ ਗਿਆ ਹੈ ਪਰ ਨੋਟੀਫਿਕੇਸ਼ਨ ਅਜੇ ਵੀ ਪ੍ਰਭਾਵੀ ਹੈ, ਜਿਸ ਕਾਰਨ ਔਨਲਾਈਨ ਪਲੇਟਫਾਰਮ ਇਸਦੀ ਦੁਰਵਰਤੋਂ ਕਰ ਰਹੇ ਹਨ ਜਦੋਂ ਕਿ ਨੋਟੀਫਿਕੇਸ਼ਨ ਦਾ ਉਦੇਸ਼ ਅਤੇ ਮੌਜੂਦਾ ਸਥਿਤੀ: ਮਾਰਚ 2020 ਵਿੱਚ ਜਾਰੀ ਕੀਤੀ ਗਈ ਨੋਟੀਫਿਕੇਸ਼ਨ ਬੀਐੱਸਆਰ 200 (ਈ) ਦਾ ਉਦੇਸ਼ ਮਹਾਂਮਾਰੀ ਦੌਰਾਨ ਸਥਾਨਕ ਦਵਾਈਆਂ ਦੇ ਲੋਕਾਂ ਤੱਕ ਪਹੁੰਚਾਉਣਾ ਸੀ।ਹੁਣ ਇਸ ਨੋਟੀਫਿਕੇਸ਼ਨ ਦੀ ਵਰਤੋਂ ਗੈਰ-ਕਾਨੂੰਨੀ ਢੰਗ ਨਾਲ ਦਵਾਈਆਂ ਵੇਚਣ ਲਈ ਕੀਤੀ ਜਾ ਰਹੀ ਹੈ।ਇਨ੍ਹਾਂ ਪਲੇਟਫਾਰਮਾਂ ਦੁਆਰਾ ਬਿਨਾਂ ਵੈਲਿਡ ਪਰਚੀ ਤੋਂ ਦਵਾਈਆਂ ਵੇਚੀਆਂ ਜਾ ਰਹੀਆਂ ਹਨ, ਜੋ ਨਾ ਸਿਰਫ਼ ਨਿਯਮਾਂ ਦੀ ਉਲੰਘਣਾ ਹੈ ਬਲਕਿ ਮਰੀਜ਼ਾਂ ਦੀ ਸੁਰੱਖਿਆ ਨੂੰ ਵੀ ਖਤਰੇ ਵਿੱਚ ਪਾ ਰਹੀ ਹੈ।ਜ਼ਿਲ੍ਹਾ ਪ੍ਰਧਾਨ ਸਤੀਸ਼ ਕਪੂਰ ਅਤੇ ਜਨਰਲ ਸਕੱਤਰ ਪ੍ਰਭਜਿੰਦਰ ਆਨੰਦ ਨੇ ਦੱਸਿਆ ਕਿ ਆਲ ਇੰਡੀਆ ਕੈਮਿਸਟ ਐਂਡ ਡਰੱਗਿਸਟ ਆਰਗੇਨਾਈਜ਼ੇਸ਼ਨ ਵੱਲੋਂ ਵਾਰ-ਵਾਰ ਸਰਕਾਰ ਨੂੰ ਇਨ੍ਹਾਂ ਐਮਰਜੈਂਸੀ ਪ੍ਰਬੰਧਾਂ ਨੂੰ ਵਾਪਸ ਲੈਣ ਦੀ ਅਪੀਲ ਕੀਤੀ ਜਾ ਚੁੱਕੀ ਹੈ, ਫਿਰ ਵੀ ਇਹ ਸਮੱਸਿਆ ਬਰਕਰਾਰ ਹੈ ਅਤੇ ਗੈਰ-ਕਾਨੂੰਨੀ ਈ-ਫਾਰਮੇਸੀਆਂ ਦੀ ਗਿਣਤੀ ਵਧ ਰਹੀ ਹੈ। ਉਨ੍ਹਾਂ ਕਿਹਾ ਕਿ ਆਨਲਾਈਨ ਫਾਰਮੇਸੀ ਦੀ ਕਾਨੂੰਨੀ ਮਾਨਤਾ ਸਬੰਧੀ ਕੇਸ ਹਾਲੇ ਵੀ ਕਈ ਹਾਈ ਕੋਰਟਾਂ ਵਿੱਚ ਵਿਚਾਰ ਅਧੀਨ ਹੈ।

ਪਿੰਡ ਖੁੰਡਾ 'ਚ ਭਾਈ ਲਾਲੋ ਜੀ ਗੁਰਦੁਆਰਾ ਸਾਹਿਬ ਤੋਂ ਨਗਰ ਕੀਰਤਨ ਸਜਾਇਆ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਜੀ ਦੇ ਪ੍ਰਕਾਸ਼ ਪੁਰਬ ਮੌਕੇ ਪਿੰਡ ਖੁੰਡਾ ਵਿਖੇ ਭਾਈ ਲਾਲੋ ਜੀ ਗੁਰਦੁਆਰਾ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਗਿਆ। ਸੁੰਦਰ ਪਾਲਕੀ ਵਿੱਚ ਸ਼ੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛੱਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਇਹ ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਆਰੰਭ ਹੋ ਕੇ ਪਿੰਡ ਦੀਆਂ ਪਰਿਕਰਮਾ ਕਰਦਿਆਂ ਹੋਇਆ ਅਰੰਭਿਕ ਸਥਾਨ 'ਤੇ ਸਮਾਪਤ ਹੋਇਆ। ਨਗਰ ਕੀਰਤਨ ਦਾ ਵੱਖ ਵੱਖ ਥਾਵਾਂ 'ਤੇ ਸ਼ਰਧਾਲੂਆਂ ਵਲੋਂ ਭਰਵਾਂ ਸਵਾਗਤ ਕੀਤਾ ਅਤੇ ਸੰਗਤ ਲਈ ਲੰਗਰ ਲਗਾਏ।

ਨਗਰ ਕੀਰਤਨ ਵਿੱਚ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਕੁਲਜੀਤ ਸਿੰਘ, ਜਨਰਲ ਸਕੱਤਰ ਮਾਸਟਰ ਗੁਰਵਿੰਦਰ ਸਿੰਘ, ਮਨਜੀਤ ਸਿੰਘ ਸੋਖੀ, ਜਰਨੈਲ ਸਿੰਘ, ਸੁਖਬੀਰ ਸਿੰਘ, ਸੂਬੇਦਾਰ ਦੀਦਾਰ ਸਿੰਘ, ਕੁਲਵਿੰਦਰ ਸਿੰਘ, ਸਤਬੀਰ ਸਿੰਘ, ਲਖਬੀਰ ਸਿੰਘ, ਪ੍ਰਤਾਪ ਸਿੰਘ, ਬਾਬਾ ਸਵਿੰਦਰ ਸਿੰਘ, ਭੁਪਿੰਦਰ ਸਿੰਘ ਮਾਨ, ਤਰਲੋਕ ਸਿੰਘ, ਕਸ਼ਮੀਰ ਸਿੰਘ, ਬਲਵਿੰਦਰ ਸਿੰਘ ਫੌਜੀ, ਦਵਿੰਦਰ ਸਿੰਘ, ਭੁਪਿੰਦਰ ਸਿੰਘ ਰਿਕਾ, ਗੁਰਸ਼ਰਨ ਸਿੰਘ ਲਾਡੀ, ਸਤਨਾਮ ਸਿੰਘ, ਬਲਜੀਤ ਪਾਲ ਸਿੰਘ, ਰੂਪ ਸਿੰਘ, ਬਲਕਾਰ ਸਿੰਘ, ਰਵਿੰਦਰ ਸਿੰਘ, ਨਰਿੰਦਰ ਸਿੰਘ, ਦੀਪ ਮਾਨ, ਤਰਸੇਮ ਸਿੰਘ ਆਦਿ ਸਮੇਤ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਾਮਲ ਸਨ।

ਸਰੀਰ ਦੀ ਤੰਦਰੁਸਤੀ ਲਈ ਮੂੰਹ ਦੀ ਖ਼ੂਬਸੂਰਤੀ ਜ਼ਰੂਰੀ : ਡੈਂਟਿਸਟ ਸ਼ੇਰ ਸਿੰਘ

ਸਰਾਏ ਅਮਾਨਤ ਖਾਂ, ਝਬਾਲ (ਮੱਖਣ ਮਨੋਜ)-ਦੰਦ ਮਨੁੱਖੀ ਸਰੀਰ ਦਾ ਅਹਿਮ ਹਿੱਸਾ ਹਨ।ਮੂੰਹ ਦੀ ਖ਼ੂਬਸੂਰਤੀ ਸਰੀਰ ਦੀ ਤੰਦਰੁਸਤੀ ਲਈ ਜ਼ਰੂਰੀ ਹੈ।ਦੰਦਾਂ ਸਾਭ ਸੰਭਾਲ ਬਾਰੇ ਜਾਣਕਾਰੀ ਦਿੰਦਿਆਂ ਵਰਿੰਦਰ ਡੈਂਟਲ ਕਲੀਨਿਕ ਅੰਮ੍ਰਿਤਸਰ ਰੋਡ ਅੱਡਾ ਝਬਾਲ ਦੇ ਡੈਂਟਲ ਸਰਜਨ ਡਾ. ਸ਼ੇਰ ਸਿੰਘ ਨੇ ਦੱਸਿਆ ਕਿ ਦੰਦਾਂ ਦੀ ਸੰਭਾਲ ਲਈ ਰੋਜ਼ਾਨਾ ਸਵੇਰੇ ਤੇ ਸ਼ਾਮ ਖਾਣਾ ਖਾਣ ਤੋਂ ਬਾਅਦ ਦੰਦਾਂ ਦੀ ਸਫ਼ਾਈ ਵਾਸਤੇ ਟੂਥ ਪੇਸਟ ਕਰਨੀ ਚਾਹੀਦੀ ਹੈ। ਟੂਥ ਪੇਸਟ ਕਰਦੇ ਬੁਰਸ਼ ਨੂੰ ਪੈਨਸਲ ਵਾਂਗ ਫੜੋ।ਨਰਮ ਬੁਰਸ਼ ਦੀ ਵਰਤੋਂ ਕਰੋ, ਦੰਦਾਂ ਨੂੰ ਨਾ ਰਗੜੋ, ਦੰਦਾਂ ਦੇ ਵਿਚਕਾਰ ਸਫ਼ਾਈ ਕਰੋ।ਖਾਣਾ ਖਾਣ ਤੋਂ ਬਾਅਦ ਕੁਰਲੀ ਜ਼ਰੂਰ ਕਰੋ।ਉਮਰ ਦੇ ਹਿਸਾਬ ਨਾਲ ਮਸੂੜੇ ਕਮਜ਼ੋਰ ਹੋ ਜਾਂਦੇ ਹਨ ਜੋ ਟੂਥ ਪੇਸਟ ਕੀਤੀ ਜਾਂਦੀ ਹੈ, ਉਸ ਨਾਲ ਮਸੂੜ੍ਹਿਆਂ ਦੀ ਉਂਗਲਾਂ ਨਾਲ ਹਲਕੀ ਮਸਾਜ ਕਰੋ।ਤਾਜ਼ੇ ਫਲ ਵੱਧ ਤੋਂ ਵੱਧ ਖਾਉ।ਕੋਲਡ ਡਰਿੰਕ, ਆਈਸ ਕਰੀਮ, ਜੰਕ ਫੂਡ ਤੇ ਮਿੱਠੇ, ਬਿਸਕੁਟ, ਚੌਕਲੇਟ ਦਾ ਪਰਹੇਜ਼ ਕਰੋ। ਸਤੁੰਲਨ ਭੋਜਨ ਖਾਉ, 6 ਮਹੀਨੇ ਬਾਅਦ ਦੰਦਾਂ ਦੇ ਮਾਹਰ ਡਾਕਟਰ ਨੂੰ ਜ਼ਰੂਰ ਦਿਖਾਉ।ਅਜਿਹਾ ਕਰਨ ਨਾਲ ਤੁਸੀਂ ਦੰਦਾਂ ਦੀਆਂ ਬੀਮਾਰੀਆਂ ਤੋਂ ਬਚ ਸਕੋਗੇ।ਉਨ੍ਹਾਂ ਦੱਸਿਆ ਕਿ ਅਕਸਰ ਕੈਲਸ਼ੀਅਮ ਫ਼ਾਸਟੇਟ ਦੀ ਕਮੀ ਕਾਰਨ ਦੰਦ ਡਿੱਗ ਜਾਂਦੇ ਹਨ ਤੇ ਅਨੇਕਾਂ ਹੋਰ ਦੰਦਾਂ ਦੀਆਂ ਬੀਮਾਰੀਆਂ ਜਿਵੇਂ ਦੰਦਾਂ ਨੂੰ ਕੀੜਾ ਲੱਗਣਾ, ਮਸੂੜ੍ਹਿਆਂ ਦੀ ਸੋਜ, ਦੰਦਾਂ ਨੂੰ ਗਰਮ, ਠੰਢਾ ਲੱਗਣਾ ਆਦਿ ਹਨ।ਦੰਦਾਂ ਦੀ ਦਰਦ ਬਹੁਤ ਭਿਆਨਕ ਹੁੰਦੀ ਹੈ।ਖ਼ਾਸ ਕਰਕੇ ਬੱਚਿਆਂ ਨੂੰ ਦੰਦਾਂ ਦੀ ਸੰਭਾਲ ਵਾਸਤੇ ਉਪਰ ਲਿਖੀਆਂ ਗੱਲਾਂ 'ਤੇ ਅਮਲ ਕਰਨਾ ਚਾਹੀਦਾ ਹੈ।ਇਸੇ ਤਰ੍ਹਾਂ ਸਕੂਲ ਵਿਚ ਵੀ ਬੱਚਿਆਂ ਨੂੰ ਸਿਹਤ ਸੰਭਾਲ ਬਾਰੇ ਜਾਣਕਾਰੀ ਦੇਣੀ ਚਾਹੀਦੀ ਹੈ।

ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁ: ਬਾਉਲੀ ਸਾਹਿਬ ਤੋਂ ਅਲੌਕਿਕ ਨਗਰ ਕੀਰਤਨ ਸਜਾਏ

ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)-ਦਸਮੇਸ਼ ਪਿਤਾ ਧੰਨ-ਧੰਨ ਗੁਰੂ ਗੋਬਿੰਦ ਸਿੰਘ ਜੀ ਦੇ 359ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਵਿਖੇ ਅਲੌਕਿਕ ਨਗਰ ਕੀਰਤਨ ਸਜਾਏ ਗਏ। ਇਸ ਅਵਸਰ ਤੇ ਗੁਰਦੁਆਰਾ ਸਾਹਿਬ ਵਿਖੇ ਰਖਾਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਹੈੱਡ ਗ੍ਰੰਥੀ ਭਾਈ ਗੁਰਮੁੱਖ ਸਿੰਘ ਵੱਲੋਂ ਅਰਦਾਸ ਉਪਰੰਤ ਜੈਕਾਰਿਆਂ ਦੀ ਗੂੰਜ ਵਿੱਚ ਨਗਰ ਕੀਰਤਨ ਦੀ ਆਰੰਭਤਾ ਹੋਈ। ਇਸ ਮੌਕੇ ਮੈਨੇਜਰ ਗੁਰਾ ਸਿੰਘ ਮਾਨ ਵੱਲੋਂ ਪੰਜ ਪਿਆਰਿਆਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਗਤਾਂ ਸਮੇਤ ਨਗਰ ਕੀਰਤਨ ਦੀ ਹਾਜ਼ਰੀ ਭਰ ਰਹੇ ਭੁਪਿੰਦਰ ਸਿੰਘ ਪੰਧ ਵਾਲੇ,ਕੁਲਦੀਪ ਸਿੰਘ ਔਲਖ,ਸਰਪੰਚ ਨਿਰਮਲ ਸਿੰਘ ਢੋਟੀ,ਸ਼ਾਖ਼ਬਾ ਸਰਪੰਚ ਕੁਲਦੀਪ ਸਿੰਘ ਲਹੌਰੀਆ ਨੂੰ ਅਡੀਸ਼ਨ

7-Jan-PAG-12.qxd 1/6/2025 10:36 PM Page 1

ਲਾਇਨ ਕੰਗ ਦੀ ਅਗਵਾਈ ਹੇਠ ਹੋਇਆ 82ਵਾਂ ਮਾਸਿਕ ਰਾਸ਼ਨ ਵੰਡ ਸਮਾਗਮ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ) ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਵਲੋਂ ਬਾਬਾ ਬਾਲਕ ਨਾਥ ਸੇਵਾ ਸੰਮਤੀ ਦੇ ਸਹਿਯੋਗ ਨਾਲ ਸ਼ਿਵ ਸ਼ਕਤੀ ਮਾਤਾ ਮੰਦਰ ਜੋਸ਼ੀਆਂ ਮੁਹੱਲਾ ਫਗਵਾੜਾ ਵਿਖੇ 82ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਹਿਊਮਨ ਰਾਈਟਸ ਕੌਂਸਲ ਦੀ ਕੌਮੀ ਪ੍ਰਧਾਨ ਆਰਤੀ ਰਾਜਪੂਤ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜਦਕਿ ਗੈਸਟ ਆਫ ਆਨਰ ਵਜੋਂ ਨਗਰ ਨਿਗਮ ਫਗਵਾੜਾ ਦੇ ਨਵੇਂ ਚੁਣੇ ਗਏ ਵਾਰਡ ਕੌਂਸਲਰਾਂ ਸੰਜੀਵ ਬੁੱਗਾ, ਮਨੀਸ਼ ਪ੍ਰਭਾਕਰ, ਜਤਿੰਦਰ ਵਰਮਾਨੀ, ਤੇਜਪਾਲ ਬਸਰਾ, ਪ੍ਰਿਤਪਾਲ ਕੌਰ ਤੁਲੀ, ਕੌਂਸਲਰ ਪਤੀ ਸੁਖਦੇਵ ਸਿੰਘ ਕਾਕਾ ਤੋਂ ਇਲਾਵਾ ਸਮਾਜ ਸੇਵਕ ਰਾਮਚੰਦਰ ਅਤੇ ਬੱਬੂ ਮਨੀਲਾ ਨੇ ਆਪਣੀ ਹਾਜ਼ਰੀ ਦਰਜ ਕਰਵਾਈ। ਇਸ ਤੋਂ ਇਲਾਵਾ ਬਾਬਾ ਬਾਲਕ ਨਾਥ ਸੇਵਾ ਸੰਮਤੀ ਦੇ ਸਰਪ੍ਰਸਤ ਧਰਮਪਾਲ ਨਿਸ਼ਚਲ, ਸਰਪ੍ਰਸਤ ਐਸ.ਪੀ. ਬਸਰਾ ਸਮਾਜ ਸੇਵਕ, ਅਧਿਆਪਕ ਆਗੂ ਵਰਿੰਦਰ ਸਿੰਘ ਕੰਬੋਜ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਵਾਈ। ਮੁੱਖ ਮਹਿਮਾਨ ਆਰਤੀ ਰਾਜਪੂਤ ਨੇ 25 ਲੋੜਵੰਦ ਔਰਤਾਂ ਨੂੰ ਇੱਕ ਮਹੀਨੇ ਦਾ ਰਾਸ਼ਨ ਵੰਡਦਿਆਂ ਲਾਇਨ ਗੁਰਦੀਪ ਸਿੰਘ ਕੰਗ ਅਤੇ ਬਾਬਾ ਬਾਲਕ ਨਾਥ ਸੇਵਾ ਸੁਸਾਇਟੀ ਦੇ ਉਪਰਾਲੇ ਦੀ ਸ਼ਲਾਘਾ ਕੀਤੀ।ਸਮਾਜ ਸੇਵੀ ਬੱਬੂ ਮਨੀਲਾ ਅਤੇ ਰਾਮ ਚੰਦਰ ਨੇ ਕਿਹਾ ਕਿ ਆਰਥਿਕ ਤੰਗੀ ਦੇ ਸ਼ਿਕਾਰ, ਬਿਮਾਰਾਂ ਅਤੇ ਬਜ਼ੁਰਗਾਂ ਦੀ ਸੇਵਾ ਕਰਨਾ ਸਮਾਜ ਦੇ ਸਾਰੇ ਯੋਗ ਵਿਅਕਤੀਆਂ ਦਾ ਫਰਜ਼ ਹੈ। ਹਰੇਕ ਵਿਅਕਤੀ ਨੂੰ ਹਰ ਮਹੀਨੇ ਆਪਣੀ ਚੰਗੀ ਕਮਾਈ ਵਿੱਚੋਂ ਕੁਝ ਪੈਸਾ ਲੋੜਵੰਦਾਂ ਦੀ ਮਦਦ ਲਈ ਜ਼ਰੂਰ ਖਰਚ ਕਰਨਾ ਚਾਹੀਦਾ ਹੈ। ਲਾਇਨ ਗੁਰਦੀਪ ਸਿੰਘ ਕੰਗ ਵੱਲੋਂ ਨਵੇਂ ਚੁਣੇ ਗਏ ਨਗਰ ਕੌਂਸਲਰਾਂ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਵੀ ਕੀਤਾ ਗਿਆ।ਸਟੇਜ ਦਾ ਸੰਚਾਲਨ ਲਾਇਨ ਸੁਸ਼ੀਲ ਸ਼ਰਮਾ ਨੇ ਹਮੇਸ਼ਾ ਦੀ ਤਰ੍ਹਾਂ ਬਾਖੂਬੀ ਕੀਤਾ। ਇਸ ਮੌਕੇ ਲੈਕਚਰਾਰ ਹਰਜਿੰਦਰ ਗੋਗਨਾ, ਐਨ.ਆਰ.ਆਈ ਕਰਨ ਸਖੂਜਾ, ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ, ਪੀ.ਆਰ.ਓ. ਲਾਇਨ ਸਤਵਿੰਦਰ ਸਿੰਘ ਭੰਮਰਾ, ਲਾਇਨ ਸੰਜੀਵ ਲਾਂਬਾ, ਲਾਇਨ ਮਨੋਜ ਕੁਮਾਰ, ਲਾਇਨ ਸੁਮਿਤ ਭੰਡਾਰੀ, ਲਾਇਨ ਰਣਧੀਰ ਕਰਵਲ, ਵਿਪਨ ਖੁਰਾਣਾ, ਪਵਨ ਕਲੂਚਾ, ਮਨੀਸ਼ ਕਨਕੌਜੀਆ, ਲਾਇਨ ਸੁਖਬੀਰ ਸਿੰਘ ਕਿੰਨੜਾ, ਸ਼ਿਵ ਸ਼ਕਤੀ ਮਾਤਾ ਮੰਦਰ ਪ੍ਰਧਾਨ ਚੰਚਲ ਸੇਠ, ਡਿਵਾਈਨ ਏਂਜਲ ਵੈਲਫੇਅਰ ਸੁਸਾਇਟੀ ਪ੍ਰਧਾਨ ਨਵਿਤਾ ਛਾਬੜਾ, ਲਾਇਨ ਹਰਮੇਸ਼ ਕੁਮਾਰ ਕੁਲਥਮ, ਲਾਇਨ ਵਿੱਕੀ ਚੁੰਬਰ, ਲਾਇਨ ਵਿਪਨ ਸ਼ਰਮਾ, ਅਸ਼ੋਕ ਬੱਤਰਾ, ਅਮਰਜੀਤ ਸਿੰਘ ਬਘਾਣਾ, ਅਨੂਪ ਦੁੱਗਲ, ਅਸ਼ੀਸ਼, ਗੁਰਦੀਪ ਸਿੰਘ ਤੁਲੀ, ਅਸ਼ਵਨੀ ਕੁਮਾਰ, ਰਮੇਸ਼ ਕਪੂਰ, ਮਨੋਜ ਬੱਤਰਾ, ਗੌਰਵ ਕਪੂਰ ਆਦਿ ਹਾਜ਼ਰ ਸਨ।

ਜਲ ਸਪਲਾਈ ਮੰਤਰੀ ਖਿਲਾਫ਼ 18 ਨੂੰ ਕੀਤਾ ਜਾਵੇਗਾ ਤਿੱਖੇ ਸੰਘਰਸ਼ ਦਾ ਐਲਾਨ-ਮੋਮੀ

ਕਾਲਾ ਸੰਘਿਆਂ (ਮਨਜੀਤ ਮਾਨ) - ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਸਰਕਾਰ ਦੇ ਅਧੀਨ ਚੱਲ ਰਹੀਆਂ ਜਲ ਸਪਲਾਈ ਸਕੀਮਾਂ 'ਤੇ ਫੀਲਡ ਅਤੇ ਦਫਤਰਾਂ 'ਚ ਪਿਛਲੇ 15-20 ਸਾਲਾਂ ਤੋਂ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਅਧਾਰਿਤ ਮੁਲਾਜਮਾਂ ਨੂੰ ਸਬੰਧਤ ਵਿਭਾਗ 'ਚ ਸ਼ਾਮਲ ਕਰਕੇ ਪੱਕੇ ਰੁਜਗਾਰ ਦਾ ਪ੍ਰਬੰਧ ਕਰਨਾ, ਕਿਰਤ ਕਾਨੂੰਨ ਦੇ ਮੁਤਾਬਿਕ ਵਧੀਆ ਉਜਰਤਾਂ ਦੇ ਅਨੁਸਾਰ ਤਨਖਾਹ 'ਚ ਵਾਧਾ ਕਰਨਾ, ਈ.ਪੀ.ਐਫ., ਈ.ਐਸ.ਆਈ. ਅਤੇ ਬੋਨਸ ਲਾਗੂ ਕਰਨਾ, ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਗਾ ਕੇ, ਨਿੱਜੀਕਰਨ/ਪੰਚਾਇਤੀਕਰਨ ਕਰਨ ਦੀਆਂ ਨੀਤੀਆਂ ਨੂੰ ਰੱਦ ਕਰਨਾ ਸਮੇਤਾ 'ਮੰਗ ਪੱਤਰ' ਵਿਚ ਦਰਜ ਹੱਕੀ ਤੇ ਜਾਇਜ ਮੰਗਾਂ ਦਾ ਨਿਪਟਾਰਾ ਕਰਵਾਉਣ ਲਈ ਪੰਜਾਬ ਸਰਕਾਰ ਜਲ ਸਪਲਾਈ ਵਿਭਾਗ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨਾਲ 3 ਦਸੰਬਰ ਨੂੰ ਚੰਡੀਗੜ੍ਹ ਮੀਟਿੰਗ ਹੋਈ ਜਿਸ ਵਿਚ ਕੁਝ ਮੰਗਾਂ 'ਤੇ ਸਹਿਮਤੀ ਬਣੀ ਸੀ। ਸਬੇਬੰਦੀ ਦੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ , ਸੀਨੀਅਰ ਮੀਤ ਪ੍ਰਧਾਨ ਹਾਕਮ ਸਿੰਘ ਧਨੇਠਾ ਵੱਲੋਂ ਇਥੇ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਵਰਕਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਅਤੇ ਇਸਦੇ ਨਾਲ ਹੀ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਅਧੀਨ ਚੱਲ ਰਹੀਆਂ ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਗਾ ਕੇ ਨਿੱਜੀਕਰਨ/ਪੰਚਾਇਤੀਕਰਨ ਵਾਲੀਆਂ ਮਾਰੂ ਨੀਤੀਆਂ ਨੂੰ ਤੇਜ਼ੀ ਨਾਲ ਲਾਗੂ ਕਰਕੇ ਇਨਲਿਸਟਮੈਂਟ/ਆਊਟਸੋਰਸ ਠੇਕਾ ਵਰਕਰਾਂ ਦੇ ਕੱਚੇ ਪਿੱਲੇ ਰੁਜਗਾਰ ਨੂੰ ਖੋਹ ਕੇ ਬੇਰੁਜਗਾਰ ਕਰਨ ਦੀ ਨੀਤੀ ਲਾਗੂ ਕੀਤੀ ਜਾ ਰਹੀ ਹੈ, ਜਿਨ੍ਹਾਂ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਸੰਘਰਸ਼ ਨੂੰ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ 18 ਜਨਵਰੀ ਨੂੰ ਸੂਬਾ ਕਮੇਟੀ ਦੀ ਮੀਟਿੰਗ ਕਰਕੇ ਜਲ ਸਪਲਾਈ ਮੰਤਰੀ ਵਿਰੁੱਧ ਸੰਘਰਸ਼ ਨੂੰ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੂਬਾ ਆਗੂ ਭੁਪਿੰਦਰ ਸਿੰਘ ਕੁਤਬੇਵਾਲ, ਰੁਪਿੰਦਰ ਸਿੰਘ, ਸਤਨਾਮ ਸਿੰਘ ਫਲੀਵਾਲਾ, ਜਸਵੀਰ ਸਿੰਘ ਜਿੰਦਵੜੀ, ਬਲਜੀਤ ਸਿੰਘ ਭੱਟੀ, ਮਨਪ੍ਰੀਤ ਸਿੰਘ, ਜਗਰੂਪ ਸਿੰਘ, ਸੁਰਿੰਦਰ ਸਿੰਘ, ਓਂਕਾਰ ਸਿੰਘ, ਪ੍ਰਦੁਮਣ ਸਿੰਘ, ਤਰਜਿੰਦਰ ਸਿੰਘ ਮਾਨ, ਗੁਰਵਿੰਦਰ ਸਿੰਘ ਬਾਠ, ਜਸਵੀਰ ਸਿੰਘ ਸ਼ੀਰਾ, ਮੇਜਰ ਸਿੰਘ ਮੱਜੂਦ ਸਨ।

ਚੌਂਟਾਲਾ 'ਚ ਗੁਰੂ ਗੋਬਿੰਦ ਸਿੰਘ ਦਾ ਪ੍ਰਕਾਸ਼ ਪੁਰਬ ਮਨਾਇਆ

ਅੱਡਾ ਸਰਾਂ (ਜਸਵੀਰ ਕਾਜਲ)- ਪ੍ਰਗਟਿਉ ਮਰਦ ਅਗੰਮੜਾ ਵਰਿਆਮ ਅਕੇਲਾ ,ਵਾਹੁ ਵਾਹੁ ਗੋਬਿੰਦ ਸਿੰਘ ਆਪੇ ਗੁਰ ਚੇਲਾ , ਦਸਮ ਪਿਤਾ, ਸਰਬੰਸ ਦਾਨੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਪਿੰਡ ਚੌਂਟਾਲਾ ਵਿਖੇ ਸ਼ਰਧਾ ਪੂਰਵਕ ਮਨਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤਰਸੇਮ ਸਿੰਘ ਸੈਕਟਰੀ ਗਸ਼ਪਾਲ ਸਿੰਘ ਅਤੇ ਜਸਬੀਰ ਸਿੰਘ ਨੇ ਦੱਸਿਆ ਕਿ 4 ਜਨਵਰੀ ਤੋਂ ਸ਼੍ਰੀ ਅਖੰਡ ਪਾਠ ਸਾਹਿਬ ਦੇ ਜਾਪ ਆਰੰਭ ਕੀਤੇ ਗਏ ਸਨ, ਜਿਨ੍ਹਾਂ ਦਾ ਭੋਗ 6 ਜਨਵਰੀ ਸਵੇਰ 10 ਵਜੇ ਪਾਉਣ ਉਪਰੰਤ ਪੰਥ ਦੇ ਪ੍ਰਸਿੱਧ ਕਵੀਸ਼ਰੀ ਜੱਥਾ ਭਾਈ ਸੁਰਿੰਦਰ ਸਿੰਘ ਅਜਨਾਲਾ ਨੇ ਆਈਆਂ ਹੋਈਆਂ ਸੰਗਤਾਂ ਨੂੰ ਕਥਾ ਵਿਚਾਰਾਂ , ਕਵੀਸ਼ਰ ਵਾਰਾਂ ਨਾਲ ਸੰਗਤ ਨੂੰ ਗੁਰ ਇਤਿਹਾਸ ਨਾਲ ਜੋੜ ਕੇ ਨਿਹਾਲ ਕੀਤਾ। ਗੁਰਦੇਵ ਸਿੰਘ ਯੂਐਸਏ ਦੇ ਪਰਵਾਰ ਨੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਕੀਤੀ ਤੇ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਘਰ ਦਾ ਸਿਰੋਪਾਓ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ।ਇਸ ਮੌਕੇ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰ ਅਤੇ ਗ੍ਰੰਥੀ ਸੁੱਚਾ ਸਿੰਘ, ਗ੍ਰੰਥੀ ਨਿਰਮਲ ਸਿੰਘ ,ਸਰਪੰਚ ਗੁਰਨਾਮ ਸਿੰਘ ਅਤੇ ਸਮੂਹ ਗ੍ਰਾਮ ਪੰਚਾਇਤ, ਮਾਸਟਰ ਤਰਸੇਮ ਸਿੰਘ, ਮਾਸਟਰ ਪਰਮਜੀਤ ਸਿੰਘ , ਲੰਬੜਦਾਰ ਤਰਸੇਮ ਸਿੰਘ, ਗਸ਼ਪਾਲ ਸਿੰਘ, ਗਿਆਨੀ ਪ੍ਰੀਤਮ ਸਿੰਘ, ਲੰਬੜਦਾਰ ਰੇਸ਼ਮ ਸਿੰਘ ਅਤੇ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

ਪੱਤਰਕਾਰ ਸਮਾਜ ਲਈ ਸ਼ੀਸ਼ੇ ਦੀ ਤਰ੍ਹਾਂ ਕੰਮ ਕਰਦਾ ਹੈ : ਮਾਨ

ਕਾਲਾ ਸੰਘਿਆਂ(ਪ੍ਰੀਤ ਸੰਗੋਜਲਾ , ਮਨਜੀਤ ਮਾਨ) ਜਰਨਲਿਸਟ ਪ੍ਰੈਸ ਕਲੱਬ ਕਲੱਬ ਰਜਿ ਪੰਜਾਬ ਬਲਾਕ ਦੇ ਅਹੁਦੇਦਾਰਾਂ ਦੀ ਇੱਕ ਅਹਿਮ ਮੀਟਿੰਗ ਨਕੋਦਰ ਵਿਖੇ ਜਰਨਲਿਸਟ ਪ੍ਰੈਸ ਕਲੱਬ ਬਲਾਕ ਨਕੋਦਰ ਦੇ ਪ੍ਰਧਾਨ ਗੋਬਿੰਦ ਰਾਏ ਦੀ ਪ੍ਰਧਾਨਗੀ ਹੇਠ ਹੋਈ।

ਇਸ ਮੀਟਿੰਗ ਵਿੱਚ ਪੱਤਰਕਾਰ ਭਾਈਚਾਰੇ ਨੂੰ ਆਉਣ ਵਾਲੀਆਂ ਮੁਸ਼ਕਿਲਾਂ ਬਾਰੇ ਵਿਚਾਰ ਵਟਾਂਦਰਾ ਕਰਨ ਲਈ ਮਨਜੀਤ ਮਾਨ ਸੂਬਾ ਪ੍ਰਧਾਨ ਜਰਨਲਿਸਟ ਪ੍ਰੈਸ ਕਲੱਬ (ਰਜਿ) ਪੰਜਾਬ , ਜੇ ਐਸ ਸੰਧੂ ਸੂਬਾ ਸਰਪ੍ਰਸਤ, ਰਾਕੇਸ਼ ਖੰਨਾ ਸੂਬਾ ਚੇਅਰਮੈਨ, ਪ੍ਰਿਤਪਾਲ ਸਿੰਘ ਸੂਬਾ ਕੋਆਰਡੀਨੇਟਰ, ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ ਕਪੂਰਥਲਾ, ਸੁਖਵਿੰਦਰ ਸੋਹੀ ਜ਼ਿਲ੍ਹਾ ਜਨਰਲ ਸਕੱਤਰ ਕਪੂਰਥਲਾ, ਦਲਜੀਤ ਸਿੰਘ ਸਚਦੇਵਾ ਸੂਬਾ ਵਾਇਸ ਪ੍ਰਧਾਨ, ਰਾਮ ਸਿੰਘ ਭੱਟੀ ਮੁੱਖ ਬੁਲਾਰਾ ਪੰਜਾਬ ਆਦਿ ਨੇ ਸੰਬੋਧਨ ਕੀਤਾ।ਮੀਟਿੰਗ ਵਿੱਚ ਜ਼ਿਲ੍ਹਾ ਕਪੂਰਥਲਾ, ਮਹਿਤਪੁਰ, ਨੂਰਮਹਿਲ ਜਲੰਧਰ, ਨਕੋਦਰ , ਸ਼ਾਹਕੋਟ ਨਾਲ਼ ਸੰਬੰਧਿਤ ਸਮੂਹ ਅਹੁਦੇਦਾਰਾਂ ਅਤੇ ਸੀਨੀਅਰ ਪੱਤਰਕਾਰਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਇਸ ਮੌਕੇ ਪੰਜਾਬ ਦੇ ਨਾਮਵਰ ਗਾਇਕ ਨਵਜੀਤ ਗਿੱਲ ਤੇ ਪ੍ਰਸਿੱਧ ਗੀਤਕਾਰ ਸ਼ਿਵ ਮਾਲੜੀ ਨੇ ਆਪਣੇ ਗੀਤਾਂ ਰਾਹੀਂ ਖੂਬ ਰੰਗ ਬੰਨ੍ਹਿਆ। ਮਨਜੀਤ ਮਾਨ ਨੇ ਕਿਹਾ ਕਿ ਜਰਨਲਿਸਟ ਪ੍ਰੈਸ ਕਲੱਬ (ਰਜਿ) ਪੰਜਾਬ ਪੱਤਰਕਾਰ ਭਾਈਚਾਰੇ ਦੇ ਹੱਕਾਂ ਵਾਸਤੇ ਸੰਘਰਸ਼ ਕਰ ਰਹੀ ਹੈ।ਉਨ੍ਹਾਂ ਨੇ ਮੌਜੂਦਾ ਆਪ ਸਰਕਾਰ ਕੋਲੋਂ ਪੱਤਰਕਾਰਾਂ ਨੂੰ ਬੱਸ ਅਤੇ ਏ ਸੀ ਰੇਲ ਸਫ਼ਰ ,ਪੱਤਰਕਾਰੀ ਦੇ ਖੇਤਰ ਵਿੱਚ 20 ਸਾਲ ਸੇਵਾ ਕਰਨ ਵਾਲੇ ਪੱਤਰਕਾਰ ਸਾਥੀਆਂ ਨੂੰ ਘੱਟੋ-ਘੱਟ 20 ਹਜ਼ਾਰ ਰੁਪਏ ਪੈਨਸ਼ਨ ਦੇਣ ਦੀ ਮੰਗ ਕੀਤੀ। ਪ੍ਰੀਤ ਸੰਗੋਜਲਾ ਨੇ ਕਿਹਾ ਕਿ ਪੱਤਰਕਾਰ ਸਮਾਜ ਲਈ ਸ਼ੀਸ਼ੇ ਦੇ ਤਰ੍ਹਾਂ ਕੰਮ ਕਰਦਾ ਹੈ ਅਤੇ ਸਾਨੂੰ ਆਪਣੇ ਪੇਸ਼ੇ ਪ੍ਰਤੀ ਇਮਾਨਦਾਰੀ ਦਿਖਾਉਣੀ ਚਾਹੀਦੀ ਹੈ ਅਤੇ ਸੱਚ ਤੇ ਹੱਕ ਦੀ ਆਵਾਜ਼ ਨੂੰ ਬੁਲੰਦ ਕਰਨਾ ਚਾਹੀਦਾ ਹੈ।ਇਸ ਦੌਰਾਨ ਸੂਬਾ ਤੇ ਕੇਂਦਰ ਸਰਕਾਰ ਨੂੰ ਪੱਤਰਕਾਰਾਂ ਦੀ ਸੁਰੱਖਿਆ ਨਿਸ਼ਚਿਤ ਕਰਨ ਦੀ ਅਪੀਲ ਕੀਤੀ ਗਈ।ਇਸ ਦੌਰਾਨ ਟੋਟਲ ਇੰਡੀਅਨ ਨਿਊਜ਼ ਦੇ ਚੀਫ ਐਡੀਟਰ ਰੋਬਿਨ ਖੰਨਾ, ਸਰਵਣ ਸਿੰਘ ਸੰਘਾ, ਮਹਿਤਪੁਰ ਤੋਂ ਪ੍ਰਧਾਨ ਅਸ਼ੋਕ ਚੌਹਾਨ, ਬਿਲਗਾ ਅਤੇ ਨੂਰ ਮਹਿਲ ਪ੍ਰਧਾਨ ਵਿਜੇ ਕੁਮਾਰ ਬਾਵਾ, ਤੀਰਥ ਰਾਮ ਰਿਟਾਇਰਡ ਪ੍ਰਿੰਸੀਪਲ ਰਵੀ ਕੁਮਾਰ ਸ਼ਰਮਾ, ਮੋਨੂ ਅਰੋੜਾ, 24 ਗ 2 ਮੀਡੀਆ ਪ੍ਰੈਸ ਕਲੱਬ ਤੋਂ ਪ੍ਰੈਜੀਡੈਂਟ ਸੰਜੀਵ ਸ਼ਰਮਾ ਕੇ ਡੀ ਵਰਲਡ ਰਜੇਸ਼ ਕੁਮਾਰ, ਸੰਜੀਵ ਭਾਰਦਵਾਜ ,ਹਰਪਾਲ ਸਿੰਘ ਜੱਜ ਮਨਜਿੰਦਰ ਸਿੰਘ ,ਜਸਵਿੰਦਰ ਕੁਮਾਰ, ਬਲਵੀਰ ਸਿੰਘ ਸ਼ਾਹ ,ਸਰਬਜੀਤ ਸਿੰਘ, ਦਵਿੰਦਰ ਸਹਿਮ, ਸ਼ਿਵ ਮਾਲੜੀ, ਜਗਦੀਸ਼ ਸਿੰਘ ਮਹੇੜੂ ਰਮੇਸ਼ ਦਾਦਰਾ ਹਰਦੀਪ ਸਿੰਘ ਐਨ ਐਨ ਆਰ ਆਰਮੀ ਤੋਂ ਰਿਟਾਇਰਡ ਅੰਕੁਸ਼ ਸ਼ਰਮਾ ਡਾਕਟਰ ਬਲਵੰਤ ਰਾਏ, ਪਿੰਡ ਚੂਹੜ ਤੋਂ ਨਰਿੰਦਰ ਕੁਮਾਰ ਕੈਮਰਾਮੈਨ ਸ਼ਮੀ ਅਸ਼ਵਨੀ ਕੁਮਾਰ,ਬੰਟੀ, ਆਦਿ ਹਾਜ਼ਰ ਸਨ। 24 ਗ 2 ਮੀਡੀਆ ਪ੍ਰੈਸ ਕਲੱਬ ਵੀ ਜਰਨਲਿਸਟ ਪ੍ਰੈਸ ਕਲੱਬ ਰਜਿ ਪੰਜਾਬ ਵਿੱਚ ਮਰਜ਼ ਹੋ ਗਈ।

ਸੈਣੀ ਸਿੱਖਿਆ ਪ੍ਰਸਾਰ ਸਮਿਤੀ ਨੇ ਮੁੱਖ ਮੰਤਰੀ ਸੈਣੀ ਦਾ ਕੀਤਾ ਸਨਮਾਨ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਸੈਣੀ ਸਿਖਿਆ ਪ੍ਰਸਾਰ ਸਮਿਤੀ , ਸਹਾਰਨਪੁਰ ਉੱਤਰ ਪ੍ਰਦੇਸ਼ ਵੱਲੋਂ ਇਸਲਾਮਨਗਰ ਰਾਮਪੁਰ ਮਨਿਹਾਰਨ ਸਥਿਤ ਮੰਡਪ ਪੈਲੇਸ ਵਿਚ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਸਨਮਾਨ ਵਿਚ ਸ਼ਾਨਦਾਰ ਸਵਾਗਤ ਤੇ ਅਭਿਨੰਦਰ ਸਮਾਰੋਹ ਦਾ ਪ੍ਰਬੰਧ ਕੀਤਾ ਗਿਆ। ਸਮਾਰੋਹ ਵਿਚ ਪਹੁੰਚਣ 'ਤੇ ਮੌਜੂਦ ਹਜਾਰਾਂ ਦੀ ਗਿਣਤੀ ਵਿਚ ਲੋਕਾਂ ਨੇ ਉਨ੍ਹਾਂ ਦਾ ਜੈਕਾਰਿਆਂ ਨਾਲ ਸਵਾਗਤ ਕੀਤਾ। ਇਸ ਮੌਕੇ 'ਤੇ ਰਾਜ ਮੰਤਰੀ ਜਸਵੰਤ ਸਿੰਘ ਤੇ ਭਾਜਪਾ ਅਧਿਕਾਰੀਆਂ ਅਤੇ ਕਾਰਜਕਰਤਾਵਾਂ ਨੇ ਮੁੱਖ ਮੰਤਰੀ ਸੈਣੀ ਨੂੰ ਪੱਗ ਪਹਿਨਾ ਕੇ, ਗੁਰਜ ਤੇ ਸਮ੍ਰਿਤੀ ਚਿੰਨ੍ਹ ਭੇਂਟ ਕਰ ਉਨ੍ਹਾਂ ਦਾ ਸਵਾਗਤ ਕੀਤਾ। ਇਸ ਮੌਕੇ 'ਤੇ ਹਰਿਆਣਾ ਭਾਜਪਾ ਸੂਬਾ ਪ੍ਰਧਾਨ ਮੋਹਨ ਲਾਲ ਬਡੌਲੀ ਵੀ ਮੌਜੂਦ ਰਹੇ।ਸਮਾਰੋਹ ਨੂੰ ਸੰਬੋਧਨ ਕਰਦਿਆਂ

ਸੈਣੀ ਨੇ ਕਿਹਾ ਕਿ ਅੱਜ ਮੈਨੂੰ ਮਾਂ ਸ਼ਕੁੰਭਰੀ ਦੇਵੀ ਅਤੇ ਮਾਂ ਬਾਲਾ ਸੁੰਦਰੀ ਦੀ ਪਵਿੱਤਰ ਚਰਨਾਂ ਵਿਚ ਵਸੀ ਇਸ ਨਗਰੀ ਵਿਚ ਆਉਣ ਦਾ ਮੌਕਾ ਮਿਲਿਆ ਹੈ। ਉਨ੍ਹਾਂ ਨੇ ਕਿਹਾ ਕਿ ਮੈਨੂੰ ਇਸ ਸਨਮਾਨ ਸਮਾਰੋਹ ਵਿਚ ਸੱਦਾ ਦੇ ਕੇ ਸੈਣੀ ਸਿਖਿਆ ਪ੍ਰਸਾਰ ਸਮਿਤੀ ਨੇ ਮੇਰਾ ਮਾਣ ਵਧਾਇਆ ਹੈ। ਉਨ੍ਹਾਂ ਨੇ ਜਨਤਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਮੈਂ ਤੁਹਾਡੇ ਸਵਾਗਤ ਅਤੇ ਅਭਿਨੰਦਨ ਨਾਲ ਬਹੁਤ ਖੁਸ਼ ਹਾਂ ਅਤੇ ਦਿਲ ਤੋਂ ਤੁਹਾਡਾ ਧੰਨਵਾਦ ਕਰਦਾ ਹਾਂ। ਮੁੱਖ ਮੰਤਰੀ ਨੇ ਕਿਹਾ ਕਿ ਸਾਡੇ ਸਮਾਜ ਦਾ ਗੌਰਵਸ਼ਾਲੀ ਇਤਿਹਾਸ ਰਿਹਾ ਹੈ।ਉਨ੍ਹਾਂ ਨੇ ਕਿਹਾ ਕਿ ਜਨਤਾ ਨੇ ਮੈਨੂੰ ਜੋ ਸਨਮਾਨ ਦੀ ਪੱਗ ਦਿੱਤੀ ਹੈ, ਮੈਂ ਉਸ ਦਾ ਸਨਮਾਨ ਕਦੀ ਘੱਟ ਨਹੀਂ ਹੋਣ ਦਵਾਂਗਾਂ। ਮੈਂ ਸਮਾਜ ਦੇ ਗੌਰਵ ਨੂੰ ਵਧਾਉਣ ਦ